ਬੁੱਧਵਾਰ, 9 ਨਵੰਬਰ, 2022
24 ਕੱਤਕ { ਨਾਨਕਸ਼ਾਹੀ 554 / ਬਿਕਰਮੀ 2079
ਜਿਲਦ/VOL. : 71
ਅੰਕ/NO. : 159

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 9 NOVEMBER, 2022
ਜਲੰਧਰ
nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

## ਆਨੰਦ ਮੈਰਿਜ ਐਕਟ ਲਾਗੂ ਕਰਾਂਗੇ : ਮਾਨ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਪਾਵਨ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮੰਗਲਵਾਰ ਨੂੰ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਐਲਾਨ ਕੀਤਾ ਕਿ ਆਨੰਦ ਮੈਰਿਜ ਐਕਟ ਨੂੰ ਇਨ-ਬਿਨ ਲਾਗੂ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਇਸ ਐਕਟ ਨੂੰ 2016 ਵਿੱਚ ਨੋਟੀਫਾਈ ਕੀਤਾ ਗਿਆ ਸੀ, ਪਰ ਉਦੋਂ ਤੋਂ ਇਹ ਲਟਕ ਰਿਹਾ ਹੈ। ਉਨ੍ਹਾ ਕਿਹਾ ਕਿ ਭਾਵੇਂ ਕਈ ਹੋਰ ਰਾਜ ਪਹਿਲਾਂ ਹੀ ਇਸ ਐਕਟ ਨੂੰ ਲਾਗੂ ਕਰ ਚੁੱਕੇ ਹਨ, ਪਰ ਪੰਜਾਬ ਇਸ ਤੋਂ ਪਛੜ ਗਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਇਸ ਐਕਟ ਨੂੰ ਹੁਣ ਸਹੀ ਮਾਅਨਿਆਂ ਵਿੱਚ ਲਾਗੂ ਕੀਤਾ ਜਾਵੇਗਾ। ਮੁੱਖ ਮੰਤਰੀ ਤਖਤ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਉਨ੍ਹਾ ਅਰਦਾਸ ਕੀਤੀ ਕਿ ਸੂਬੇ ਵਿੱਚ ਫਿਰਕੂ ਸਾਂਝ, ਸ਼ਾਂਤੀ ਅਤੇ ਭਾਈਚਾਰੇ ਦੀਆਂ ਭਾਵਨਾਵਾਂ ਹਰ ਲੰਘਦੇ ਦਿਨ ਨਾਲ ਜ਼ਿਆਦਾ ਮਜ਼ਬੂਤ ਹੋਣ ਅਤੇ ਪੰਜਾਬ ਹਰ ਖੇਤਰ ਵਿੱਚ ਦੇਸ਼ ਦੀ ਅਗਵਾਈ ਕਰੇ। ਪ੍ਰਕਾਸ਼ ਪੁਰਬ ਦੇ ਸ਼ੁਭ ਮੌਕੇ 'ਤੇ ਸੰਗਤ ਨੂੰ ਹਾਰਦਿਕ ਵਧਾਈ ਦਿੰਦੇ ਹੋਏ ਉਨ੍ਹਾ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਇੱਕ ਮਹਾਨ ਅਧਿਆਤਮਕ ਆਗੂ ਸਨ, ਜਿਨ੍ਹਾ ਮਨੁੱਖਤਾ ਨੂੰ ਪਰਮਾਤਮਾ ਦੀ ਭਗਤੀ ਰਾਹੀਂ ਮੁਕਤੀ ਪ੍ਰਾਪਤ ਕਰਨ ਦਾ ਰਾਹ ਦਿਖਾਇਆ। ਮਾਨ ਨੇ ਕਿਹਾ ਕਿ ਗੁਰੂ ਜੀ ਦੀਆਂ 'ਕਿਰਤ ਕਰੋ, ਨਾਮ ਜਪੋ ਅਤੇ ਵੰਡ ਛਕੋ' ਦੀਆਂ ਸਦੀਵੀ ਸਿੱਖਿਆਵਾਂ ਅਜੋਕੇ ਪਦਾਰਥਵਾਦੀ ਸਮਾਜ ਵਿੱਚ ਵੀ

ਪ੍ਰਸੰਗਿਕ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਜਾਤ-ਪਾਤ ਰਹਿਤ ਸਮਾਜ ਦੀ ਕਲਪਨਾ ਕੀਤੀ ਸੀ, ਤਾਂ ਕਿ ਦੁਖੀ ਮਨੁੱਖਤਾ ਨੂੰ ਤਕਲੀਫਾਂ ਤੋਂ ਮੁਕਤ ਕਰਵਾਇਆ ਜਾ ਸਕੇ। ਉਨ੍ਹਾ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਮਨੁੱਖਤਾ ਨੂੰ ਨਵੇਂ ਵਿਚਾਰਾਂ, ਆਦਰਸ਼ਾਂ ਅਤੇ ਜਗਿਆਸਾਵਾਂ ਨਾਲ ਪ੍ਰੇਰਿਤ ਕੀਤਾ ਅਤੇ ਪਾਖੰਡ, ਝੂਠ, ਫਰੇਬ ਅਤੇ ਜਾਤ-ਪਾਤ ਦੀਆਂ ਬੁਰਾਈਆਂ ਤੋਂ ਛੁਟਕਾਰਾ ਪਾਉਣ ਦਾ ਸੱਦਾ ਦਿੱਤਾ। ਉਹਨਾ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਮਹਾਨ ਗੁਰੂ ਦੁਆਰਾ ਦਰਸਾਈ ਸੇਵਾ ਅਤੇ ਨਿਮਰਤਾ ਦੀ ਭਾਵਨਾ ਨੂੰ ਅਪਨਾਉਣ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਡਮੁੱਲੀ ਵਿਰਾਸਤ 'ਤੇ ਚੱਲਦਿਆਂ ਸ਼ਾਂਤਮਈ, ਖੁਸ਼ਹਾਲ ਅਤੇ ਨਰੋਏ ਸਮਾਜ ਦੀ ਸਿਰਜਣਾ ਲਈ ਤਨਦੇਹੀ ਨਾਲ ਯਤਨ ਕਰਨ। ਮੁੱਖ ਮੰਤਰੀ ਨੇ ਲੋਕਾਂ ਨੂੰ ਇਸ ਪਵਿੱਤਰ ਮੌਕੇ ਨੂੰ ਜਾਤ, ਰੰਗ, ਨਸਲ ਅਤੇ ਧਰਮ ਦੇ ਭੇਦਭਾਵ ਤੋਂ ਉਪਰ ਉੱਠ ਕੇ ਪੂਰੀ ਸ਼ਰਧਾ ਅਤੇ ਲਗਨ ਨਾਲ ਮਨਾਉਣ ਦਾ ਸੱਦਾ ਦਿੱਤਾ। ਉਨ੍ਹਾ ਕਿਹਾ ਕਿ ਆਪਣੀਆਂ ਉਦਾਸੀਆਂ ਕਾਰਨ ਸੰਸਾਰ ਭਰ ਵਿੱਚ ਜਗਤ ਗੁਰੂ ਵਜੋਂ ਸਤਿਕਾਰੇ ਜਾਂਦੇ ਗੁਰੂ ਨਾਨਕ ਦੇਵ ਜੀ ਨੇ ਫਿਰਕੂ ਸਾਂਝ ਅਤੇ ਭਾਈਚਾਰਕ ਤੰਦਾਂ ਨੂੰ ਮਜ਼ਬੂਤ ਕਰਨ ਦਾ ਪ੍ਰਚਾਰ ਕੀਤਾ।

ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣੀਆਂ ਸਿੱਖਿਆਵਾਂ ਰਾਹੀਂ ਮੁਗਲ ਬਾਦਸ਼ਾਹ ਬਾਬਰ ਦੇ ਹਮਲੇ ਸਮੇਂ ਜ਼ੁਲਮ, ਅਨਿਆਂ ਅਤੇ ਅੱਤਿਆਚਾਰ ਦਾ ਡਟ ਕੇ ਵਿਰੋਧ ਕੀਤਾ। ਗੁਰਬਾਣੀ ਦੀ ਤੁਕ 'ਪਵਣੁ ਗੁਰੂ ਪਾਣੀ ਪਿਤਾ, ਮਾਤਾ ਧਰਤਿ ਮਹਤੁ' ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਗੁਰੂ ਜੀ ਨੇ ਹਵਾ ਨੂੰ ਗੁਰੂ, ਪਾਣੀ ਨੂੰ ਪਿਤਾ ਅਤੇ ਧਰਤ ਦੀ ਮਾਤਾ ਨਾਲ ਤੁਲਨਾ ਕੀਤੀ ਹੈ।

ਗੁਰੂ ਜੀ ਦੀ ਦੂਰਅੰਦੇਸ਼ ਸੋਚ ਦਾ ਪਤਾ ਇਸ ਗੱਲੋਂ ਲੱਗਦਾ ਹੈ ਕਿ ਉਨ੍ਹਾ ਉਸ ਸਮੇਂ ਲੋਕਾਂ ਨੂੰ ਵਾਤਾਵਰਨ ਦੀ ਸੰਭਾਲ ਦਾ ਉਪਦੇਸ਼ ਦਿੱਤਾ ਸੀ, ਜਦੋਂ ਹਵਾ ਪ੍ਰਦੂਸ਼ਣ ਕਿਤੇ ਵੀ ਨਹੀਂ ਸੀ। ਉਨ੍ਹਾ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨਾਰੀ ਸ਼ਕਤੀਕਰਨ ਅਤੇ ਸਮਾਜ ਵਿੱਚ ਔਰਤਾਂ ਨੂੰ ਬਰਾਬਰੀ ਦਾ ਦਰਜਾ ਦੇਣ ਦੇ ਪੱਕੇ ਪੈਰੋਕਾਰ ਸਨ।

## ਭਾਰਤ-ਰੂਸ ਸੰਬੰਧ ਪ੍ਰੀਖਿਆ 'ਚ ਖਰੇ ਉਤਰੇ : ਜੈਸ਼ੰਕਰ

**ਮਾਸਕੋ** : ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਮੰਗਲਵਾਰ ਮਾਸਕੋ ਵਿਚ ਆਪਣੇ ਰੂਸੀ ਹਮਰੁਤਬਾ ਸਰਗੇਈ ਲਾਵਰੋਵ ਨਾਲ ਗੱਲਬਾਤ ਕੀਤੀ ਅਤੇ ਕਿਹਾ ਕਿ ਭਾਰਤ-ਰੂਸ ਸੰਬੰਧ ਅਸਾਧਾਰਨ ਤੌਰ 'ਤੇ ਮਜ਼ਬੂਤ ਸਾਬਤ ਹੋਏ ਹਨ ਤੇ ਸਮੇਂ ਦੀ ਪ੍ਰੀਖਿਆ 'ਚ ਖਰੇ ਉਤਰੇ ਹਨ। ਉਨ੍ਹਾ ਇਹ ਵੀ ਕਿਹਾ ਕਿ ਆਰਥਕ ਸਹਿਯੋਗ ਹੋਰ ਵਧਾਉਣ ਲਈ ਹੁਣ ਦੋਵਾਂ ਦੇਸ਼ਾਂ ਨੂੰ ਧਿਆਨ ਕੇਂਦਰਤ ਕਰਨਾ ਚਾਹੀਦਾ ਹੈ।

ਜਦੋਂ ਤੂੰ ਬਾਤ ਪਾਵੇਂਗਾ,
ਹੁੰਗਾਰਾ ਲੋਕ ਦੇਵਣਗੇ।

ਅਧਿਆਪਕ ਲਹਿਰ ਦੇ ਉਸਰੱਈਏ ਅਤੇ ਕਮਿਊਨਿਸਟ ਆਗੂ
ਕਾਮਰੇਡ ਰਣਧੀਰ ਸਿੰਘ ਗਿੱਲ
ਦਾ
ਸ਼ਰਧਾਂਜਲੀ ਸਮਾਗਮ
10 ਨਵੰਬਰ 2022
ਸਵੇਰੇ 11 ਵਜੇ ਤੋਂ ਦੁਪਹਿਰੇ 2 ਵਜੇ ਤੱਕ।
ਧਵਨ ਪੈਲਸ
ਕੋਟਕਪੂਰਾ ਚੌਕ, ਜੀ.ਟੀ.ਰੋਡ ਮੋਗਾ।
ਵੱਲੋਂ :-
ਸਮੂਹ ਗਿੱਲ ਪਰਿਵਾਰ
ਅਤੇ ਭਾਰਤੀ ਕਮਿਊਨਿਸਟ ਪਾਰਟੀ,
ਮੋਗਾ।
ਫ਼ੋਨ ਨੰ 98140 38380, 9417422012

## ਰੋਹਿਤ ਸ਼ਰਮਾ ਫੱਟੜ

**ਐਡੀਲੇਡ** : ਅਭਿਆਸ ਦੌਰਾਨ ਕਪਤਾਨ ਰੋਹਿਤ ਸ਼ਰਮਾ ਦੀ ਬਾਂਹ 'ਤੇ ਸੱਟ ਲੱਗਣ ਕਾਰਨ ਇੰਗਲੈਂਡ ਖਿਲਾਫ ਟੀ-20 ਵਿਸ਼ਵ ਕੱਪ ਸੈਮੀਫਾਈਨਲ ਤੋਂ ਪਹਿਲਾਂ ਭਾਰਤ ਦੀ ਚਿੰਤਾ ਵਧ ਗਈ ਹੈ। ਰੋਹਿਤ ਸ਼ਾਰਟ-ਪਿੱਚ ਗੇਂਦ 'ਤੇ ਪੁਲ ਸ਼ਾਟ ਖੇਡਣ 'ਚ ਖੁੰਝ ਗਿਆ ਅਤੇ ਗੇਂਦ ਤੇਜ਼ੀ ਨਾਲ ਉਸ ਦੀ ਬਾਂਹ 'ਤੇ ਲੱਗੀ। ਉਸ ਨੇ ਤੁਰੰਤ ਅਭਿਆਸ ਛੱਡ ਦਿੱਤਾ।

## ਫੈਸਲਾ ਹੁਣ 14 ਨੂੰ

**ਵਾਰਾਨਸੀ** : ਗਿਆਨਵਾਪੀ-ਸ੍ਰੀਸ਼ਿੰਗਾਰ ਗੌਰੀ ਕੰਪਲੈਕਸ ਵਿਚ ਵੀਡੀਓਗ੍ਰਾਫੀ ਸਰਵੇਖਣ ਦੌਰਾਨ ਮਿਲੇ ਕਥਿਤ ਸ਼ਿਵਲਿੰਗ ਦੀ ਪੂਜਾ ਕਰਨ ਦੀ ਇਜਾਜ਼ਤ ਮੰਗਣ ਵਾਲੀ ਅਤੇ ਇਮਾਰਤ ਵਿਚ ਮੁਸਲਮਾਨਾਂ ਦੇ ਦਾਖਲੇ ਦੀ ਮਨਾਹੀ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਸੁਣਵਾਈ ਕਰਨ ਜਾਂ ਨਾ ਕਰਨ ਦਾ ਫੈਸਲਾ ਇਥੋਂ ਦੀ ਫਾਸਟ ਟਰੈਕ ਅਦਾਲਤ ਹੁਣ 14 ਨਵੰਬਰ ਨੂੰ ਸੁਣਾਏਗੀ। ਪਹਿਲਾਂ ਮੰਗਲਵਾਰ ਫੈਸਲਾ ਸੁਣਾਏ ਜਾਣ ਦੀ ਉਮੀਦ ਸੀ, ਪਰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਛੁੱਟੀ ਆ ਗਈ।

## 576 ਭਾਸ਼ਾਵਾਂ ਤੇ ਬੋਲੀਆਂ ਦਾ ਮਾਤ ਭਾਸ਼ਾ ਸਰਵੇਖਣ ਪੂਰਾ

**ਨਵੀਂ ਦਿੱਲੀ** : ਗ੍ਰਹਿ ਮੰਤਰਾਲੇ ਨੇ ਦੇਸ਼ ਭਰ ਦੀਆਂ 576 ਭਾਸ਼ਾਵਾਂ ਅਤੇ ਬੋਲੀਆਂ ਦਾ ਮਾਤ ਭਾਸ਼ਾ ਸਰਵੇਖਣ ਸਫਲਤਾਪੂਰਵਕ ਪੂਰਾ ਕਰ ਲਿਆ ਹੈ। ਗ੍ਰਹਿ ਮੰਤਰਾਲੇ ਦੀ 2021-22 ਦੀ ਸਲਾਨਾ ਰਿਪੋਰਟ ਅਨੁਸਾਰ ਦੇਸ਼ ਦੀ ਹਰ ਮਾਤ ਭਾਸ਼ਾ ਦੇ ਅਸਲ ਰੂਪ ਨੂੰ ਸੁਰੱਖਿਅਤ ਰੱਖਣ ਤੇ ਉਸ ਦਾ ਵਿਸ਼ਲੇਸ਼ਣ ਕਰਨ ਲਈ ਰਾਸ਼ਟਰੀ ਸੂਚਨਾ ਵਿਗਿਆਨ ਕੇਂਦਰ ਵਿਖੇ ਇੱਕ 'ਵੈੱਬ' ਆਰਕਾਈਵ ਸਥਾਪਤ ਕਰਨ ਦੀ ਯੋਜਨਾ ਹੈ।

## ਦਵਿੰਦਰ ਪਾਲ ਨੂੰ ਡੂੰਘਾ ਸਦਮਾ

**ਚੰਡੀਗੜ੍ਹ** : ਪੰਜਾਬੀ ਟ੍ਰਿਬਿਊਨ ਦੇ ਸੀਨੀਅਰ ਪੱਤਰਕਾਰ ਦਵਿੰਦਰ ਪਾਲ ਦੇ ਛੋਟੇ ਬੇਟੇ ਅਰਸ਼ ਸ਼ਰਮਾ (25), ਜਿਸ ਦੀ ਮੰਗਲਵਾਰ ਵੱਡੇ ਤੜਕੇ ਫਗਵਾੜਾ ਨੇੜੇ ਸੜਕ ਹਾਦਸੇ 'ਚ ਮੌਤ ਹੋ ਗਈ ਸੀ, ਦਾ ਅੰਤਮ ਸੰਸਕਾਰ ਮੰਗਲਵਾਰ ਬਾਅਦ ਦੁਪਹਿਰ ਸੈਕਟਰ 25 ਦੇ ਸ਼ਮਸ਼ਾਨਘਾਟ 'ਚ ਕੀਤਾ ਗਿਆ। ਇਸ ਮੌਕੇ ਪੱਤਰਕਾਰ, ਅਧਿਕਾਰੀ, ਸਿਆਸਤਦਾਨ ਅਤੇ ਸਮਾਜਕ ਤੇ ਹੋਰ ਜਥੇਬੰਦੀਆਂ ਦੇ ਪ੍ਰਤੀਨਿਧੀ ਵੱਡੀ ਗਿਣਤੀ 'ਚ ਹਾਜ਼ਰ ਸਨ।

## ਅੰਮ੍ਰਿਤਸਰ ਦੇ ਪੁਲਸ ਕਮਿਸ਼ਨਰ ਨੂੰ ਮੁਅੱਤਲ ਕੀਤਾ ਜਾਵੇ : ਬਾਜਵਾ

**ਚੰਡੀਗੜ੍ਹ** : ਸੀਨੀਅਰ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਅੰਮ੍ਰਿਤਸਰ ਦੇ ਪੁਲਸ ਕਮਿਸ਼ਨਰ ਅਰੁਣ ਪਾਲ ਸਿੰਘ ਨੂੰ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਬੂ ਕਰਨ 'ਚ ਨਾਕਾਮ ਰਹਿਣ 'ਤੇ ਤੁਰੰਤ ਮੁਅੱਤਲ ਕਰਨ ਦੀ ਮੰਗ ਕੀਤੀ ਹੈ।

ਬਾਜਵਾ ਨੇ ਅੰਮ੍ਰਿਤਸਰ ਜ਼ਿਲ੍ਹੇ 'ਚ ਤਾਇਨਾਤ ਆਬਕਾਰੀ ਅਧਿਕਾਰੀਆਂ ਖਿਲਾਫ ਵੀ ਕਾਰਵਾਈ ਦੀ ਮੰਗ ਕੀਤੀ। ਉਨ੍ਹਾ ਕਿਹਾ ਕਿ ਗੁੰਡਿਆਂ ਦੇ ਇਕ ਸਮੂਹ ਵੱਲੋਂ ਐਨ ਆਰ ਆਈ ਵਿਆਹ ਸਮਾਗਮ 'ਚ ਦਾਖਲ ਹੋ ਕੇ ਸਥਾਨਕ ਸ਼ਰਾਬ ਦੇ ਠੇਕੇਦਾਰਾਂ ਦੇ ਕਹਿਣ 'ਤੇ ਸ਼ਰਾਬ ਖੋਹਣ ਦੀ ਕੋਸ਼ਿਸ਼ ਕੀਤੀ। ਕੀ ਇਸ ਤਰੀਕੇ ਨਾਲ ਆਮ ਆਦਮੀ ਪਾਰਟੀ ਪ੍ਰਵਾਸੀ ਭਾਰਤੀਆਂ ਤੋਂ ਨਿਵੇਸ਼ ਆਕਰਸ਼ਤ ਕਰਨ ਦਾ ਟੀਚਾ ਪੂਰਾ ਕਰ ਸਕਦੀ ਹੈ।

ਬਾਜਵਾ ਨੇ ਕਿਹਾ ਕਿ 4 ਨਵੰਬਰ ਅੰਮ੍ਰਿਤਸਰ ਵਿਚ ਇੱਕ ਵਿਅਕਤੀ ਬਿਨਾਂ ਡਰ ਦੇ ਲੋਡਿਡ ਰਿਵਾਲਵਰ ਲੈ ਕੇ ਆਇਆ ਅਤੇ ਦਿਨ-ਦਿਹਾੜੇ ਕਤਲ ਕਰ ਦਿੱਤਾ। ਡੀ ਐਸ ਪੀ ਰੈਂਕ ਦੇ ਅਧਿਕਾਰੀ ਅਤੇ ਇੰਸਪੈਕਟਰ ਸਮੇਤ ਪੁਲਸਮੈਨ ਮੌਜੂਦ ਸੀ ਪਰ ਜਾਨ ਬਚਾਉਣ ਲਈ ਕੋਈ ਵੀ ਕੋਸ਼ਿਸ਼ ਕਰਦਾ ਨਜ਼ਰ ਨਹੀਂ ਆਇਆ।

## ਪਤਨੀ ਨਾਲ ਕਲੇਸ਼ ਤੋਂ ਬਾਅਦ...

**ਫਿਰੋਜ਼ਪੁਰ** : ਨੌਜਵਾਨ ਨੇ ਆਪਣੇ ਭਰਾ, ਭਤੀਜੇ ਅਤੇ ਬੇਟੀ ਸਣੇ ਕਾਰ ਮੰਗਲਵਾਰ ਸਵੇਰੇ ਕਰੀਬ 10 ਵਜੇ ਰਾਜਸਥਾਨ ਫ਼ੀਡਰ ਵਿਚ ਸੁੱਟ ਦਿੱਤੀ। ਪੁਲਸ ਗੋਤਾਖੋਰਾਂ ਦੀ ਮਦਦ ਨਾਲ ਕਾਰ ਲੱਭਣ ਦੀ ਕੋਸ਼ਿਸ਼ ਕਰ ਰਹੀ ਸੀ। ਮੁਹੱਲਾ ਬੁਧਵਾਰਾਂ ਦੇ ਟੈਕਸੀ ਚਲਾਉਣ ਵਾਲੇ ਜਸਵਿੰਦਰ ਸਿੰਘ ਉਰਫ ਰਾਜੂ (33) ਦਾ ਪਤਨੀ ਨਾਲ ਕੁਝ ਸਮੇਂ ਤੋਂ ਕਲੇਸ਼ ਚੱਲ ਰਿਹਾ ਸੀ ਤੇ ਪਤਨੀ ਘਰ ਛੱਡ ਕੇ ਚਲੀ ਗਈ ਸੀ। ਉਸ ਨੇ ਆਪਣੇ ਅਪਾਹਜ ਭਰਾ ਹਰਪ੍ਰੀਤ ਉਰਫ ਬੰਟੂ, ਭਤੀਜੇ ਅਗਮ (11) ਅਤੇ ਬੇਟੀ ਗੁਰਲੀਨ ਕੌਰ (11) ਨੂੰ ਆਰਟਿਗਾ ਵਿਚ ਬਿਠਾਇਆ ਤੇ ਇਥੋਂ ਕਰੀਬ ਪੰਦਰਾਂ ਕਿਲੋਮੀਟਰ ਦੂਰ ਪਿੰਡ ਘੱਲ ਖੁਰਦ ਵਿਚੋਂ ਲੰਘਦੀ ਰਾਜਸਥਾਨ ਫੀਡਰ ਵਿਚ ਗੱਡੀ ਸੁੱਟ ਦਿੱਤੀ।

## ਛੇ ਗੋਲੀਆਂ ਮਾਰੀਆਂ

ਲੁਧਿਆਣਾ : ਸਮਰਾਲਾ ਦੇ ਪਿੰਡ ਬਲੀਆਂ 'ਚ ਸੋਮਵਾਰ ਰਾਤ ਦਿਨੇਸ਼ ਭਾਰਦਵਾਜ ਦੇ ਛੇ ਗੋਲੀਆਂ ਲੱਗੀਆਂ ਅਤੇ ਉਸ ਦੀ ਹਾਲਤ ਗੰਭੀਰ ਸੀ। ਪੁਰਾਣੀ ਦੁਸ਼ਮਣੀ ਵਿਚ ਸਿੰਮੀ ਤੇ ਉਸ ਦੇ ਸਾਥੀਆਂ ਨੇ ਉਸ ਨੂੰ ਪਿੰਡ ਦੇ ਬੱਸ ਸਟਾਪ 'ਤੇ ਘੇਰ ਲਿਆ ਤੇ ਕਥਿਤ ਤੌਰ 'ਤੇ ਗੋਲੀਆਂ ਮਾਰ ਕੇ ਫਰਾਰ ਹੋ ਗਏ।

## ਘੱਟੋ-ਘੱਟ ਉਜਰਤ 26000 ਰੁਪਏ ਲਈ ਸਮੁੱਚੀਆਂ ਟਰੇਡ ਯੂਨੀਅਨਾਂ ਨੂੰ ਇਕਜੁੱਟ ਹੋਣ ਦਾ ਸੱਦਾ

**ਜਲੰਧਰ** : ਸੈਂਟਰ ਆਫ ਟਰੇਡ ਯੂਨੀਅਨਜ਼ (ਸੀ ਟੀ ਯੂ) ਪੰਜਾਬ ਵੱਲੋਂ ਦੇਸ਼ ਭਗਤ ਯਾਦਗਾਰ ਕੰਪਲੈਕਸ ਵਿਖੇ ਸ਼ਹੀਦ ਵਿਸ਼ਣੂ ਗਣੇਸ਼ ਪਿੰਗਲੇ ਹਾਲ ਵਿੱਚ ਸੀ ਟੀ ਯੂ ਦੇ ਪ੍ਰਧਾਨ ਵਿਜੇ ਮਿਸ਼ਰਾ ਦੀ ਪ੍ਰਧਾਨਗੀ ਹੇਠ ਕੇਂਦਰ ਅਤੇ ਪੰਜਾਬ ਸਰਕਾਰ ਦੇ ਮਜ਼ਦੂਰ ਵਿਰੋਧੀ ਫੈਸਲਿਆਂ ਦੇ ਖਿਲਾਫ, ਮਜ਼ਦੂਰਾਂ ਦੀਆਂ ਮੁੱਖ ਮੰਗਾਂ ਅਤੇ ਪੇਸ਼ ਆ ਰਹੀਆਂ ਬਹੁਤ ਸਾਰੀਆਂ ਮੁਸ਼ਕਲਾਂ ਨੂੰ ਲੈ ਕੇ ਸੂਬਾਈ ਨੁਮਾਇੰਦਾ ਕਨਵੈਨਸ਼ਨ ਦਾ ਆਯੋਜਨ ਕੀਤਾ ਗਿਆ। ਮਹਾਨ ਅਕਤੂਬਰ ਕ੍ਰਾਂਤੀ ਨੂੰ ਸਮਰਪਤ ਸੂਬਾਈ ਕਨਵੈਨਸ਼ਨ ਵਿਚ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਮੰਗਤ ਰਾਮ ਪਾਸਲਾ ਨੇ ਕਿਹਾ ਕਿ 7 ਨਵੰਬਰ, 1917 ਨੂੰ ਰੂਸ ਵਿੱਚ ਮਜ਼ਦੂਰ ਜਮਾਤ ਦੀ ਅਗਵਾਈ ਵਿਚ ਦੁਨੀਆ ਦਾ ਪਹਿਲਾ ਕਿਰਤੀ ਰਾਜ ਹੋਂਦ ਵਿੱਚ ਆਇਆ ਸੀ, ਜਿਸ ਨੇ ਉੱਥੋਂ ਦੀ ਜ਼ਾਰਸ਼ਾਹੀ ਦੇ ਜ਼ੁਲਮਾਂ ਅਤੇ ਪੂੰਜੀਵਾਦੀ ਲੁੱਟ ਦਾ ਖਾਤਮਾ ਕਰਕੇ ਕਿਰਤੀਆਂ ਦੇ ਬੁਨਿਆਦੀ ਮਸਲੇ ਹੱਲ ਕੀਤੇ ਸਨ, ਸਾਨੂੰ ਭਾਰਤੀਆਂ ਨੂੰ ਆਪਣੇ ਦੇਸ਼ ਦੇ ਹਾਲਾਤ ਨੂੰ ਸਮਝਦਿਆਂ ਹੋਇਆਂ ਆਰਥਕ ਤੇ ਸਮਾਜਕ ਨਾ ਬਰਾਬਰੀ, ਵਿਚਾਰਧਾਰਕ ਅਤੇ ਫਿਰਕੂ ਫਾਸ਼ੀਵਾਦ ਖਤਰਿਆਂ ਦੇ ਖਿਲਾਫ਼ ਇਕੱਠੇ ਹੋ ਕੇ ਸੰਘਰਸ਼ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਸੀ ਟੀ ਯੂ ਪੰਜਾਬ ਪ੍ਰਧਾਨ ਵਿਜੇ ਮਿਸ਼ਰਾ, ਜਨਰਲ ਸਕੱਤਰ ਨੱਥਾ ਸਿੰਘ ਢਡਵਾਲ, ਭਰਾਤਰੀ ਜਥੇਬੰਦੀਆਂ ਏਟਕ ਦੇ ਸਕੱਤਰ ਅਮਰਜੀਤ ਸਿੰਘ ਆਸਲ ਅਤੇ ਹਿੰਦ ਮਜ਼ਦੂਰ ਸਭਾ ਦੇ ਮੁੱਖ ਆਗੂ ਕੁਲਵੰਤ ਸਿੰਘ ਬਾਵਾ ਨੇ ਸਾਂਝੇ ਰੂਪ ਵਿੱਚ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਅਤੇ ਦੇਸ਼ ਵਿਰੋਧੀ ਨੀਤੀਆਂ ਨੇ ਦੇਸੀ-ਵਿਦੇਸ਼ੀ ਕਾਰਪੋਰੇਟ ਘਰਾਣਿਆਂ ਦਾ ਪੱਖ ਪੂਰਦਿਆਂ ਪੂੰਜੀਪਤੀਆਂ ਨੂੰ ਦੇਸ਼ ਦਾ

ਸਰਮਾਇਆ ਜਲ, ਜੰਗਲ ਤੇ ਜ਼ਮੀਨ ਉਪਰ ਕਬਜ਼ਾ ਕਰਨ ਅਤੇ ਮਜ਼ਦੂਰਾਂ ਦੀ ਆਰਥਕ ਤੇ ਜਿਸਮਾਨੀ ਲੁੱਟ ਕਰਨ ਲਈ ਲੇਬਰ ਪੱਖੀ ਕਾਨੂੰਨਾਂ ਨੂੰ ਖਤਮ ਕਰਕੇ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਵਿਚ ਤਬਦੀਲ ਕਰ ਦਿੱਤਾ ਹੈ, ਜਿਸ ਕਾਰਨ ਮਜ਼ਦੂਰਾਂ ਦੀਆਂ ਮੁਸ਼ਕਲਾਂ ਵਿਚ ਹੋਰ ਵਾਧਾ ਹੋਵੇਗਾ। ਭਾਜਪਾ ਸਰਕਾਰ ਦੀਆਂ ਦੇ

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਕਲਾਨੌਰ ਤੋਂ ਵਿਸ਼ੇਸ਼ ਸਪਲੀਮੈਂਟ

ਸ.ਅਰਵਿੰਦਰਜੀਤ ਸਿੰਘ ਬੋਪਾਰਾਏ ਡਿਪਟੀ ਚੀਫ ਇੰਜੀਨੀਅਰ (PSPCL) | ਸ. ਖਜ਼ਾਨ ਸਿੰਘ ਧੌਹਰਾ ਐਸ.ਡੀ.ਓ ਕਲਾਨੌਰ (PSPCL) | ਸ. ਧਰਮਪ੍ਰੀਤ ਸਿੰਘ ਗੋਰਾਇਆ ਤਹਿਸੀਲਦਾਰ ਕਲਾਨੌਰ | ਸ. ਮਨਜੀਤ ਸਿੰਘ ਐਸ.ਐਚ.ਓ., ਕਲਾਨੌਰ | ਸ੍ਰੀਮਤੀ ਸੁਦੇਸ਼ ਕੁਮਾਰੀ ਸੀ.ਡੀ.ਪੀ.ਓ. ਕਲਾਨੌਰ | ਸ੍ਰੀ ਤਰਸੇਮ ਰਾਜ ਮਹਾਜਨ ਟ੍ਰਾਂਸਪੋਰਟਰ | ਸ੍ਰੀ ਕਿਰਨ ਕੁਮਾਰ ਇੰਸਪੈਕਟਰ ਫੂਡ ਸਪਲਾਈ | ਸ੍ਰੀ ਮਨਮੋਹਨ ਬੇਦੀ ਬੇਦੀ ਲੈਬਾਰਟਰੀ ਕਲਾਨੌਰ | ਸ੍ਰੀ ਹਰਦੀਪ ਸਿੰਘ ਮਠਾਰੂ ਕਲਾਨੌਰ | ਸ੍ਰੀ ਰਾਕੇਸ਼ ਭਾਰਦਵਾਜ

ਸਿਆਲ ਫੋਟੋਗ੍ਰਾਫੀ
ਕੋਹਲੀ ਸੁਵਿਧਾ ਕੇਂਦਰ
ਸ਼ਿਵ ਮੰਦਿਰ ਰੋਡ, ਕਲਾਨੌਰ
ਮੋ: 98769-29070

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।

ਭਾਈ ਰਜਿੰਦਰ ਸਿੰਘ ਭੰਗੂ ਪ੍ਰਧਾਨ | ਭਾਈ ਗੁਰਮੇਜ਼ ਸਿੰਘ ਪੱਡਾ | ਭਾਈ ਕਿਰਪਜੀਤ ਸਿੰਘ ਭੱਟੀ | ਭਾਈ ਰਣਜੀਤ ਸਿੰਘ ਖਾਲਸਾ | ਭਾਈ ਜਤਿੰਦਰ ਸਿੰਘ ਸਿੰਧੂ

ਵੱਲੋਂ: ਖਾਲਸਾ ਪੰਚਾਇਤ ਕਲਾਨੌਰ (ਗੁਰਦਾਸਪੁਰ)

## ਧੰਨਵਾਦ

ਮੈਂ ਅਦਾਰਾ 'ਨਵਾਂ ਜ਼ਮਾਨਾ' ਰਾਹੀਂ ਸ੍ਰੀ ਗੁਰੂ ਨਾਨਾਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਤੇ ਕਲਾਨੌਰ ਵਿਸ਼ੇਸ਼ ਸਪਲੀਮੈਂਟ ਪਾਠਕਾਂ ਦੇ ਸਨਮੁੱਖ ਕੀਤਾ ਹੈ। ਜਿਨ੍ਹਾਂ ਸੱਜਨਾਂ ਮਿੱਤਰਾਂ ਨੇ ਸਹਿਯੋਗ ਦਿੱਤਾ ਹੈ ਆਸ ਕਰਦਾ ਹਾਂ ਕਿ ਅੱਗੇ ਤੋਂ ਵੀ ਮੇਰਾ ਇਸੇ ਤਰ੍ਹਾਂ ਸਹਿਯੋਗ ਕਰਦੇ ਰਹਿਣਗੇ।
ਮਨਦੀਪ ਕੋਹਲੀ ਪੱਤਰਕਾਰ ਕਲਾਨੌਰ (ਮੋ: 98154-22170)

ਜਮਹੂਰੀ ਕਿਸਾਨ ਸਭਾ ਪੰਜਾਬ
ਏਰੀਆ ਕਲਾਨੌਰ
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ ਪੱਤਰਕਾਰ ਮਨਦੀਪ ਕੋਹਲੀ ਅਤੇ ਅਦਾਰਾ ਨਵਾਂ ਜ਼ਮਾਨਾ ਵੱਲੋਂ ਸੰਪਲੀਮੈਂਟ ਕੱਢਣ ਤੇ ਮੇਰੇ ਵੱਲੋਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।
ਕਾਮਰੇਡ ਸਗਮੀਤ ਸਿੰਘ ਗੋਰਾਇਆ | ਕਾਮਰੇਡ ਹਰਜੀਤ ਸਿੰਘ ਕਾਹਲੋਂ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।

ਸਕੂਲ ਦੀਆਂ ਵਿਸ਼ੇਸ਼ਤਾਵਾਂ: -
1. ਖੁੱਲੀ ਅਤੇ ਹਵਾਦਾਰ ਇਮਾਰਤ
2. ਤਜ਼ਰਬੇਕਾਰ ਅਤੇ ਮਿਹਨਤੀ ਸਟਾਫ।
3. ਵਿਦਿਆਰਥੀਆਂ ਦੇ ਬੁਨਿਆਦੀ ਢਾਂਚੇ ਦੀ ਉਪਲੱਭਤਾ।
4. ਸਕੂਲ ਦੀ ਆਪਣੀ ਟ੍ਰਾਂਸਪੋਰਟ।
5. ਨਰਸਰੀ ਤੋਂ ਪਲੇਅ-ਵੇ ਸਹੂਲਤਾਂ।
6. ਵਿਦਿਆਰਥੀਆਂ ਲਈ ਹਾਈਜੈਨਿਕ ਕੰਨਟੀਨ ਸੁਵਿਧਾਵਾਂ।
7. ਧਾਰਮਿਕ ਸਖਸ਼ੀਅਤ ਦੇ ਨਿਖਾਰ ਲਈ ਕਥਾ, ਕੀਰਤਨ, ਤਬਲਾ ਅਤੇ ਗੁਰਬਾਣੀ ਸਿੱਖਿਆ ਦੀ ਫ੍ਰੀ ਟੇਨਿੰਗ।
8. ਸੱਭਿਆਚਾਰਕ ਵਿਰਸੇ ਦੀ ਮਜ਼ਬੂਤੀ ਲਈ ਗਿੱਧੇ ਭੰਗੜੇ ਸਕਿੱਟਾਂ ਦੀ ਵਿਸ਼ੇਸ਼ ਟ੍ਰੇਨਿੰਗ।
9. ਸਮਾਜਿਕ ਗਿਆਨ ਲਈ ਵਿਦਿਅਕ ਟੂਰ ਪਲਾਨ ਵੀ ਕੀਤੇ ਜਾਂਦੇ ਹਨ।

ਨੈਸ਼ਨਲ ਡਾਇਰੈਕਟਰ ਸ. ਬਲਬੀਰ ਸਿੰਘ ਕਾਹਲੋਂ | ਪ੍ਰਿੰਸੀਪਲ ਮੈਡਮ ਬਲਜਿੰਦਰ ਕੌਰ

ਪੰਜਾਬ ਸਕੂਲ ਐਸੂਕੇਸ਼ਨ ਬੋਰਡ ਮੋਹਾਲੀ ਤੋਂ ਮਾਨਤਾ ਪ੍ਰਾਪਤ

BHAI GURDAS MODERN SR. SEC. SCHOOL, VPO. LAKHAN KALAN, GSP. (M: 95924-98399)

ਸ. ਰਵੀਕਰਨ ਸਿੰਘ ਕਾਹਲੋਂ ਅਬਜ਼ਰਵਰ ਹੁਸ਼ਿਆਰਪੁਰ (ਇੰਚਾਰਜ ਹਲਕਾ ਡੇਰਾ ਬਾਬਾ ਨਾਨਾਕ)

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।

ਸ. ਅਮ੍ਰਿਤਪਾਲ ਸਿੰਘ ਅਲਾਵਲਪੁਰ (ਯੂਥ ਅਕਾਲੀ ਆਗੂ)

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।
ਇੱਥੇ ਨਾਰਮਲ ਡਿਲਵਰੀ ਕੇਸਾਂ ਨੂੰ ਪਹਿਲ ਦਿੱਤੀ ਜਾਂਦੀ ਹੈ ਅਤੇ ਹਰ ਤਰ੍ਹਾਂ ਦੀ ਬਿਮਾਰੀ ਦਾ ਇਲਾਜ਼ ਕੀਤਾ ਜਾਂਦਾ ਹੈ।
ਡਾ. ਸੁਖਮੀਤ ਕੌਰ ਬੋਪਾਰਾਏ
ਵੱਲੋਂ: ਬੋਪਾਰਾਏ ਹਸਪਤਾਲ, ਨਾਗਰਾ ਪੈਲਸ ਵਾਲੀ ਬਿਲਡਿੰਗ ਕਲਾਨੌਰ (ਮੋ: 77176-66652)

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।

ਡਾ. ਅਮਰਬੀਰ ਸਿੰਘ ਮੁੱਲਤਾਨੀ | ਡਾ. ਸੰਤੂਪਰਕਾਸ਼ ਸਿੰਘ ਮੁੱਲਤਾਨੀ (MBBS)

ਖਹਿਰਾ ਹਸਪਤਾਲ
ਸਾਹਮਣੇ ਬੱਸ ਸਟੈਂਡ ਕਲਾਨੌਰ (ਗੁਰਦਾਸਪੁਰ)
ਇੱਥੇ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਇਲਾਜ਼ ਕੀਤਾ ਜਾਂਦਾ ਹੈ।
ਮੋ: 8090502745

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਡਾ. ਰਮੇਸ਼ਵਰ ਸੈਣੀ | ਡਾ. ਸਿਮਰਨ ਸੈਣੀ (MBBS) | ਡਾ. ਜਸਬੀਰ ਕੌਰ

ਵੱਲੋਂ: ਸ੍ਰੀ ਰਾਮ ਹਸਪਤਾਲ, ਗੁਰਦਾਸਪੁਰ ਰੋਡ, ਕਲਾਨੌਰ (ਮੋ: 98766-87770)

ਸੁਰਜੀਤ ਹਸਪਤਾਲ
ਬਾਬਾ ਕਾਰ ਕਲੋਨੀ, ਕਲਾਨੌਰ
ਇੱਥੇ ਹਰ ਤਰ੍ਹਾਂ ਦੀਆਂ ਬਿਮਾਰੀਆਂ ਦਾ ਮਾਹਿਰ ਡਾਕਟਰਾਂ ਵਲੋਂ ਇਲਾਜ ਅਤੇ ਓਪਰੇਸ਼ਨ ਕੀਤੇ ਜਾਂਦੇ ਹਨ।
ਡਾ. ਸੁਮਨ (ਫੋਨ- 01874-292573, 98762-57402)

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਡਾ. ਆਸ਼ੀਸ਼

Dental Care Clinic
ਹਕੀਮਪੁਰ ਰੋਡ, ਕਲਾਨੌਰ (ਮੋ: 98764-60144)
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।

ਪ੍ਰਿੰਸੀਪਲ - ਮੈਡਮ ਸੋਨੀਆ ਵਰਮਾ

ਬਾਬਾ ਦੀਪ ਸਿੰਘ ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਸੰਗਤਪੁਰ, ਗੁਰਦਾਸਪੁਰ
(ਮੋ: 98146-88806)

ਪ੍ਰਿੰਸੀਪਲ ਰਣਜੀਤ ਸਿੰਘ

ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਭੰਡਾਲ (ਗੁਰਦਾਸਪੁਰ)

ਡਾ. ਫਤਿਹ ਸਿੰਘ

ਹੋਪ ਹਸਪਤਾਲ
ਗੁਰਦਾਸਪੁਰ ਰੋਡ, ਕਲਾਨੌਰ
ਮੋ: 76720-00047

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ ਪੱਤਰਕਾਰ ਮਨਦੀਪ ਕੋਹਲੀ ਅਤੇ ਅਦਾਰਾ ਨਵਾਂ ਜ਼ਮਾਨਾ ਵੱਲੋਂ ਸੰਪਲੀਮੈਂਟ ਕੱਢਣ ਤੇ ਮੇਰੇ ਵੱਲੋਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।

ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ - ਆਮ ਆਦਮੀ ਪਾਰਟੀ (ਕਲਾਨੌਰ)

ਸ. ਗੁਰਦੀਪ ਸਿੰਘ ਰੰਧਾਵਾ | ਸ੍ਰੀ ਰਾਜੇਸ਼ ਕੁਮਾਰ (ਟੋਨੀ ਸੱਚਰ) | ਸ੍ਰੀ ਕੁਲਵੰਤ ਪਾਲ (ਸਰਪੰਚ)

ਰਾਜੇਸ਼ ਕੁਮਾਰ

R.K. JEWELLERS
916 Hallmark Gold & Silver Ornaments
Near Sub Tehsil, Main Bazar, Kalanaur (Gsp.)
Rajesh Kumar : 98155-73502
Luvya Verma : 98157-21655

BAJWA HOMEOPATHIC CLINIC
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।
ਮੋ: 89688-69293
ਗਲੀ ਨੰ. 1, ਗਰੀਨ ਐਵਨਿਓ, ਕਲਾਨੌਰ

ਡਾ. ਏਕਮਜੋਤ ਕੌਰ ਬਾਜਵਾ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।

ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ - ਸ਼੍ਰੋਮਣੀ ਅਕਾਲੀ ਦਲ (ਕਲਾਨੌਰ)

ਸ. ਰਵੀਕਰਨ ਸਿੰਘ ਕਾਹਲੋਂ | ਸ. ਗਗਨਦੀਪ ਸਿੰਘ ਗੱਗੂ | ਸ. ਗੁਰਮੀਤ ਸਿੰਘ ਰੈਨੂ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।

ਸ. ਨਵਪ੍ਰੀਤ ਸਿੰਘ ਪਵਾਰ ਬਲਾਕ ਪ੍ਰਧਾਨ (ਆਪ) | ਸ੍ਰੀ ਇੰਦਰਜੀਤ ਭਾਰਨ ਸਰਕਲ ਇੰਚਾਰਜ (ਆਪ) | ਸ੍ਰੀ ਚੰਚਲ ਕੁਮਾਰ ਸੋਸਲ ਮੀਡੀਆ ਇੰਚਾਰਜ (ਆਪ) | ਸ.ਹਰਪ੍ਰੀਤ ਸਿੰਘ ਰਾਜੂ ਵਲੰਟੀਅਰ (ਆਪ)

ਵੱਲੋਂ: ਆਮ ਆਦਮੀ ਪਾਰਟੀ (ਕਲਾਨੌਰ) ਗੁਰਦਾਸਪੁਰ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

ਸ੍ਰੀਮਤੀ ਗੁਰਪ੍ਰੀਤ ਕੌਰ ਬੀ.ਡੀ.ਪੀ.ਓ.

ਵੱਲੋਂ: ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਕਲਾਨੌਰ (ਗੁਰਦਾਸਪੁਰ)

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।

ਡਾ. ਲਖਵਿੰਦਰ ਸਿੰਘ ਅਠਵਾਲ ਪਰਿਵਾਰ ਭਲਾਈ ਅਫਸਰ ਗੁਰਦਾਸਪੁਰ ਐਸ.ਐਮ. ਓ. ਕਲਾਨੌਰ | ਡਾ. ਸੁਰੇਸ਼ ਕੁਮਾਰ | ਡਾ. ਸੁਖਦੀਪ ਸਿੰਘ | ਡਾ. ਸੁਮਨ | ਡਾ. ਗੀਤਿਕਾ | ਡਾ. ਵਿਸ਼ਾਲ ਜੱਗੀ | ਦਿਲਬਾਗ ਸਿੰਘ ਹੈਲਥ ਇੰਸਪੈਕਟਰ | ਗੁਰਪ੍ਰੀਤ ਪਾਲ ਹੈਲਥ ਇੰਸਪੈਕਟਰ | ਪ੍ਰਭਜੀਤ ਸਿੰਘ ਫਾਰਮਸਿਸਟ

ਵੱਲੋਂ: ਕਮਿਊਨਿਟੀ ਹੈਲਥ ਸੈਂਟਰ ਕਲਾਨੌਰ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।

ਸ. ਕੁਲਬੀਰ ਸਿੰਘ (ਗਿਰਦਾਵਰ)

ਸ. ਭੁਪਿੰਦਰ ਸਿੰਘ (ਗਿਰਦਾਵਰ)

THE HAPPINESS HUT
ਖੁਸ਼ਖਬਰੀ ਖੁਸ਼ਖਬਰੀ ਖੁਸ਼ਖਬਰੀ ਖੁਸ਼ਖਬਰੀ
ਇੱਕ ਵਾਰ ਆਓ ਤੇ ਮਹਿਮਾਨ ਨਿਵਾਜੀ ਦਾ ਮੌਕਾ ਦਿਓ

ਖੁਸ਼ੀਆਂ ਦੀ ਹੱਟ
ਆਪ ਸਭ ਦੀ ਸਹੂਲਤ ਲਈ ਆਪ ਸਾਰਿਆਂ ਦੇ ਸਹਿਯੋਗ ਨਾਲ ਆਪ ਜੀ ਦੇ ਇਲਾਕੇ ਵਿੱਚ ਖੁਸ਼ੀਆਂ ਦੀ ਦੁਕਾਨ ਖੋਲ੍ਹ ਗਈ ਹੈ। ਆਪ ਜੀ ਦੇ ਖਾਣ-ਪੀਣ ਨੂੰ ਧਿਆਨ ਵਿੱਚ ਰੱਖਦਿਆਂ ਰਾਜੀਆਂ ਚੀਜਾਂ ਸਮੋਸੇ, ਤਰਗਰ, ਸਪਰਿੰਗ ਰੋਲ, ਟਿੱਕੀਆਂ, ਨਿਊਡਲ, ਡੋਸਾ, ਚਾਪਾਂ, ਛੋਲੇ-ਪੂਰੀਆਂ, ਭਠੂਰੇ, ਪਕੌੜੇ ਆਦਿ ਫਾਸਟ ਫੂਡ ਅਤੇ ਹਰ ਪ੍ਰਕਾਰ ਦੀਆਂ ਮਠਿਆਈਆਂ, ਕੋਲਡ-ਡਰਿੰਕ, ਲੁਸ ਦੀ ਵਿਸ਼ੇਸ ਸੁਵਿਧਾ ਉਪਲ੬ਧ ਹੈ।
HOME DELIVERY ਘਰ ਵਿੱਚ ਸਮਾਨ ਪਹੁੰਚਾਉਣ ਦੀ ਵਿਸ਼ੇਸ ਸੁਵਿਧਾ ਉਪਲਬਧ ਹੈ।
ਇੱਥੇ ਵਿਆਹ-ਸਾਦੀਆਂ ਦੇ ਆਰਡਰ ਦੀ ਬਜਾਰ ਨਾਲੋਂ ਸਸਤੇ ਰੇਟਾਂ ਤੇ ਬੁੱਕ ਕੀਤੇ ਜਾਂਦੇ ਹਨ।
ਸਵੀਟ ਡਿੱਸ | ਨਮਕੀਨ ਡਿੱਸ | ਮਿਲਕਸ਼ਾਕ ਡਿੱਸ | ਫਾਸਟ-ਫੂਡ ਡਿੱਸ
ਖੁਸ਼ੀਆਂ ਦੀ ਹੱਟ ਨੇੜੇ ਬਾਈ ਗੁਰਦਾਸ ਮਾਡਰਨ ਸ.ਸ.ਸ ਸਕੂਲ ਨੰਘਣ ਕਲਾਂ (ਗੁਰਦਾਸਪੁਰ) ਫੋਨ ਨੰਬਰ-95924-98399

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।

ਲੱਖ -ਲੱਖ ਵਧਾਈਆਂ | ਲੱਖ -ਲੱਖ ਵਧਾਈਆਂ

ਸ. ਸੁਖਜਿੰਦਰ ਸਿੰਘ ਰੰਧਾਵਾ ਸਾਬਕਾ ਪ੍ਰੈਸ ਸਕੱਤਰ ਪੰਜਾਬ (ਮੋਹਾਲੀ ਤਰਫਾ ਵਿਧਾਨ ਸਭਾ) | ਸ. ਅਮਰਜੀਤ ਖੁੱਲਰ ਪ੍ਰਧਾਨ ਸੁਸਾਇਟੀ ਰਾਮ ਨਗਰ ਕਲੋਨੀ

ਸ਼ੈਰੀ ਸਿੰਘ ਕਲਾਨੌਰ | ਗੋਪੀ ਬਲਹੋਤਰਾ | ਕੁਲਵਿੰਦਰ ਸਿੰਘ ਲਾਡਾ

ਵੱਲੋਂ: ਸਾਬਕਾ ਜਰਨਲ ਸਕੱਤਰ ਪੰਜਾਬ ਕਾਂਗਰਸ।

ਸੁਭਾਸ਼ ਚੰਦਰ | ਗੌਰਵ ਸਲਹੋਤਰਾ | ਸੌਰਭ ਸਲਹੋਤਰਾ | ਭਾਵਿਕ ਸਲਹੋਤਰਾ Happy Birthday

ਕ੍ਰਿਸ਼ਨਾਂ ਇਲੈਕਟ੍ਰੋਨਿਕਸ
ਬਟਾਲਾ ਰੋਡ, ਕਲਾਨੌਰ
ਮੋ: 98764-73016,98727-51432

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।

ਸ੍ਰੀ ਨਰਿੰਦਰ ਮੋਦੀ ਜੀ ਪ੍ਰਧਾਨ ਮੰਤਰੀ

ਸ੍ਰੀ ਨਰਿੰਦਰ ਵਿਜ ਨੀਤੀ ਭਾਜਪਾ ਸਕੱਤਰ (ਗੁਰਦਾਸਪੁਰ)

ਜੇ.ਐਸ. ਬਲਾਰੀਆ ਰਿਜ਼ੋਰਟ
ਇੱਥੇ ਵਿਆਹ ਸ਼ਾਦੀਆਂ, ਪਾਰਟੀਆਂ ਅਤੇ ਹਰ ਖੁਸ਼ੀ ਦੇ ਮੌਕੇ ਤੇ ਬੁਕਿੰਗ ਕਰਵਾਓ ਅਤੇ ਕੈਟਰਿੰਗ ਦਾ ਖਾਸ ਪ੍ਰਬੰਧ ਹੈ।
ਮੋ: 79869-35326
ਬਾਬਾ ਕਾਰ ਕਲੋਨੀ, ਕਲਾਨੌਰ

ਗੁਰਜੀਤ ਸਿੰਘ ਬਲਾਰੀਆ

ਇੱਥੇ ਹਰ ਤਰ੍ਹਾਂ ਦਾ ਫੈਂਸੀ ਰੈਡੀਮੇਡ ਅਤੇ ਸਾਰੇ ਸਕੂਲਾਂ ਦੀਆਂ ਵਰਦੀਆਂ ਮਿਲਦੀਆਂ ਹਨ।
ਮੋ: 70096-41569
ਮੋ: 98155-25586

ਸ. ਪਰਧਾਨ ਸਿੰਘ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਤੇ ਕਲਾਨੌਰ ਤੋਂ ਪੱਤਰਕਾਰ ਮਨਦੀਪ ਕੋਹਲੀ ਅਤੇ ਅਦਾਰਾ ਨਵਾਂ ਜ਼ਮਾਨਾ ਵੱਲੋਂ ਸੰਪਲੀਮੈਂਟ ਕੱਢਣ ਤੇ ਸਾਡੇ ਵੱਲੋਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।

ਰਾਣਾ ਕਮਿਸ਼ਨ ਏਜੰਟ

ਸ਼੍ਰੀਮਤੀ ਪਲਵਿੰਦਰ ਕੌਰ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ।
ਇੰਡੀਅਨਆਇਲ IndianOil
ਜਗਦੀਸ਼ ਕਿਸਾਨ ਸੇਵਾ ਕੇਂਦਰ
ਬਟਾਲਾ ਰੋਡ, ਕਲਾਨੌਰ (ਮੋ: 98764-53718)

Dawinder Kumar Bobby

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂ

9-Nov Page 3.qxd 11/8/2022 9:58 PM Page 1



# ਕਿਸਾਨ-ਮਜ਼ਦੂਰ ਜਥੇਬੰਦੀ ਵੱਲੋਂ ਡੀ ਸੀ ਦਫਤਰਾਂ ਅੱਗੇ ਮੋਰਚਾ ਆਰੰਭਣ ਦਾ ਐਲਾਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸਰਵਨ ਸਿੰਘ ਪੰਧੇਰ ਅਤੇ ਸੂਬਾ ਦਫਤਰ ਸਕੱਤਰ ਗੁਰਬਚਨ ਸਿੰਘ ਚੱਬਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਥੇਬੰਦੀ ਦੀ ਸੂਬਾ ਕੋਰ ਕਮੇਟੀ ਦੀ ਮੀਟਿੰਗ ਸੂਬਾ ਹੈੱਡਕੁਆਰਟਰ ਸ਼ਹੀਦ ਅੰਗਰੇਜ਼ ਸਿੰਘ ਬਾਕੀਪੁਰ ਯਾਦਗਾਰ ਹਾਲ ਵਿਖੇ ਸੂਬਾ ਪ੍ਰਧਾਨ ਸਤਨਾਮ ਸਿੰਘ ਪੰਨੂੰ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ 26 ਨਵੰਬਰ ਨੂੰ ਇਤਿਹਾਸਕ ਦਿੱਲੀ ਮੋਰਚੇ ਦੀ ਦੂਸਰੀ ਵਰ੍ਹੇਗੰਢ ਮੌਕੇ ਪੰਜਾਬ ਭਰ ਦੇ ਡੀਸੀ ਦਫਤਰਾਂ ਅੱਗੇ ਲੰਮੇ ਮੋਰਚੇ ਚਲਾਉਣ ਦੇ ਕੀਤੇ ਐਲਾਨ ਦੀਆਂ ਪੰਜਾਬ ਵਿੱਚ ਚੱਲ ਰਹੀਆਂ ਤਿਆਰੀਆਂ ਬਾਰੇ ਜਾਇਜ਼ਾ ਲਿਆ ਗਿਆ ਤੇ ਸੰਤੁਸ਼ਟੀ ਜ਼ਾਹਰ ਕੀਤੀ ਗਈ। ਮੀਟਿੰਗ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਮੰਗ ਕੀਤੀ ਗਈ ਕਿ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਤੇ ਖੱਬੇਪੱਖੀ ਚਿੰਤਕਾਂ, ਸਮਾਜਿਕ ਕਾਰਕੁੰਨਾਂ ਨੂੰ ਰਿਹਾਅ ਕਰਨ ਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ 2015 ਵਿੱਚ ਹੋਈ ਬੇਅਦਬੀ ਦੇ ਦੋਸ਼ੀਆਂ ਖਿਲਾਫ ਕਾਰਵਾਈ ਕੀਤੀ ਜਾਵੇ। ਕਿਸਾਨ ਆਗੂਆਂ ਨੇ ਅੱਗੇ ਕਿਹਾ ਕਿ ਦਿੱਲੀ ਮੋਰਚੇ ਦੌਰਾਨ ਸ਼ਹੀਦ ਹੋਏ 700 ਤੋਂ ਵੱਧ ਕਿਸਾਨਾਂ ਤੇ ਮਜ਼ਦੂਰਾਂ ਤੇ ਲਖੀਮਪੁਰ ਖੀਰੀ ਦੇ ਸ਼ਹੀਦਾਂ ਨੂੰ ਸ਼ਹੀਦ ਮੰਨਣ ਤੇ ਇਸ ਕਾਂਡ ਦੇ ਦੋਸ਼ੀ ਅਜੇ ਮਿਸ਼ਰਾ ਟੈਨੀ ਨੂੰ ਮੰਤਰੀ ਮੰਡਲ ਵਿਚੋਂ ਬਰਖਾਸਤ ਕਰਕੇ ਗਿਰਫਤਾਰ ਕਰਨ ਦੀ ਮੰਗ ਤੁਰੰਤ ਪੂਰੀ ਕਰੇ। ਪੰਜਾਬ ਸਰਕਾਰ ਦਿੱਲੀ ਮੋਰਚੇ ਦੇ ਸ਼ਹੀਦਾਂ ਨੂੰ ਮੰਨੀ ਹੋਈ ਮੰਗ ਮੁਤਾਬਕ ਰਹਿੰਦਾ ਮੁਆਵਜ਼ਾ ਤੇ ਪਰਿਵਾਰਾਂ ਦੇ ਇੱਕ ਜੀਅ ਨੂੰ ਸਰਕਾਰੀ ਨੌਕਰੀ ਦੇਵੇ ਤੇ ਪਹਿਲੇ ਕਿਸਾਨ ਘੋਲਾਂ ਦੌਰਾਨ ਰਹਿੰਦੇ ਤਿੰਨ ਸ਼ਹੀਦਾਂ ਦੇ ਪਰਿਵਾਰਾਂ ਦੇ ਇੱਕ ਜੀਅ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ, ਤਿਲੰਗਾਨਾ ਸਰਕਾਰ ਵੱਲੋਂ ਪੰਜਾਬ ਸਰਕਾਰ ਨੂੰ ਦਿੱਲੀ ਮੋਰਚੇ ਦੇ ਸ਼ਹੀਦਾਂ ਨੂੰ ਦੇਣ ਲਈ ਪ੍ਰਤੀ ਪਰਿਵਾਰ ਭੇਜੇ 3 ਲੱਖ ਰੁਪਏ ਤੁਰੰਤ ਦੇਵੇ। ਕਿਸਾਨ ਆਗੂਆਂ ਨੇ ਅੱਗੇ ਬਿਜਲੀ ਵੰਡ ਕਾਨੂੰਨ 2022 ਰੱਦ ਕਰਨ, ਕਿਸਾਨਾਂ ਤੇ ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਖਤਮ ਕਰਨ, 23 ਫ਼ਸਲਾਂ ਦੀ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਉਣ, ਪੰਜਾਬ ਦੇ ਪਾਣੀਆਂ ਨੂੰ ਕਾਰਪੋਰੇਟਾਂ ਤੋਂ ਬਚਾਉਣ, ਪ੍ਰਦੂਸ਼ਣ ਤੋਂ

# 'ਨਾਨਕ ਸ਼ਾਇਰ ਏਵ ਕਹਤ ਹੈ' ਵਿਸ਼ੇ 'ਤੇ ਸਮਾਗਮ ਆਯੋਜਿਤ

**ਕਲਾਨੌਰ, (ਕੋਹਲੀ)**-ਲੋਕ ਲਿਖਾਰੀ ਸਭਾ ਕਲਾਨੌਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੇ ਵਿਸ਼ੇਸ਼ ਸਹਿਯੋਗ ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਕ ਵਿਸ਼ੇਸ਼ ਸਮਾਗਮ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿੱਚ ਕਰਵਾਇਆ ਗਿਆ। ਇਸ ਸਮਾਗਮ ਵਿੱਚ ਡਾ. ਅਨੂਪ ਸਿੰਘ ਨੇ 'ਨਾਨਕ ਸ਼ਾਇਰ ਏਵ ਕਹਤ ਹੈ' ਵਿਸ਼ੇ 'ਤੇ ਵਿਚਾਰ ਚਰਚਾ ਕੀਤੀ। ਇਸ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ ਮਾਣਯੋਗ ਹਰਪਾਲ ਸਿੰਘ ਸੰਧਾਵਾਲੀਆ ਜ਼ਿਲ੍ਹਾ ਸਿੱਖਿਆ ਅਫ਼ਸਰ ਸੀਨੀਅਰ ਸੈਕੰਡਰੀ ਗੁਰਦਾਸਪੁਰ ਨੇ ਆਪਣੇ ਸੰਖੇਪ ਅਤੇ ਪ੍ਰਭਾਵਸ਼ਾਲੀ ਭਾਸ਼ਣ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਮਨੁੱਖਤਾ ਦੇ ਪਾਰ-ਉਤਾਰੇ ਲਈ ਇਸ ਦਾਰਸ਼ਨਿਕ ਸ਼ਖ਼ਸੀਅਤ ਦੀ ਵਿਚਾਰਧਾਰਾ ਨੂੰ ਅਪਨਾਉਣ ਨਾਲ ਜੀਵਨ ਸੁਖਾਲਾ ਬਣਾਇਆ ਜਾ ਸਕਦਾ ਹੈ। ਇਸ ਮੌਕੇ ਲਿਖਾਰੀ ਸਭਾ ਕਲਾਨੌਰ ਦੇ ਪ੍ਰਧਾਨ ਗੁਰਮੀਤ ਸਿੰਘ ਬਾਜਵਾ ਅਤੇ ਸਕੂਲ ਦੇ ਸੀਨੀਅਰ ਲੈਕਚਰਾਰ ਉਪਕਾਰ ਸਿੰਘ ਨੇ ਵੀ ਵਿਚਾਰ ਪੇਸ਼ ਕੀਤੇ। ਕਰਨੈਲ ਸਿੰਘ ਰਿਟਾਇਰ ਆਈਆਰਐੱਸ ਅਧਿਕਾਰੀ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਲ ਹੋਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਲੋਕ ਲਿਖਾਰੀ ਸਭਾ ਦੇ ਜਨਰਲ ਸਕੱਤਰ ਜਗਦੀਸ਼ ਸਿੰਘ, ਰਾਜਿੰਦਰ ਸਿੰਘ ਰਾਜ, ਪ੍ਰੋ. ਹਰਜੀਤ ਸਿੰਘ ਕਾਹਲੋਂ, ਦਲਜੀਤ ਪਾਲ, ਕਾਰਜਕਾਰੀ ਪ੍ਰਿੰ. ਗੁਰਮਨਜੀਤ ਕੌਰ, ਮਨੋਹਰ ਲਾਲ, ਸਤਨਾਮ ਸਿੰਘ, ਸ਼ਸ਼ੀ ਕੁਮਾਰ, ਹਰਦੀਪ ਸਿੰਘ, ਬਲਵਿੰਦਰ ਸਿੰਘ, ਰਚਨਾ, ਕੁਲਵਿੰਦਰ ਕੌਰ, ਕੰਵਲਜੀਤ ਕੌਰ, ਦਿਲਪ੍ਰੀਤ ਸਿੰਘ ਸਮੇਤ ਸਮੂਹ ਸਟਾਫ ਹਾਜ਼ਰ ਸੀ।

# ਆਰ ਐੱਮ ਪੀ ਆਈ ਨੇ 'ਅਕਤੂਬਰ ਇਨਕਲਾਬ' ਦੀ ਵਰ੍ਹੇਗੰਢ ਮਨਾਈ

**ਗੁਰਦਾਸਪੁਰ (ਜਨਕ ਮਹਾਜਨ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਜ਼ਿਲ੍ਹਾ ਗੁਰਦਾਸਪੁਰ ਵੱਲੋਂ ਸ਼ਹੀਦ ਬਲਜੀਤ ਸਿੰਘ ਫਜ਼ਲਾਬਾਦ ਯਾਦਗਾਰ ਟਰੱਸਟ ਵਿਖੇ ਯੁੱਗ ਪਲਟਾਊ 'ਅਕਤੂਬਰ ਇਨਕਲਾਬ' ਦੀ ਵਰ੍ਹੇਗੰਢ ਸਾਥੀ ਸੰਤੋਖ ਸਿੰਘ ਔਲਖ, ਅਜੀਤ ਸਿੰਘ ਹੁੰਦਲ ਦੀ ਪ੍ਰਧਾਨਗੀ ਹੇਠ ਕਾਰਪੋਰੇਟ ਪੱਖੀ ਫਿਰਕੂ-ਫਾਸ਼ੀਵਾਦ ਸੱਤਾ ਤੋਂ ਭਾਰਤੀ ਲੋਕਾਂ ਦੀ ਮੁਕਤੀ ਅਤੇ ਕਿਰਤ ਸ਼ਕਤੀ ਤੇ ਕੁਦਰਤੀ ਸਾਧਨਾਂ ਦੀ ਸਾਮਰਾਜੀ ਲੁੱਟ ਅਤੇ ਦਾਬੇ ਦੇ ਖਾਤਮੇ ਦੇ ਘੋਲ ਤਿੱਖੇ ਕਰਨ ਦਾ ਸੰਕਲਪ ਦਿਵਸ ਦੇ ਤੌਰ 'ਤੇ ਮਨਾਈ ਗਈ। ਇਸ ਮੌਕੇ ਪਾਰਟੀ ਦੇ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਘਬੀਰ ਸਿੰਘ ਪਕੀਵਾਂ, ਸੂਬਾ ਕਮੇਟੀ ਮੈਂਬਰ ਮੱਖਣ ਸਿੰਘ ਕੁਹਾੜ, ਸ਼ਮਸ਼ੇਰ ਸਿੰਘ ਨਵਾਂ ਪਿੰਡ ਨੇ ਬੋਲਦਿਆਂ ਕਿਹਾ ਕਿ ਮਜ਼ਦੂਰ ਜਮਾਤ ਦੀ ਅਗਵਾਈ ਹੇਠ ਪਹਿਲੀ ਵਾਰ ਮਜ਼ਦੂਰਾਂ, ਕਿਸਾਨਾਂ ਅਤੇ ਮਿਹਨਤਕਸ਼ ਲੋਕਾਂ ਨੇ ਰਾਜ ਸੱਤਾ ਪੂੰਜੀਪਤੀਆਂ ਅਤੇ ਜਗੀਰਦਾਰਾਂ ਕੋਲੋਂ ਖੋਹ ਕੇ ਰਾਜ ਪ੍ਰਬੰਧ 'ਤੇ ਕਬਜ਼ਾ ਕੀਤਾ। ਰੂਸੀ ਕ੍ਰਾਂਤੀ ਨੇ ਜਿਥੇ ਰੂਸ ਨੂੰ ਦੁਨੀਆ ਦੀ ਤਾਕਤ ਬਣਾਇਆ ਉਥੇ ਸੰਸਾਰ ਪੱਧਰ 'ਤੇ ਸਾਮਰਾਜਵਾਦੀ ਢਾਂਚੇ ਨੂੰ ਢਾਹੁਣ ਲਈ ਲੋਕਾਂ ਨੂੰ ਪ੍ਰਭਾਵਿਤ ਕੀਤਾ। ਬਹੁਤ ਸਾਰੇ ਦੇਸ਼ਾਂ ਨੇ ਸਾਮਰਾਜ ਤੋਂ ਮੁਕਤੀ ਹਾਸਲ ਕੀਤੀ ਅਤੇ ਫਾਸ਼ੀਵਾਦ ਨੂੰ ਹਰਾਉਣ ਵਿੱਚ ਵੀ ਵੱਡੀ ਭੂਮਿਕਾ ਅਦਾ ਕੀਤੀ।

ਅੱਜ ਸਾਡੇ ਦੇਸ਼ ਅੰਦਰ ਫਿਰਕੂ ਫਾਸ਼ੀਵਾਦ ਵਿਚਾਰਾਂ ਦੇ ਲੋਕ ਰਾਜ ਸੱਤਾ 'ਤੇ ਕਾਬਜ਼ ਹੋ ਕੇ ਘੱਟ ਗਿਣਤੀਆਂ ਅਤੇ ਦਲਿਤਾਂ ਉੱਪਰ ਹਮਲੇ ਕਰ ਰਹੇ ਹਨ ਅਤੇ ਸਿੱਧੇ ਰੂਪ ਵਿੱਚ ਸਾਮਰਾਜੀ ਸੰਸਥਾਵਾਂ ਦੀ ਸੇਵਾ ਕਰ ਰਹੇ ਹਨ, ਕਿਰਤੀ ਲੋਕਾਂ ਨੂੰ ਮਿਲੇ ਹੱਕ ਹਕੂਕ ਖੋਹੇ ਜਾ ਰਹੇ ਹਨ, ਦੇਸ਼ ਦੇ ਕੁਦਰਤੀ ਸਾਧਨਾਂ ਸਮੇਤ ਲੋਕਾਂ ਦੇ ਖੂਨ ਪਸੀਨੇ ਨਾਲ ਉਸਾਰੇ ਜਨਤਕ ਖੇਤਰ ਨੂੰ ਕਾਰਪੋਰੇਟ ਘਰਾਣਿਆਂ ਹਵਾਲੇ ਕਰ ਰਹੇ ਹਨ, ਮੋਦੀ ਸਰਕਾਰ ਲੋਕਾਂ ਦੇ ਜਮਹੂਰੀ ਅਧਿਕਾਰ ਖੋਹ ਰਹੀ ਹੈ ਅਤੇ ਸੂਬਿਆਂ ਦੇ ਅਧਿਕਾਰਾਂ ਨੂੰ ਖੋਹ ਕੇ ਸਭ ਕੁੱਝ ਕੇਂਦਰ ਦੀ ਸੱਤਾ ਦੇ ਹਵਾਲੇ ਕਰ ਰਹੀ ਹੈ ਤਾਂ ਅਜਿਹੇ ਵਕਤ 'ਅਕਤੂਬਰ ਇਨਕਲਾਬ' ਤੋਂ ਪ੍ਰੇਰਨਾ ਅਤੇ ਹੌਸਲਾ ਲੈ ਕੇ ਮਜ਼ਦੂਰ ਜਮਾਤ ਨੂੰ ਸਾਮਰਾਜ ਦੀ ਭਿਆਲੀ ਵਾਲੀ ਕਾਰਪੋਰੇਟ ਪੱਖੀ ਫਾਸ਼ੀਵਾਦੀ ਧਿਰਾਂ ਨੂੰ ਰਾਜਸੱਤਾ ਤੋਂ ਲਾਹ ਸੁੱਟਣ ਦੇ ਸੰਘਰਸ਼ ਨੂੰ ਤਿੱਖੇ ਕੀਤੇ ਜਾਣ ਦੀ ਲੋੜ ਹੈ। ਇਸ ਮੌਕੇ ਅਵਤਾਰ ਸਿੰਘ, ਅਬਿਨਾਸ਼ ਸਿੰਘ, ਜਗੀਰ ਸਿੰਘ ਸਲਾਚ, ਕਪੂਰ ਸਿੰਘ ਘੁੰਮਣ, ਸਿੰਦਾ ਛਿੱਬ, ਸੁਖਵੰਤ ਸਿੰਘ ਸੰਦਲਪੁਰ, ਵਿਰਗਟ ਖਾਨਵੱਤਾ, ਬਲਬੀਰ ਸਿੰਘ ਮਾੜੇ, ਗੁਰਮੀਤ ਸਿੰਘ ਥਾਣੇਵਾਲ, ਹਰਭਜਨ ਸਿੰਘ ਦੀਨਾਨਗਰ, ਮਲਕੀਤ ਸਿੰਘ ਬੁੱਢਾ ਕੋਟ ਆਦਿ ਹਾਜ਼ਰ ਸਨ।

# ਜੋਸ਼ੀ ਨੇ ਮੁੱਖ ਇੰਜੀਨੀਅਰ ਤੇ ਗਰੇਵਾਲ ਨੇ ਮੁੱਖ ਇੰਜੀਨੀਅਰ ਪਲਾਨਿੰਗ ਵਜੋਂ ਚਾਰਜ ਸੰਭਾਲਿਆ

**ਪਟਿਆਲਾ (ਨ ਜ਼ ਸ)**- ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਨੇ ਇਕ ਹੁਕਮ ਰਾਹੀਂ ਇੰਜ: ਕਮਲ ਜੋਸ਼ੀ ਜੋ ਕਿ ਪਹਿਲਾਂ ਉਪ ਮੁੱਖ ਇੰਜੀਨੀਅਰ/ਐਚ.ਆਰ.2 ਪਟਿਆਲਾ, ਲੀਗਲ ਐਵਾਈਜ਼ਰ ਪੀ.ਐਸ.ਪੀ.ਸੀ.ਐਲ. ਵਜੋਂ ਆਪਣੀ ਸੇਵਾਵਾਂ ਨਿਭਾ ਰਹੇ ਸਨ, ਨੂੰ ਬਤੌਰ ਮੁੱਖ ਇੰਜੀਨੀਅਰ/ਮੈਟੀਰੀਅਲ ਮੈਨੇਜਮੈਂਟ ਤੈਨਾਤ ਕਰ ਦਿੱਤਾ ਹੈ, ਉਨਾਂ ਨੇ ਬੀਤੇ ਦਿਨੀਂ ਬਤੌਰ ਮੁੱਖ ਇੰਜੀਨੀਅਰ/ਐਮ.ਐਮ. ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ ਹੈ। ਇੰਜ:ਕਮਲ ਜੋਸ਼ੀ 33 ਸਾਲ ਦੇ ਲੰਬੇ ਅਰਸੇ ਵਿਚ ਵੱਖ ਵੱਖ ਮਹੱਤਵਪੂਰਨ ਅਹੁਦਿਆਂ 'ਤੇ ਕੰਮ ਕਰਦੇ ਹੋਏ ਮੁੱਖ ਇੰਜੀਨੀਅਰ ਦੇ ਅਹੁਦੇ 'ਤੇ ਪੁੱਜੇ । ਇਸ ਤੋਂ ਇਲਾਵਾ ਇੰਜ:ਕਮਲ ਜੋਸ਼ੀ ਯੂ.ਟੀ. ਚੰਡੀਗੜ੍ਹ, ਬੀ.ਬੀ.ਐਮ.ਬੀ. ਅਤੇ ਪੰਜਾਬ ਸਟੇਟ ਬਿਜਲੀ ਰੈਗੂਲੇਟਰੀ ਕਮਿਸ਼ਨ ਵਿੱਚ ਵੀ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ। ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਇੰਜੀਨੀਅਰ ਰਛਪਾਲ ਸਿੰਘ ਗਰੇਵਾਲ ਉਪ ਮੁੱਖ ਇੰਜੀਨੀਅਰ ਗ੍ਰਿਡ ਉਸਾਰੀ ਸਰਕਲ ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ ਲੁਧਿਆਣਾ ਨੂੰ ਤਰੱਕੀ ਦੇ ਕੇ ਮੁੱਖ ਇੰਜੀਨੀਅਰ ਪਲਾਨਿੰਗ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਤੈਨਾਤ ਕੀਤਾ ਗਿਆ ਹੈ, ਜਿਨ੍ਹਾਂ ਨੇ ਕੱਲ੍ਹ ਬਤੌਰ ਮੁੱਖ ਇੰਜੀਨੀਅਰ ਪਲਾਨਿੰਗ ਆਪਣੇ ਅਹੁਦੇ ਦਾ ਚਾਰਜ ਸੰਭਾਲਿਆ ਹੈ। ਇੰਜ :ਰਛਪਾਲ ਸਿੰਘ ਗਰੇਵਾਲ ਨੇ 32 ਸਾਲ ਤੋ ਵੱਧ ਦੀ ਲੰਮੇ ਸੇਵਾ ਦੌਰਾਨ ਡਿਸਟੀਬਿਊਸ਼ਨ, ਮੀਟਰਿੰਗ, ਟੈਕਨੀਕਲ ਆਡਿਟ, ਸਟੋਰ ਅਤੇ ਗ੍ਰਿਡ ਉਸਾਰੀ ਖੇਤਰਾਂ ਵਿੱਚ ਕੰਮ ਕੀਤਾ ਅਤੇ ਮੁੱਖ ਇੰਜੀਨੀਅਰ ਦੇ ਅਹੁਦੇ ਤਕ ਪੁੱਜੇ।

# ਸੱਚਖੰਡ ਸ੍ਰੀ ਚੋਲਾ ਸਾਹਿਬ ਵਿਖੇ ਮਨਾਇਆ ਪੁੰਨਿਆ ਦਾ ਦਿਹਾੜਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਦੇ ਮਹੁੱਲਾ ਚੋਲਾ ਸਾਹਿਬ ਸਥਿਤ ਗੁਰਦੁਆਰਾ ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਬਾਬਾ ਅਵਤਾਰ ਸਿੰਘ ਜੀ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲੇ 16ਵੀਂ ਪੀੜ੍ਹੀ ਅੰਸ ਬੰਸ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਅਗਵਾਈ ਹੇਠ ਪੁੰਨਿਆ ਦਾ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਸਭ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਬਾਬਾ ਅਵਤਾਰ ਸਿੰਘ ਬੇਦੀ ਗੱਦੀਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਵੱਲੋਂ ਬਾਬਾ ਸ੍ਰੀਚੰਦ ਜੀ ਦਾ ਆਰਤਾ ਗਾਇਨ ਕਰਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਭਾਈ ਸ਼ਾਮ ਸਿੰਘ ਜੌੜੀਆਂ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਬਾਬਾ ਅਵਤਾਰ ਸਿੰਘ ਬੇਦੀ ਨੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਸੰਗਤਾਂ ਵਧਾਈ ਦਿੱਤੀ ਤੇ ਕਿਹਾ ਕਿ ਸਾਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾ 'ਤੇ ਚੱਲਦਿਆਂ ਅਤੇ ਗੁਰਬਾਣੀ ਦੇ ਲੜ ਲੱਗ ਕੇ ਮਨੁੱਖਾ ਜੀਵਨ ਬਤੀਤ ਕਰਨਾ ਚਾਹੀਦਾ ਹੈ। ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਵੀ ਵਰਤਾਇਆ ਗਿਆ ।

# 'ਆਪ' ਦੇ ਸੀਨੀਅਰ ਆਗੂ ਬਲਜਿੰਦਰ ਸ਼ਰਮਾ ਦਾ ਦਿਹਾਂਤ

**ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਜਿੰਦਰ ਸ਼ਰਮਾ ਦਾ ਦਿਲ ਦੀ ਧੜਕਣ ਬੰਦ ਹੋਣ ਕਾਰਨ ਦਿਹਾਂਤ ਹੋ ਗਿਆ। ਉਨ੍ਹਾਂ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਝਬਾਲ ਵਿਖੇ ਕਰ ਦਿੱਤਾ ਗਿਆ। ਇਸ ਸਮੇਂ ਹਲਕਾ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ, ਚੇਅਰਮੈਨ ਗੁਰਦੇਵ ਸਿੰਘ ਲਾਖਨਾ, ਚੇਅਰਮੈਨ ਰਮਨ ਕੁਮਾਰ ਸ਼ਰਮਾ ਝਬਾਲ, ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਸਿੰਘ, ਸਰਪੰਚ ਸੋਨੂੰ ਚੀਮਾ, ਸਰਪੰਚ ਬਲਦੇਵ ਸਿੰਘ ਪੱਟੂ, ਸਰਪੰਚ ਨਰਿੰਦਰ ਕੁਮਾਰ ਪੱਪਾ ਝਬਾਲ, ਐਕਸੀਅਨ ਤਰਸੇਮ ਕੁਮਾਰ, ਗੁਰਦੀਪ ਸਿੰਘ, ਜ਼ਿਲ੍ਹਾ ਪ੍ਰਧਾਨ ਅੰਜੂ ਵਰਮਾ, ਕੁਲਦੀਪ ਸਿੰਘ ਰੰਧਾਵਾ, ਕਰਮਜੀਤ ਸਿੰਘ ਸੋਨੀ, ਗੁਰਦਿਆਲ ਸਿੰਘ ਲਾਲੀ, ਗੁਰਮੀਤ ਸਿੰਘ ਬਘਿਆੜੀ, ਰੋਹਿਤ ਸੂਦ, ਚਰਨਜੀਤ ਸਿੰਘ ਚੰਨ, ਲਾਲ ਸਿੰਘ ਮਿੱਠੂ, ਮਾਸਟਰ ਤਸਵੀਰ ਸਿੰਘ, ਜਸਵੰਤ ਸਿੰਘ ਜੱਸਾ ਪੰਜਵੜ, ਮਾਸਟਰ ਸ਼ਿਗਾਰਾ ਸਿੰਘ, ਸੋਨੂੰ ਕਾਜ਼ੀਕੋਟ, ਪਵਨ ਸ਼ਰਮਾ, ਡਾ. ਤਸਵੀਰ ਕੌਰ, ਬਲਜਿੰਦਰ ਸਿੰਘ ਸੋਨੂੰ, ਬਾਊ ਰੂਪ ਲਾਲ, ਮਹਿੰਦਰ ਸਿੰਘ ਪਤ, ਨਿੱਪੀ ਸੂਦ, ਮਨਜੀਤ ਸਿੰਘ, ਘੁੱਲਾ ਸਾਈਕਲਾਂ ਵਾਲਾ, ਰਣਜੀਤ ਸਿੰਘ ਰਾਣ, ਚਰਨਜੀਤ ਸਿੰਘ ਸੋਢੀ, ਬਲਬੀਰ ਸਿੰਘ ਮਿਸਤਰੀ ਨੇ ਪੀੜਤ ਪਰਿਵਾਰ ਨਾਲ ਦੁੱਖ ਦਾ ਇਜ਼ਹਾਰ ਕੀਤਾ।

# ਕਮਿਊਨਿਟੀ ਹੈਲਥ ਸੈਂਟਰ 'ਚ ਮਨਾਇਆ ਰਾਸ਼ਟਰੀ ਕੈਂਸਰ ਜਾਗਰੂਕਤਾ ਦਿਵਸ

**ਕਲਾਨੌ

ਨਵਾਂ ਜ਼ਮਾਨਾ
ਬੁੱਧਵਾਰ, 9 ਨਵੰਬਰ 2022

# ਕਹਿਰ ਢਾਹੁਣ ਦੀ ਤਿਆਰੀ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੂਬਾਈ ਗ੍ਰਹਿ ਮੰਤਰੀਆਂ ਅਤੇ ਸੀਨੀਅਰ ਪੁਲਸ ਅਫਸਰਾਂ ਦੇ ਪਹਿਲੇ ਚਿੰਤਨ ਸ਼ਿਵਰ ਨੂੰ 28 ਅਕਤੂਬਰ ਨੂੰ ਸੰਬੋਧਨ ਕਰਦਿਆਂ ਕਿਹਾ ਸੀ ਕਿ ਹਰ ਤਰ੍ਹਾਂ ਦੇ ਨਕਸਲਵਾਦ ਨੂੰ ਜੜ੍ਹੋਂ ਪੁੱਟਣ ਦੀ ਲੋੜ ਹੈ, ਭਾਵੇਂ ਉਹ ਬੰਦੂਕਾਂ ਵਾਲਾ ਹੋਵੇ ਜਾਂ ਕਲਮਾਂ ਵਾਲਾ, ਕਿਉਂਕਿ ਇਹ ਦੇਸ਼ ਦੇ ਨੌਜਵਾਨਾਂ ਨੂੰ ਗੁੰਮਰਾਹ ਕਰ ਰਿਹਾ ਹੈ। ਇਸ ਤੋਂ ਪਹਿਲਾਂ ਮੋਦੀ ਸਰਕਾਰ ਦੇ ਕਈ ਆਲੋਚਕਾਂ ਨੂੰ ਕੌਮ-ਵਿਰੋਧੀ ਤੇ ਅਰਬਨ ਨਕਸਲ ਗਰਦਾਨ ਕੇ ਜੇਲ੍ਹਾਂ ਵਿਚ ਡੱਕਿਆ ਜਾ ਚੁੱਕਿਆ ਹੈ। ਇਨ੍ਹਾਂ ਉੱਤੇ ਮਾਓਵਾਦੀਆਂ ਨਾਲ ਲਿੰਕ ਅਤੇ ਇੱਥੋਂ ਤੱਕ ਕਿ ਪ੍ਰਧਾਨ ਮੰਤਰੀ ਦੀ ਹੱਤਿਆ ਦੀ ਸਾਜ਼ਿਸ਼ ਤੱਕ ਦੇ ਦੋਸ਼ ਲਾਏ ਗਏ ਹਨ। ਇਨ੍ਹਾਂ ਵਿਚ ਐਲਗਾਰ ਪ੍ਰੀਸ਼ਦ ਗਰੁੱਪ ਨੂੰ ਖਾਸ ਤੌਰ 'ਤੇ ਨਿਸ਼ਾਨਾ ਬਣਾਇਆ ਗਿਆ, ਜਿਸ ਦੇ ਕਈ ਸਮਰਥਕ ਜੇਲ੍ਹਾਂ ਵਿਚ ਬਿਨਾਂ ਮੁਕੱਦਮਾ ਸੜ ਰਹੇ ਹਨ। 2018 ਵਿਚ ਪ੍ਰੀਸ਼ਦ ਨਾਲ ਸੰਬੰਧ ਰੱਖਣ ਵਾਲਿਆਂ ਦੀਆਂ ਗ੍ਰਿਫਤਾਰੀਆਂ ਦੀ ਦੇਸ਼ ਹੀ ਨਹੀਂ, ਵਿਦੇਸ਼ਾਂ ਵਿਚਲੇ ਮਨੁੱਖੀ ਅਧਿਕਾਰ ਕਾਰਕੁੰਨਾਂ ਤੇ ਸੰਸਥਾਵਾਂ ਨੇ ਵੀ ਨਿੰਦਾ ਕੀਤੀ ਸੀ, ਪਰ ਸਰਕਾਰ 'ਤੇ ਕੋਈ ਅਸਰ ਨਹੀਂ ਹੋਇਆ। ਨਾਗਰਿਕਤਾ ਸੋਧ ਕਾਨੂੰਨ ਤੇ ਨਾਗਰਿਕਾਂ ਦੇ ਕੌਮੀ ਰਜਿਸਟਰ ਖਿਲਾਫ ਪ੍ਰੋਟੈੱਸਟ ਕਰਨ ਵਾਲੇ ਕਈ ਵਿਦਿਆਰਥੀਆਂ ਤੇ ਨੌਜਵਾਨਾਂ ਨੂੰ ਵੀ ਦੰਗਿਆਂ ਲਈ ਉਕਸਾਉਣ ਦੇ ਦੋਸ਼ ਵਿਚ ਅੰਦਰ ਕੀਤਾ ਹੋਇਆ ਹੈ।

ਮੋਦੀ ਦੇ 'ਕਲਮਾਂ ਵਾਲੇ ਨਕਸਲੀਆਂ' ਵਾਲੇ ਬਿਆਨ ਤੋਂ ਬਾਅਦ ਹੀ ਸਮਾਜੀ ਕਾਰਕੁਨਾਂ ਤੇ ਸਰਕਾਰ ਦੇ ਆਲੋਚਕਾਂ ਨੇ ਖਦਸ਼ਾ ਪ੍ਰਗਟਾਇਆ ਸੀ ਕਿ ਸਰਕਾਰ ਹੁਣ ਦਮਨ ਦਾ ਇਕ ਹੋਰ ਦੌਰ ਚਲਾਏਗੀ। ਉਨ੍ਹਾਂ ਦਾ ਖਦਸ਼ਾ ਸਹੀ ਸਾਬਤ ਹੋਇਆ ਹੈ। ਕੇਂਦਰ ਨੇ ਸੁਰੱਖਿਆ ਏਜੰਸੀਆਂ ਨੂੰ ਕਿਹਾ ਹੈ ਕਿ ਉਹ ਦੇਸ਼ ਵਿਚ ਮਾਓਵਾਦੀ ਰਣਨੀਤੀਕਾਰਾਂ ਤੇ ਉਨ੍ਹਾਂ ਦੇ ਹਮਾਇਤੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਨੱਪਣ। ਇਸ ਹੁਕਮ ਤੋਂ ਬਾਅਦ ਕੁਝ ਐੱਨ ਜੀ ਓ ਤੇ ਨਾਗਰਿਕ ਹੱਕਾਂ ਲਈ ਲੜਨ ਵਾਲੀਆਂ ਜਥੇਬੰਦੀਆਂ 'ਤੇ ਛੇਤੀ ਹੀ ਛਾਪੇ ਸ਼ੁਰੂ ਹੋ ਜਾਣ ਤਾਂ ਹੈਰਾਨੀ ਵਾਲੀ ਗੱਲ ਨਹੀਂ ਹੋਵੇਗੀ। ਸਰਕਾਰ ਦਾ ਦਾਅਵਾ ਹੈ ਕਿ ਅਜਿਹੀਆਂ ਇੰਟੈਲੀਜੈਂਸ ਰਿਪੋਰਟਾਂ ਮਿਲੀਆਂ ਹਨ ਕਿ ਕਈ ਸ਼ਹਿਰਾਂ ਵਿਚ ਅਰਬਨ ਮਾਓਵਾਦੀ ਤੇ ਉਨ੍ਹਾਂ ਦੇ ਹਮਾਇਤੀ ਸਰਗਰਮ ਹਨ, ਜਿਹੜੇ ਅੰਡਰਗਰਾਊਂਡ ਮਾਓਵਾਦੀਆਂ ਦੀ ਮਦਦ ਕਰ ਰਹੇ ਹਨ। ਕੇਂਦਰ ਨੇ ਸੁਰੱਖਿਆ ਏਜੰਸੀਆਂ ਨੂੰ ਕਿਹਾ ਹੈ ਕਿ ਉਹ ਆਪਣੀ ਮੁਹਿੰਮ ਵਿਚ ਸੂਬਾ ਪੁਲਸ ਦਾ ਵੀ ਸਾਥ ਲੈਣ। ਬਹੁਤੇ ਸੂਬਿਆਂ ਵਿਚ ਭਾਜਪਾ ਦਾ ਰਾਜ ਹੈ ਤੇ ਉੱਥੇ ਕੇਂਦਰੀ ਏਜੰਸੀਆਂ ਤੇ ਪੁਲਸ ਮਿਲ ਕੇ ਮੋਦੀ ਸਰਕਾਰ ਦੇ ਆਲੋਚਕਾਂ 'ਤੇ ਕਹਿਰ ਢਾਹ ਸਕਦੀਆਂ ਹਨ।

## ਪਾਠਕ-ਸੱਥ

### ਡਿਸਟੈਂਸ ਐਜੂਕੇਸ਼ਨ ਦੀ ਮਹੱਤਤਾ

ਸਿੱਖਿਆ ਦੀ ਮਹੱਤਤਾ ਨੂੰ ਅਣਗੌਲਿਆ ਨਹੀਂ ਕੀਤਾ ਜਾ ਸਕਦਾ, ਕੋਈ ਕਿੱਤਾ ਹੋਵੇ ਜਾਂ ਜ਼ਿੰਦਗੀ ਦਾ ਸਫਰ ਕਰ ਇੱਕ ਜਗ੍ਹਾ 'ਤੇ ਸਿੱਖਿਆ ਸਹਾਇਕ ਵਜੋਂ ਮਦਦ ਕਰਦੀ ਹੈ। ਚੰਗੀ ਸ਼ਖਸੀਅਤ, ਨੈਤਿਕ ਕਦਰਾਂ-ਕੀਮਤਾਂ ਦੀ ਉਤਪਤੀ ਤੇ ਵਿਕਾਸ, ਲੋਕ ਰੀਤ, ਲੋਕ ਸੰਸਕਾਰਾਂ ਦਾ ਪ੍ਰਸਾਰ ਅਤੇ ਜ਼ਿੰਦਗੀ ਨੂੰ ਖੁਸ਼ਹਾਲ ਬਣਾਉਣ ਲਈ ਸਿੱਖਿਆ ਲਾਭਦਾਇਕ ਸਿੱਧ ਹੁੰਦੀ ਹੈ। ਸਿੱਖਣ ਦੀ ਕੋਈ ਉਮਰ ਨਹੀਂ ਹੁੰਦੀ, ਵਿਅਕਤੀ ਸਾਰੀ ਉਮਰ ਹੀ ਕੁਝ ਨਾ ਕੁਝ ਸਿੱਖਦਾ ਰਹਿੰਦਾ ਹੈ, ਪਰੰਤੂ ਸਮੇਂ ਸਿਰ ਪ੍ਰਾਪਤ ਕੀਤਾ ਗਿਆਨ ਜ਼ਿਆਦਾ ਉਪਯੋਗੀ ਹੁੰਦਾ ਹੈ। ਉਦਾਹਰਣ ਵਜੋਂ ਜੇਕਰ ਕੋਈ ਵਿਦਿਆਰਥੀ ਰੁਜ਼ਗਾਰ ਦੀ ਪ੍ਰਾਪਤੀ ਲਈ ਚਾਲੀ ਸਾਲ ਦੀ ਉਮਰ ਤੋਂ ਬਾਅਦ ਗਰੈਜੂਏਸ਼ਨ ਕਰਦਾ ਹੈ ਤਾਂ ਉਸ ਨੂੰ ਉਮਰ ਦੀ ਹੱਦ ਲੰਘ ਜਾਣ ਵਰਗੀਆਂ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਵਿੱਦਿਆ ਦਾ ਵਪਾਰੀਕਰਨ ਹੋਣ ਕਰਕੇ ਪੜ੍ਹਾਈ ਮਹਿੰਗਾਈ ਦੀ ਮਾਰ ਦਾ ਸਾਹਮਣਾ ਕਰ ਰਹੀ ਹੈ। ਆਰਥਕ ਤੰਗੀ ਦਾ ਸੰਤਾਪ ਝੱਲਦੇ ਹੋਏ ਵਿਦਿਆਰਥੀ ਪੜ੍ਹਾਈ ਅੱਧ-ਵਿਚਕਾਰ ਛੱਡਣ ਲਈ ਮਜਬੂਰ ਹੋ ਰਹੇ ਹਨ। ਵਿਦਿਆਰਥੀ ਪੜ੍ਹਾਈ ਛੱਡ ਕੇ ਆਪਣਾ ਅਤੇ ਆਪਣੇ ਪਰਵਾਰ ਦਾ ਪੇਟ ਪਾਲਣ ਲਈ ਭੱਠਿਆਂ, ਕਾਰਖਾਨਿਆਂ ਅਤੇ ਖੇਤਾਂ ਵਿੱਚ ਕੰਮ ਕਰਨ ਕਰਦੇ ਹੋਏ ਆਪਣੇ ਸੁਪਨਿਆਂ ਅਤੇ ਗਿਆਨ ਦੀ ਦੁਨੀਆਂ ਤੋਂ ਦੂਰ ਹੋ ਰਹੇ ਹਨ। ਅਜਿਹੇ ਵਿਦਿਆਰਥੀ ਜਿਹੜੇ ਕਿਸੇ ਮਜਬੂਰੀਵੱਸ ਰੋਜ਼ਾਨਾ ਕਾਲਜ ਨਹੀਂ ਜਾ ਸਕਦੇ, ਡਿਸਟੈਂਸ ਐਜੂਕੇਸ਼ਨ ਰਾਹੀਂ ਆਪਣੇ ਪੜ੍ਹਨ ਦਾ ਸੁਪਨਾ ਪੂਰਾ ਕਰਦੇ ਹੋਏ ਮੰਜ਼ਲ ਨੂੰ ਸਰ ਕਰ ਸਕਦੇ ਹਨ।

ਡਿਸਟੈਂਸ ਐਜੂਕੇਸ਼ਨ ਦੇ ਫਾਇਦੇ-ਡਿਸਟੈਂਸ ਐਜੂਕੇਸ਼ਨ ਇੱਕ ਅਜਿਹੀ ਸਿੱਖਿਆ ਪ੍ਰਣਾਲੀ ਹੈ, ਜਿਸ ਵਿੱਚ ਵਿਦਿਆਰਥੀਆਂ ਨੂੰ ਹਰ ਰੋਜ਼ ਕਾਲਜ ਨਹੀਂ ਜਾਣਾ ਪੈਂਦਾ। ਯੂਨੀਵਰਸਿਟੀਆਂ ਦੁਆਰਾ ਸਸਤੇ ਰੇਟ 'ਤੇ ਪਾਠ ਸਮਗਰੀ ਉਪਲੱਬਧ ਕਰਵਾਈ ਜਾਂਦੀ ਹੈ। ਵਿਦਿਆਰਥੀਆਂ ਨੂੰ ਪੜ੍ਹਾਈ ਦੌਰਾਨ ਆ ਰਹੀਆਂ ਸਮੱਸਿਆਵਾਂ ਅਤੇ ਉਹਨਾਂ ਦੇ ਮਨਾਂ ਅੰਦਰ ਪੈਦਾ ਹੋ ਰਹੇ ਪ੍ਰਸ਼ਨਾਂ ਦੇ ਹੱਲ ਲਈ ਪੀ.ਸੀ.ਪੀ ਭਾਵ ਪਰਸਨਲ ਕੰਟਰੈਕਟ ਪ੍ਰੋਗਰਾਮ ਆਯੋਜਿਤ ਕੀਤਾ ਜਾਂਦਾ ਹੈ, ਇਹ ਆਨਲਾਈਨ ਅਤੇ ਆਫਲਾਈਨ ਦੋਵੇਂ ਤਰ੍ਹਾਂ ਹੋ ਸਕਦਾ ਹੈ। ਇਸ ਸੈਸ਼ਨ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਵਿਚਕਾਰ ਵਿਸ਼ਿਆਂ 'ਤੇ ਵਿਚਾਰ-ਚਰਚਾ ਹੁੰਦੀ ਹੈ

ਪੰਜਾਬ ਵਿੱਚ ਡਿਸਟੈਂਸ ਐਜੂਕੇਸ਼ਨ ਦੀ ਪੜ੍ਹਾਈ ਪੰਜਾਬ ਯੂਨੀਵਰਸਿਟੀ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਪੰਜਾਬੀ ਯੂਨੀਵਰਸਿਟੀ ਪਟਿਆਲਾ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ, ਜਗਤ ਗੁਰੂ ਨਾਨਕ ਦੇਵ ਜੀ ਯੂਨੀਵਰਸਿਟੀ ਆਫ ਓਪਨ ਲਰਨਿੰਗ ਅਤੇ ਇੰਦਰਾ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ ਓਪਨ ਲਰਨਿੰਗ ਦੇ ਨਾਲ-ਨਾਲ ਅਜਿਹੀਆਂ ਬਹੁਤ ਸਾਰੀਆਂ ਯੂਨੀਵਰਸਿਟੀਆਂ ਹਨ, ਜੋ ਵਿਦਿਆਰਥੀਆਂ ਨੂੰ ਡਿਸਟੈਂਸ ਐਜੂਕੇਸ਼ਨ ਮੁਹੱਈਆ ਕਰਵਾ ਰਹੀਆਂ ਹਨ।

ਡਿਸਟੈਂਸ ਐਜੂਕੇਸ਼ਨ ਰਾਹੀਂ ਵਿਦਿਆਰਥੀ ਅਤੇ ਕੰਮਕਾਜ ਵਾਲੇ ਵਿਅਕਤੀ ਆਪਣੇ ਕੰਮ ਅਤੇ ਨੌਕਰੀ ਦੌਰਾਨ ਪੜ੍ਹਾਈ ਜਾਰੀ ਰੱਖ ਸਕਦੇ ਹਨ। ਮੌਜੂਦਾ ਤਕਨਾਲੋਜੀ ਦੇ ਸਮੇਂ ਵਿੱਚ ਇਹ ਗੁਣਾਤਮਕ ਅਤੇ ਮਿਆਰੀ ਰੂਪ ਵਿੱਚ ਉੱਭਰ ਰਹੀ ਹੈ।

ਸਾਨੂੰ ਸਾਰਿਆਂ ਸਕੂਲਾਂ ਅਤੇ ਕਾਲਜਾਂ ਦੇ ਨਾਲ-ਨਾਲ ਸੰਚਾਰ ਦੇ ਸਾਧਨਾਂ ਦੀ ਵਰਤੋਂ ਕਰਦਿਆਂ ਡਿਸਟੈਂਸ ਐਜੂਕੇਸ਼ਨ ਦੀ ਮਹੱਤਤਾ ਨੂੰ ਦੇਸ਼ ਦੇ ਕੋਨੇ-ਕੋਨੇ ਤੱਕ ਪਹੁੰਚਾਉਣਾ ਚਾਹੀਦਾ ਹੈ, ਤਾਂ ਜੋ ਕੋਈ ਵੀ ਵਿਅਕਤੀ ਗਿਆਨ ਦੀ ਰੌਸ਼ਨੀ ਤੋਂ ਵਾਂਝਾ ਨਾ ਰਹਿ ਸਕੇ।

*- ਰਜਵਿੰਦਰ ਪਾਲ ਸ਼ਰਮਾ, 70873-67969*

# ਗ਼ਦਰ ਪਾਰਟੀ ਦੇ ਸੰਕਲਪ ਅਤੇ ਉਦੇਸ਼ ਅੱਜ ਵੀ ਰਾਹ-ਦਸੇਰਾ

ਚਰਨ ਸਿੰਘ ਸਰਾਭਾ

ਅੱਜ ਮੇਰਾ ਭਾਰਤ ਮਹਾਨ ਆਜ਼ਾਦੀ ਪ੍ਰਾਪਤੀ ਦੇ 75 ਸਾਲ ਪੂਰੇ ਕਰ ਚੁੱਕਿਆ ਹੈ ਅਤੇ ਸਾਲ 2022 ਦੇ ਆਖ਼ਰੀ ਮਹੀਨਿਆਂ ਵਿੱਚੋਂ ਲੰਘ ਰਿਹਾ ਹੈ। ਇਨ੍ਹਾਂ ਹੀ ਮਹੀਨਿਆਂ ਵਿੱਚ ਦੋ ਸੂਬਿਆਂ ਹਿਮਾਚਲ ਪ੍ਰਦੇਸ਼ ਅਤੇ ਗੁਜਰਾਤ ਦੀਆਂ ਵਿਧਾਨ ਸਭਾਵਾਂ ਦੀਆਂ ਚੋਣਾਂ ਹੋਣ ਜਾ ਰਹੀਆਂ ਹਨ, ਜੋ ਕੇਂਦਰ ਵਿੱਚ ਰਾਜ ਕਰਦੀ ਪਾਰਟੀ ਲਈ ਅਤਿ ਮਹੱਤਵਪੂਰਨ ਹਨ ਅਤੇ ਵਿਰੋਧੀ ਪਾਰਟੀਆਂ ਵੱਲੋਂ ਵੀ ਇਸ ਨੂੰ ਪੈਰ ਜਮਾਉਣ ਦਾ ਅਵਸਰ ਮੰਨਿਆ ਜਾਂਦਾ ਹੈ। ਇਨ੍ਹਾਂ ਹਾਲਤਾਂ ਵਿੱਚ ਸੰਬੰਧਤ ਸਰਕਾਰਾਂ ਅਤੇ ਵਿਰੋਧੀ ਰਾਜਨੀਤਕ ਪਾਰਟੀਆਂ ਵੱਲੋਂ ਆਪੋ-ਆਪਣੇ ਦ੍ਰਿਸ਼ਟੀਕੋਣ ਤੋਂ ਵੱਖ-ਵੱਖ ਰੰਗਾਂ ਦੀ ਜ਼ੋਰਦਾਰ ਬਿਆਨ ਜਾਂ ਨਾਅਰੇਬਾਜ਼ੀ ਕੀਤੀ ਜਾ ਰਹੀ ਹੈ, ਕਿਧਰੇ ਦੇਸ਼ ਨੂੰ ਵਿਸ਼ਵ ਗੁਰੂ ਬਣਾਉਣ ਦੀਆਂ ਗੱਲਾਂ ਹੋ ਰਹੀਆਂ ਹਨ। ਕਿਧਰੇ ਭਾਰਤ ਜੋੜੋ ਮੁਹਿੰਮ ਚਲਾਈ ਜਾ ਰਹੀ ਹੈ। ਕਈ ਕੋਨਿਆਂ ਤੋਂ ਸਥਾਨਕ ਪੱਧਰਾਂ ਤੋਂ ਵੱਡੇ ਵਿਕਾਸ ਦੀਆਂ ਖ਼ਬਰਾਂ ਵੀ ਦਿੱਤੀਆਂ ਜਾ ਰਹੀਆਂ ਹਨ। ਕਿਧਰੇ ਭਾਰਤ ਜੋੜੋ ਮੁਹਿੰਮ ਚਲਾਈ ਜਾ ਰਹੀ ਹੈ। ਕਈ ਕੋਨਿਆਂ ਤੋਂ ਸਥਾਨਕ ਪੱਧਰਾਂ ਤੋਂ ਵੱਡੇ ਵਿਕਾਸ ਦੀਆਂ ਖ਼ਬਰਾਂ ਵੀ ਦਿੱਤੀਆਂ ਜਾ ਰਹੀਆਂ ਹਨ। ਕਈ ਰਾਜ ਕਰਦੀਆਂ ਪਾਰਟੀਆਂ ਆਪਣੇ ਚਲਦੇ ਰਾਜ ਕਾਲ ਦੇ ਸਮੇਂ ਦੀ ਤੁਲਨਾ ਪਿਛਲੇ ਸਾਲਾਂ ਨਾਲ ਕਰਦੇ ਹੋਏ ਕਹਿੰਦੀਆਂ ਹਨ ਕਿ ਉਨ੍ਹਾਂ ਨੇ ਇਸ ਸਮੇਂ ਵਿੱਚ ਉਹ ਕਰ ਦਿਖਾਇਆ ਹੈ, ਜੋ ਪਿਛਲੇ 70-75 ਸਾਲਾਂ ਵਿੱਚ ਨਹੀਂ ਸੀ ਹੋਇਆ, ਪਰ ਇਸ ਦੇ ਨਾਲ ਹੀ ਇਹ ਖ਼ਬਰਾਂ ਵੀ ਹਨ ਕਿ ਦੇਸ਼ ਭਰ ਵਿੱਚ ਫਿਰਕੂ ਨਫ਼ਰਤ ਫੈਲਾਉਣ ਦੇ ਜਤਨ ਹੋ ਰਹੇ ਹਨ। ਇਸ ਸੰਬੰਧੀ ਭਾਰਤ ਦੀ ਮਾਣਯੋਗ ਸੁਪਰੀਮ ਕੋਰਟ ਨੂੰ ਦਖ਼ਲ ਦੇਣਾ ਪਿਆ ਹੈ।

ਕੌਮਾਂਤਰੀ ਪੱਧਰ ਦੀਆਂ ਕੁਝ ਖ਼ਬਰਾਂ ਅਨੁਸਾਰ ਭਾਰਤ ਸੰਸਾਰ ਦੇ ਗੰਭੀਰ ਭੁੱਖਮਰੀ ਹੰਢਾ ਰਹੇ ਦੇਸ਼ਾਂ ਵਿੱਚੋਂ ਇੱਕ ਹੈ। ਭਾਵੇਂ ਭਾਰਤ ਸਰਕਾਰ ਨੇ ਅਜਿਹੀ ਰਿਪੋਰਟ 'ਤੇ ਅਸਿਹਮਤੀ ਪ੍ਰਗਟਾਈ ਹੈ, ਪ੍ਰੰਤੂ ਇਹ ਵਿਵਾਦ ਕੋਈ ਨਵਾਂ ਨਹੀਂ, ਪਿਛਲੇ ਸਾਲ ਵੀ ਚਲਦਾ ਰਿਹਾ ਸੀ, ਪਰ ਇੱਕ ਗੱਲ ਤਾਂ ਭਾਰਤ ਸਰਕਾਰ ਆਪ ਹੀ ਸਵੀਕਾਰ ਕਰਦੀ ਹੈ ਕਿ ਭਾਰਤ ਦੇ 80 ਕਰੋੜ ਲੋਕਾਂ ਨੂੰ ਸਰਕਾਰ ਵੱਲੋਂ ਪੰਜਾ ਕਿਲੋ ਪ੍ਰਤੀ ਮੈਂਬਰ ਪ੍ਰਤੀ ਮਹੀਨਾ ਅਨਾਜ ਦਿੱਤਾ ਜਾਂਦਾ ਹੈ। ਇਸ ਦਾ ਭਾਵ ਹੈ ਕਿ ਭਾਰਤ ਦੇ 80 ਕਰੋੜ ਲੋਕ ਅਜਿਹੇ ਹਨ, ਜੋ ਪੰਜ ਕਿਲੋ ਪ੍ਰਤੀ ਮਹੀਨਾ ਅਨਾਜ ਭਾਵ ਚਾਵਲ ਆਦਿ ਖਰੀਦ ਸਕਣ ਦੀ ਸਮਰੱਥਾ ਵੀ ਨਹੀਂ ਰੱਖਦੇ ਹਨ। ਇਸ ਤੋਂ ਬਿਨਾਂ ਇਹ ਵੀ ਖ਼ਬਰਾਂ ਹਨ ਕਿ ਭਾਰਤ ਮਨੁੱਖੀ ਵਿਕਾਸ ਵੀ ਸੰਸਾਰ ਪੱਧਰ ਦੀ ਲੜੀ ਵਿੱਚ ਪਛੜੇ ਹੋਏ ਦੇਸ਼ਾਂ ਵਿੱਚੋਂ ਇੱਕ ਹੈ। ਭਾਰਤ ਉਹ ਦੇਸ਼ ਵੀ ਹੈ, ਜਿਥੇ ਵੱਡੀ ਪੱਧਰ 'ਤੇ ਅਮੀਰ-ਗ਼ਰੀਬ ਦਾ ਪਾੜਾ ਹੈ। ਬੇਰੁਜ਼ਗਾਰੀ ਸਭ ਹੱਦਾਂ ਟੱਪ ਰਹੀ ਹੈ, ਜਿਸ ਦੇ ਸਤਾਏ ਲੱਖਾਂ ਮੁੰਡੇ-ਕੁੜੀਆਂ ਹਰ ਸਾਲ ਵਿਦੇਸ਼ਾਂ ਵੱਲ ਜਾ ਰਹੇ ਹਨ। ਜਿਹਨਾਂ ਰਾਹੀਂ ਦੇਸ਼ ਦੇ ਅਰਬਾਂ ਰੁਪਏ ਦੇ ਵਿੱਤੀ ਸਰਮਾਏ ਅਤੇ ਵੱਡੀ ਪੱਧਰ 'ਤੇ ਬੌਧਿਕ ਸਰਮਾਏ ਦਾ ਘਾਟਾ ਦੇਸ਼ ਨੂੰ ਪੈ ਰਿਹਾ ਹੈ, ਜੋ ਭਵਿੱਖ ਵਿੱਚ ਸਾਡੇ ਕੌਮੀ ਵਿਕਾਸ ਲਈ ਘਾਤਕ ਸਾਬਤ ਹੋਵੇਗਾ, ਕਿਉਂਕਿ ਅਜਿਹੇ ਨੌਜਵਾਨ ਵਿਦੇਸ਼ਾਂ ਵੱਲ ਭਾਵੇਂ ਪੜ੍ਹਾਈ ਲਈ ਜਾਂਦੇ ਮੰਨੇ ਜਾਂਦੇ ਹਨ, ਪਰ ਅਸਲ ਵਿੱਚ ਇਹ ਉਥੇ ਪੱਕੇ ਤੌਰ 'ਤੇ ਰਹਿਣ ਦੇ ਮੰਤਵ ਨਾਲ ਹੀ ਜਾਂਦੇ ਹਨ। ਕੈਨੇਡਾ, ਅਮਰੀਕਾ, ਆਸਟਰੇਲੀਆ ਵਰਗੇ ਦੇਸ਼ਾਂ ਦੀ ਨੀਤੀ ਹੈ ਕਿ ਇੱਕ ਪਾਸੇ ਪੜ੍ਹਾਈ ਦੀ ਆੜ ਵਿੱਚ ਅਰਬਾਂ-ਖ਼ਰਬਾਂ ਰੁਪਏ ਦਾ ਸਰਮਾਇਆ ਇਕੱਠਾ ਕਰ ਲੈਂਦੇ ਹਨ ਅਤੇ ਫਿਰ ਉਨ੍ਹਾਂ ਨੂੰ ਲੋੜੀਂਦੀ ਮਨੁੱਖਾ ਸ਼ਕਤੀ ਵੀ ਪ੍ਰਾਪਤ ਹੋ ਜਾਂਦੀ ਹੈ। ਸਾਡੇ ਦੇਸ਼ ਨੂੰ ਇਸ ਦਾ ਦੂਹਰਾ ਨੁਕਸਾਨ ਹੁੰਦਾ ਹੈ। ਅਜਿਹੀਆਂ ਕੌਮੀ ਪੱਧਰ ਦੀਆਂ ਗੰਭੀਰ ਅਲਾਮਤਾਂ ਦੀ ਜ਼ਿੰਮੇਵਾਰੀ ਨਾ ਪਹਿਲੀਆਂ ਸਰਕਾਰਾਂ ਵਾਲੀਆਂ ਰਾਜਨੀਤਕ ਪਾਰਟੀਆਂ ਆਪਣੇ ਧਿਰ ਲੈਂਦੀਆਂ ਹਨ ਅਤੇ ਨਾ ਹੀ ਵਰਤਮਾਨ ਸਰਕਾਰਾਂ ਵੱਲੋਂ ਇਸ ਪਾਸੇ ਕੋਈ ਧਿਆਨ ਦਿੱਤਾ ਜਾ ਰਿਹਾ ਹੈ। ਅਜਿਹਾ ਕਿਉਂ ਹੈ? ਇਨ੍ਹਾ ਅਲਾਮਤਾਂ ਦੇ ਖਾਤਮੇ ਸੰਬੰਧੀ ਵਿਚਾਰ ਜਾਂ ਸੁਝਾਅ ਰੱਖਣ ਦੀ ਥਾਂ ਇਹ ਸਰਕਾਰਾਂ ਅਤੇ ਵਧੇਰੇ ਰਾਜਨੀਤਕ ਪਾਰਟੀਆਂ ਇੱਕ ਦੂਜੇ ਵਿਰੁੱਧ ਦੂਸ਼ਣਬਾਜ਼ੀ ਕਰਕੇ ਆਪਣਾ ਪੱਲਾ ਬਚਾਉਣ ਦੇ ਯਤਨਾ ਤਕ ਸੀਮਤ ਹਨ।

ਅਜਿਹੀ ਸਥਿਤੀ ਦੇ ਨਾਲ-ਨਾਲ ਹੀ ਭਾਰਤੀ ਆਜ਼ਾਦੀ ਸੰਗਰਾਮ ਦੇ ਇਤਿਹਾਸਕ ਸਾਲ 1913 ਦੇ ਨਵੰਬਰ ਮਹੀਨੇ ਦੀ ਮਹੱਤਵਪੂਰਨ ਘਟਨਾ ਭਾਰਤੀ ਗ਼ਦਰ ਪਾਰਟੀ ਦੀ ਸਥਾਪਨਾ ਦਾ ਮਹੀਨਾ ਨਵੰਬਰ ਚੱਲ ਰਿਹਾ ਹੈ। ਜਦੋਂ 109 ਸਾਲ ਪਹਿਲਾਂ ਅਮਰੀਕਾ ਦੇ ਸ਼ਹਿਰਾ ਸਨਫਰਾਂਸਿਸਕੋ ਵਿੱਚ ਗ਼ਦਰ ਪਾਰਟੀ ਦਾ ਮੁੱਖ ਦਫ਼ਤਰ ਸਥਾਪਤ ਕੀਤਾ ਗਿਆ ਸੀ। ਗ਼ਦਰ ਪਾਰਟੀ ਦੇ ਇਹ ਚੇਤੰਨ ਅਨੁਭਵ ਵਾਲੇ ਦੇਸ਼ ਭਗਤ ਆਗੂ ਸਨ, ਜਿਨ੍ਹਾਂ ਨੇ ਵਿਦੇਸ਼ਾਂ ਵਿੱਚ ਜਾ ਕੇ ਆਪਣੇ ਤਜਰਬੇ ਤੋਂ ਸਮਝ ਲਿਆ ਕਿ ਅੰਗਰੇਜ਼ਾਂ ਸਾਮਰਾਜੀਆਂ ਵੱਲੋਂ ਕੀਤੀ ਜਾਂਦੀ ਭਾਰਤ ਦੇ ਕੁਦਰਤੀ ਸੋਮਿਆਂ ਅਤੇ ਮਜ਼ਦੂਰਾਂ-ਕਿਸਾਨਾਂ ਦੀ ਮਿਹਨਤ ਦੀ ਲੁੱਟ ਹੀ ਭਾਰਤ ਦੇ ਪਛੜੇਵੇਂ ਦਾ ਕਾਰਨ ਹੈ। ਇਨ੍ਹਾਂ ਗ਼ਦਰੀ ਆਗੂਆਂ ਨੇ ਅੰਗਰੇਜ਼ ਸਰਕਾਰ ਦੀਆਂ ਭਾਰਤੀਆਂ ਵਿਰੋਧੀ ਨੀਤੀਆਂ ਅਤੇ ਵਿਤਕਰਿਆਂ ਦੇ ਸਮਾਜਕ ਅਤੇ ਮਨੁੱਖੀ ਜ਼ੁਲਮ ਦੇ ਪਰਦੇ ਫਾਸ਼ ਕੀਤੇ ਅਤੇ ਸਪੱਸ਼ਟ ਕਿਹਾ ਕਿ ਇਨ੍ਹਾਂ ਵਧੀਕੀਆਂ ਦਾ ਅੰਤ ਭਾਰਤ ਦੀ ਪੂਰਨ ਆਜ਼ਾਦੀ ਦੀ ਪ੍ਰਾਪਤੀ ਨਾਲ ਹੀ ਹੋ ਸਕੇਗਾ।

ਆਜ਼ਾਦੀ ਸੰਗਰਾਮ ਦੇ ਵਰਕੇ ਇਹ ਵੀ ਦੱਸਦੇ ਹਨ ਕਿ ਗ਼ਦਰ ਪਾਰਟੀ ਦੇ ਇਨ੍ਹਾਂ ਸੰਵੇਦਨਸ਼ੀਲ ਆਗੂਆਂ ਨੇ ਸਮਝ ਲਿਆ ਸੀ ਕਿ ਭਾਰਤ ਵਿੱਚ ਅੰਗਰੇਜ਼ ਸਾਮਰਾਜੀਏ ਭਾਰਤੀਆਂ ਨੂੰ ਧਰਮਾਂ, ਫਿਰਕਿਆਂ, ਜਾਤਾਂ ਆਦਿ ਦੇ ਅਧਾਰ 'ਤੇ ਵੰਡੀਆਂ ਪਾ ਕੇ 'ਪਾੜੋ ਅਤੇ ਰਾਜ ਕਰੋ' ਦੀ ਨੀਤੀ ਤੇ' ਚੱਲ ਰਹੇ ਸਨ। ਇਸ ਲਈ ਗ਼ਦਰ ਪਾਰਟੀ ਦੀ ਸਥਾਪਨਾ ਸਮੇਂ ਉਨ੍ਹਾਂ ਪਹਿਲਾਂ ਹੀ ਨਿਰਧਾਰਤ ਕੀਤਾ ਕਿ 'ਗ਼ਦਰ ਪਾਰਟੀ' ਧਰਮ ਨਿਰਪ

9-NOV-PAGE-5.qxd 11/8/2022 9:45 PM Page 1



# ਮਾਨਸਾ ਸੰਘਰਸ਼ ਕਮੇਟੀ ਵੱਲੋਂ ਭਾਈ ਗੁਰਦਾਸ ਟੋਭੇ ਦੇ ਹੱਲ ਲਈ ਆਰੰਭੇ ਸੰਘਰਸ਼ ਨੂੰ ਪਿਆ ਬੂਰ

## ਨਗਰ ਕੌਂਸਲ ਨੇ ਕੂੜੇ ਨੂੰ ਸਾਫ ਕਰਨ ਵਾਲੀਆਂ ਮਸ਼ੀਨਾਂ ਨੂੰ ਕੀਤਾ ਚਾਲੂ

**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਸੰਘਰਸ਼ ਕਮੇਟੀ ਵੱਲੋਂ ਭਾਈ ਗੁਰਦਾਸ ਟੋਭੇ ਦੇ ਗੰਦਗੀ ਦੇ ਢੇਰਾਂ ਦੇ ਹੱਲ ਲਈ ਜੋ ਸੰਘਰਸ਼ ਆਰੰਭਿਆ ਸੀ, ਉਸ ਨੂੰ ਬੂਰ ਪੈਣਾ ਸ਼ੁਰੂ ਹੋ ਗਿਆ ਹੈ। ਅੱਜ ਮਾਨਸਾ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਚਰਨਜੀਤ ਸਿੰਘ ਅੱਕਾਂਵਾਲੀ ਜੋ ਕਿ ਇਮਾਨਦਾਰ ਤੇ ਕੰਮ ਕਰਨ ਦੀ ਇੱਛਾ ਸ਼ਕਤੀ ਵਾਲੇ ਸ਼ਖਸ ਹਨ, ਵੱਲੋਂ ਉਨ੍ਹਾਂ ਦੀ ਟੀਮ ਗੁਰਪ੍ਰੀਤ ਸਿੰਘ ਭੁੱਚਰ ਜਨਰਲ ਸਕੱਤਰ ਆਮ ਆਦਮੀ ਪਾਰਟੀ ਮਾਨਸਾ, ਰਣਦੀਪ ਸ਼ਰਮਾ ਐਡਵੋਕੇਟ, ਕਮਲ ਗੋਇਲ ਐਡਵੋਕੇਟ, ਸੁਨੀਲ ਕੁਮਾਰ ਨੀਨੂੰ ਐੱਮ ਸੀ, ਕੁਲਦੀਪ ਟੀਟੂ, ਰਾਜੀਵ ਸਿੰਗਲਾ, ਰਿੰਕਲਪ੍ਰੀਤ ਤੇ ਤਰਸੇਮ ਸਿੰਘ ਨੇ ਪਿਛਲੇ ਦੋ ਸਾਲਾਂ ਤੋਂ ਨਗਰ ਕੌਂਸਲ ਵੱਲੋਂ ਕੂੜੇ ਨੂੰ ਸਾਫ ਕਰਨ ਵਾਲੀਆਂ ਮਸ਼ੀਨਾਂ, ਜੋ ਬਿਨਾਂ ਵਰਤੇ ਪਈਆਂ ਸਨ ਤੇ ਜਿਨ੍ਹਾਂ ਨੂੰ ਮਾਨਸਾ ਸੰਘਰਸ਼ ਕਮੇਟੀ ਵੱਲੋਂ ਵਰਤਣ ਲਈ ਅਪੀਲ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਤੇ ਡਿਪਟੀ ਕਮਿਸ਼ਨਰ ਮਾਨਸਾ ਨੂੰ ਕੀਤੀ ਸੀ, ਨੂੰ ਅੱਜ ਚਾਲੂ ਕਰ ਦਿੱਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਾਨਸਾ ਸੰਘਰਸ਼ ਕਮੇਟੀ ਦੇ ਆਗੂ ਬਾਬਾ ਭਾਈ ਗੁਰਦਾਸ ਦੇ ਮਹੰਤ ਅੰਮ੍ਰਿਤ ਮੁਨੀ ਤੇ ਗੁਰਲਾਭ ਸਿੰਘ ਮਾਹਲ ਐਡਵੋਕੇਟ ਨੇ ਮਾਨਸਾ ਦੇ ਡਿਪਟੀ ਕਮਿਸ਼ਨਰ ਤੇ ਮਾਨਸਾ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਨਿੱਜੀ ਦਿਲਚਸਪੀ ਲੈ ਕੇ ਇਨ੍ਹਾਂ ਮਸ਼ੀਨਾਂ ਨੂੰ ਚਾਲੂ ਕਰਵਾਇਆ। ਇਸ ਸਮੇਂ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਮਨਦੀਪ ਸਿੰਘ ਗੋਰਾ ਤੇ ਕਾ. ਕ੍ਰਿਸ਼ਨ ਚੌਹਾਨ ਨੇ ਕਿਹਾ ਕਿ ਪਿਛਲੇ ਕੁੱਝ ਸਮੇਂ ਤੋਂ ਸੰਘਰਸ਼ ਕਮੇਟੀ ਵੱਲੋਂ ਭਾਈ ਗੁਰਦਾਸ ਦੇ ਟੋਭੇ ਦੇ ਕੂੜੇ ਦੇ ਮਸਲੇ ਦੇ ਹੱਲ ਲਈ ਨੈਸ਼ਨਲ ਗ੍ਰੀਨ ਟ੍ਰਿਬਿਊਨਲ, ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਕੋਲ ਚਾਰਾਜੋਈ ਕੀਤੀ ਜਾ ਰਹੀ ਸੀ, ਜਿਸ ਅਧੀਨ ਭਾਈ ਗੁਰਦਾਸ ਦੇ ਮੁਖੀ ਮਹੰਤ ਅੰਮ੍ਰਿਤ ਮੁਨੀ ਵੱਲੋਂ ਭਾਈ ਬਲਵੀਰ ਸਿੰਘ ਸੀਂਚੇਵਾਲ ਤੇ ਐੱਨ ਜੀ ਟੀ ਦੀਆਂ ਟੀਮਾਂ ਨੂੰ ਬੁਲਾਇਆ ਗਿਆ ਸੀ ਅਤੇ ਮੌਕਾ ਦਿਖਾਇਆ ਗਿਆ ਸੀ। ਇਸ ਮੌਕੇ ਗੁਰਲਾਭ ਸਿੰਘ ਮਾਹਲ ਤੇ ਨਵਨੀਤ ਸਿੰਗਲਾ ਐਡਵੋਕੇਟਸ ਵੱਲੋਂ ਐੱਨ ਜੀ ਟੀ ਨੂੰ ਲਿਖਤੀ ਸ਼ਿਕਾਇਤ ਕਾਨੂੰਨੀ ਰੂਪ ਵਿੱਚ ਤਿਆਰ ਕਰਕੇ ਇਸ ਕੂੜੇ ਦੇ ਹੱਲ ਲਈ ਦਿੱਤੀ ਗਈ ਸੀ ਤੇ ਇਸ ਤੋਂ ਇਲਾਵਾ ਮਾਨਸਾ ਸੰਘਰਸ਼ ਕਮੇਟੀ ਦੇ ਬੈਨਰ ਹੇਠ ਇਸ ਮਸਲੇ ਦੇ ਹੱਲ ਲਈ ਸ਼ਹਿਰ ਵਾਸੀਆਂ ਦੇ ਕਈ ਇਕੱਠ ਕੀਤੇ ਗਏ ਸਨ, ਜਿਸ ਦੇ ਫਲ ਸਰੂਪ ਜਿੱਥੇ ਪਹਿਲਾਂ ਸਾਢੇ ਚਾਰ ਕਰੋੜ ਦੇ ਕਰੀਬ ਫੰਡ ਇਸ ਕੂੜੇ ਦੇ ਮਸਲੇ ਦੇ ਹੱਲ ਲਈ ਆਇਆ, ਜੋ ਕਿ ਪੰਜਾਬ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਤੇ ਜ਼ਿਲ੍ਹਾ ਯੋਜਨਾ ਬੋਰਡ ਦੇ ਯਤਨਾਂ ਸਦਕਾ ਆਇਆ ਅਤੇ ਜਦ ਨਗਰ ਕੌਂਸਲ ਦੇ ਪ੍ਰਧਾਨ ਮਨਦੀਪ ਗੋਰਾ ਸਨ, ਉਨ੍ਹਾਂ ਦੇ ਸਮੇਂ ਆਈਆਂ ਕੂੜਾ ਸਾਫ ਕਰਨ ਵਾਲੀਆਂ ਮਸ਼ੀਨਾਂ ਨੂੰ ਅੱਜ ਪ੍ਰਸ਼ਾਸਨ ਵੱਲੋਂ ਚਾਲੂ ਕਰ ਦਿੱਤਾ ਗਿਆ, ਜਿਸ 'ਤੇ ਮਾਨਸਾ ਸ਼ਹਿਰ ਵਾਸੀਆਂ ਵਿੱਚ ਖੁਸ਼ੀ ਪਾਈ ਜਾ ਰਹੀ ਹੈ।

# ਕਰਜ਼ਈ ਕਿਸਾਨ ਨੇ ਕੀਤੀ ਖੁਦਕਸ਼ੀ

**ਲਹਿਰਾਗਾਗਾ (ਸਿੰਗਲਾ)**-ਹਲਕਾ ਦਿੜ੍ਹਬਾ ਦੇ ਪਿੰਡ ਡਸਕਾ ਦੇ ਇੱਕ ਗਰੀਬ ਕਿਸਾਨ ਵੱਲੋਂ ਕਰਜ਼ੇ ਤੋਂ ਦੁਖੀ ਹੋ ਕੇ ਖੁਦਕੁਸ਼ੀ ਕਰ ਲੈਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਦਵਿੰਦਰ ਸਿੰਘ ਪੁੱਤਰ ਰਤਨ ਸਿੰਘ ਵਾਸੀ ਪਿੰਡ ਡਸਕਾ ਕੋਲ ਆਪਣੀ ਬਹੁਤ ਘੱਟ ਜ਼ਮੀਨ ਸੀ, ਜਿਸ ਦੇ ਚੱਲਦੇ ਉਸ ਨੇ ਆਪਣੇ ਸਿਰ ਚੜ੍ਹੇ ਕਰਜ਼ੇ ਨੂੰ ਉਤਾਰਨ ਲਈ ਠੇਕੇ 'ਤੇ ਜ਼ਮੀਨ ਲੈ ਕੇ ਝੋਨੇ ਦੀ ਫਸਲ ਬੀਜੀ ਸੀ, ਪਰ ਝਾੜ ਘੱਟ ਨਿਕਲਣ ਤੇ ਖਰਚਾ ਵੱਧ ਹੋਣ ਦੇ ਕਾਰਨ ਉਹ ਇਸ ਸਦਮੇ ਨੂੰ ਨਾ ਸਹਾਰ ਸਕਿਆ ਤੇ ਦੁਖੀ ਹੋ ਕੇ ਬੀਤੀ ਰਾਤ ਜ਼ਹਿਰੀਲੀ ਦਵਾਈ ਪੀ ਕੇ ਉਸ ਨੇ ਆਤਮਹੱਤਿਆ ਕਰ ਲਈ। ਉਹ ਆਪਣੇ ਪਿੱਛੇ ਪਤਨੀ ਤੇ ਚਾਰ ਸਾਲਾ ਬੇਟੀ ਛੱਡ ਗਿਆ ਹੈ। ਪੁਲਸ ਨੇ 174 ਦੀ ਕਾਰਵਾਈ ਕਰਦਿਆਂ ਪੋਸਟਮਾਰਟਮ ਕਰਵਾਉਣ ਤੋਂ ਬਾਅਦ ਲਾਸ਼ ਪਰਵਾਰ ਨੂੰ ਸੌਂਪ ਦਿੱਤੀ ਹੈ। ਦੂਜੇ ਪਾਸੇ ਆਮ ਆਦਮੀ ਪਾਰਟੀ ਦੇ ਹਲਕਾ ਦਿੜ੍ਹਬਾ ਦੇ ਬਲਾਕ ਪ੍ਰਧਾਨ ਦਲਜੀਤ ਸਿੰਘ ਜੇਜੀ ਨੇ ਕਿਹਾ ਕਿ ਸਰਕਾਰ ਵੱਲੋਂ ਜੋ ਵੀ ਸੰਭਵ ਹੋਇਆ, ਪਰਵਾਰ ਦੀ ਮਦਦ ਕੀਤੀ ਜਾਵੇਗੀ।

# ਸੜਕ ਹਾਦਸੇ 'ਚ ਮੋਟਰਸਾਈਕਲ ਸਵਾਰ ਦੀ ਮੌਤ

**ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਬਲੀਬੇਗ ਬਸਤੀ ਦੇ ਨਿਵਾਸੀ ਨੌਜਵਾਨ ਸੁਭਾਸ਼ ਚੰਦਰ ਸਾਹਨੀ (27) ਦੀ ਮੰਗਲਵਾਰ ਸੜਕ ਹਾਦਸੇ ਵਿੱਚ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਸੁਭਾਸ਼ ਚੰਦਰ ਇੱਕ ਠੇਕੇਦਾਰ ਕੋਲ ਸ਼ਟਰਿੰਗ ਦਾ ਕੰਮ ਕਰਦਾ ਸੀ ਤੇ ਉਹ ਰੋਜ਼ਾਨਾ ਦੀ ਤਰ੍ਹਾਂ ਅੱਜ ਵੀ ਆਪਣੇ ਘਰੋਂ ਰਾਹੋਂ ਜਾਣ ਲਈ ਮੋਟਰਸਾਈਕਲ 'ਤੇ ਰਵਾਨਾ ਹੋਇਆ। ਸੁਭਾਸ਼ ਚੰਦਰ ਮੋਟਰਸਾਈਕਲ ਰਾਹੀਂ ਰਾਹੋਂ ਰੋਡ 'ਤੇ ਗਿੱਲ ਫਾਰਮ ਨੇੜੇ ਪਹੁੰਚਿਆ ਤਾਂ ਉਸ ਨੂੰ ਕਿਸੇ ਅਣਪਛਾਤੇ ਵਾਹਨ ਨੇ ਫੇਟ ਮਾਰ ਦਿੱਤੀ। ਇਸ ਹਾਦਸੇ ਵਿੱਚ ਸੁਭਾਸ਼ ਚੰਦਰ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਉਸ ਦਾ ਮੋਟਰਸਾਈਕਲ ਬੁਰੀ ਤਰ੍ਹਾਂ ਨੁਕਸਾਨਿਆ ਗਿਆ।

ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸਿਕੰਦਰ ਰਾਜ ਨੇ ਦੱਸਿਆ ਕਿ ਮ੍ਰਿਤਕ ਦੀ ਲਾਸ਼ ਨੂੰ ਕਬਜ਼ੇ 'ਚ ਕਰ ਪੋਸਟਮਾਰਟਮ ਲਈ ਭੇਜ ਦਿੱਤਾ ਹੈ ਅਤੇ ਅਣਪਛਾਤੇ ਵਾਹਨ ਚਾਲਕ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਨੌਜਵਾਨ ਸੁਭਾਸ਼ ਚੰਦਰ ਆਪਣੇ ਪਿੱਛੇ 2 ਛੋਟੇ-ਛੋਟੇ ਬੱਚੇ ਤੇ ਪਤਨੀ ਛੱਡ ਗਿਆ।

# ਥਰਮਲ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਵੱਲੋਂ ਸੰਘਰਸ਼ਾਂ ਦੀ ਤਿਆਰੀ ਸੰਬੰਧੀ ਕਨਵੈਨਸ਼ਨ

## 'ਆਪ' ਵੀ ਪਿਛਲੀਆਂ ਸਰਕਾਰਾਂ ਵਾਂਗ ਠੇਕਾ ਮੁਲਾਜ਼ਮਾਂ ਨਾਲ ਕਰ ਰਹੀ ਐ ਧੋਖਾ : ਮੋਰਚਾ ਆਗੂ

ਕਨਵੈਨਸ਼ਨ ਦੌਰਾਨ ਮੋਰਚਾ ਆਗੂ ਜਗਸੀਰ ਸਿੰਘ ਭੰਗੂ ਸੰਬੋਧਨ ਕਰਦੇ ਹੋਏ।

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ (ਪੰਜਾਬ) ਦੇ ਬੈਨਰ ਹੇਠ ਥਰਮਲ ਪਲਾਂਟ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਵੱਲੋਂ ਥਰਮਲ ਗੇਟ 'ਤੇ ਆਪਣੇ ਪਰਵਾਰਾਂ ਸਮੇਤ ਬੱਚਿਆਂ ਦੀ ਸ਼ਮੂਲੀਅਤ ਨਾਲ ਅਗਲੇ ਸੰਘਰਸ਼ਾਂ ਦੀ ਤਿਆਰੀ ਸੰਬੰਧੀ ਕਨਵੈਨਸ਼ਨ ਕੀਤੀ। ਮੋਰਚੇ ਦੇ ਸੂਬਾਈ ਆਗੂਆਂ ਜਗਰੂਪ ਸਿੰਘ, ਗੁਰਵਿੰਦਰ ਸਿੰਘ ਪੰਨੂੰ, ਜਗਸੀਰ ਸਿੰਘ ਭੰਗੂ, ਬਾਦਲ ਸਿੰਘ ਭੁੱਲਰ ਤੇ ਬਲਜਿੰਦਰ ਸਿੰਘ ਮਾਨ ਨੇ ਭਰਵੇਂ ਇਕੱਠ ਨੂੰ ਸੰਬੋਧਨ ਦੌਰਾਨ ਸਮੂਹ ਸਰਕਾਰੀ ਵਿਭਾਗਾਂ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਰੈਗੂਲਰ ਨਾ ਕਰਨ ਦੀ ਸ਼ਖਤ ਸਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਅੱਜ ਜਦੋਂਕਿ ਕੇਂਦਰ ਤੇ ਸੂਬਾ ਸਰਕਾਰਾਂ ਦੀਆਂ ਕਾਰਪੋਰੇਟ ਪੱਖੀ ਗਲਤ ਨੀਤੀਆਂ ਕਾਰਨ ਮਹਿੰਗਾਈ ਅਸਮਾਨ ਨੂੰ ਛੂਹ ਰਹੀ ਹੈ, ਉਸ ਸਮੇਂ ਪੰਜਾਬ ਸਰਕਾਰ ਵੱਲੋਂ ਆਊਟਸੋਰਸਡ ਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਦੀਆਂ ਲੰਬੀਆਂ ਸੇਵਾਵਾਂ ਨੂੰ ਅਣ-ਵੇਖਿਆ ਕਰਕੇ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਨਹੀਂ ਕੀਤਾ ਜਾ ਰਿਹਾ ਹੈ ਅਤੇ ਨਾ ਹੀ ਉਨ੍ਹਾਂ ਦੀਆਂ ਤਨਖਾਹਾਂ ਵਿੱਚ ਕੋਈ ਉਚਿਤ ਵਾਧਾ ਕੀਤਾ ਜਾ ਰਿਹਾ ਹੈ। ਲੇਬਰ ਐਕਟ 1948 ਦੇ ਫਾਰਮੂਲੇ ਤਹਿਤ ਇੱਕ ਅਣ-ਸਿੱਖਿਅਤ ਠੇਕਾ ਮੁਲਾਜ਼ਮ ਨੂੰ ਘੱਟੋ-ਘੱਟ 25 ਹਜ਼ਾਰ ਰੁਪਏ ਤਨਖ਼ਾਹ ਤੈਅ ਕਰਨੀ ਬਣਦੀ ਹੈ। ਆਪਣੇ-ਆਪ ਨੂੰ ਲੋਕ ਹਿਤੈਸ਼ੀ ਕਹਾਉਣ ਵਾਲੀ ਆਪ ਸਰਕਾਰ ਪਾਵਰਕਾਮ ਸਮੇਤ ਸਮੂਹ ਸਰਕਾਰੀ ਵਿਭਾਗਾਂ 'ਚ ਬਾਹਰੋਂ ਨਵੀਂ ਸਿੱਧੀ ਭਰਤੀ ਕਰਕੇ ਵਿਭਾਗਾਂ ਵਿੱਚੋਂ ਠੇਕਾ ਮੁਲਾਜ਼ਮਾਂ ਦੀਆਂ ਛਾਂਟੀਆਂ ਕੀਤੀਆਂ ਜਾ ਰਹੀਆਂ ਹਨ, ਠੇਕਾ ਮੁਲਾਜ਼ਮਾਂ ਦੀ ਡਿਊਟੀ ਦੌਰਾਨ ਮੌਤ ਹੋਣ 'ਤੇ ਪਰਵਾਰਾਂ ਨੂੰ ਕੋਈ ਯੋਗ ਮੁਆਵਜ਼ਾ ਤੇ ਸਰਕਾਰੀ ਨੌਕਰੀ ਵੀ ਨਹੀਂ ਦਿੱਤੀ ਜਾ ਰਹੀ ਅਤੇ ਨਾ ਹੀ ਛਾਂਟੀ ਕੀਤੇ ਠੇਕਾ ਮੁਲਾਜ਼ਮਾਂ ਨੂੰ ਮੁੜ ਨੌਕਰੀ 'ਤੇ ਮੁੜ ਬਹਾਲ ਕੀਤਾ ਜਾ ਰਿਹਾ ਹੈ। ਜਲ ਸਪਲਾਈ ਤੇ ਸੈਨੀਟੇਸ਼ਨ ਸਮੇਤ ਹੋਰਨਾਂ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਨੂੰ ਚਾਰ-ਚਾਰ ਮਹੀਨੇ ਤੱਕ ਨਿਗੂਣੀਆਂ ਤਨਖਾਹਾਂ ਵੀ ਨਹੀਂ ਦਿੱਤੀਆਂ ਜਾ ਰਹੀਆਂ। ਇਸ ਸਭ ਦੇ ਬਾਵਜੂਦ ਮੁੱਖ ਮੰਤਰੀ ਪੰਜਾਬ ਵੱਲੋਂ ਹਿਮਾਚਲ ਤੇ ਗੁਜਰਾਤ ਵਿੱਚ ਜਾ ਕੇ ਪੰਜਾਬ ਦੇ ਪੀੜਤ ਆਊਟਸੋਰਸਡ ਠੇਕਾ ਮੁਲਾਜ਼ਮਾਂ ਦੇ ਸੰਬੰਧ ਵਿੱਚ ਮਗਰਮੱਛ ਦੇ ਹੰਝੂ ਕੇਰਕੇ ਵੋਟਾਂ ਵਟੋਰਨ ਦੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ, ਜਿਸ ਦੇ ਵਿਰੋਧ ਵਜੋਂ ਸਮੂਹ ਵਿਭਾਗਾਂ ਦੇ ਆਊਟਸੋਰਸਡ ਤੇ ਇਨਲਿਸਟਮੈਂਟ ਠੇਕਾ ਮੁਲਾਜ਼ਮ 'ਸੰਘਰਸ਼ ਮੋਰਚੇ' ਦੇ ਬੈਨਰ ਹੇਠ 15 ਤੇ 16 ਨਵੰਬਰ ਨੂੰ ਦੋ ਦਿਨਾਂ ਦੀ ਇਤਫ਼ਾਕੀ ਛੁੱਟੀ ਦੇ ਕੇ ਵਿਭਾਗਾਂ ਦੇ ਕੰਮ ਨੂੰ ਮੁਕੰਮਲ ਜਾਮ ਕਰਕੇ ਆਪਣੇ-ਆਪਣੇ ਵਿਭਾਗਾਂ ਦੇ ਦਫਤਰਾਂ ਅੱਗੇ ਪਰਵਾਰਾਂ ਤੇ ਬੱਚਿਆਂ ਸਮੇਤ ਧਰਨੇ ਦੇਣਗੇ।

## ਕਾਤਰਾਂ

### ਕੁੱਟਮਾਰ ਦੇ ਦੋਸ਼ 'ਚ ਮਾਮਲਾ ਦਰਜ

**ਮਲੋਟ (ਗੁਰਮੀਤ ਸਿੰਘ ਮੱਕੜ)**-ਪੁਲਸ ਨੇ ਕੁੱਟਮਾਰ ਕਰਨ ਦੇ ਦੋਸ਼ ਹੇਠ 10 ਵਿਅਕਤੀਆਂ 'ਤੇ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਆਪਣੇ ਬਿਆਨਾਂ ਵਿੱਚ ਵਿੱਕੀ ਸਿੰਘ ਵਾਸੀ ਭੀਟੀਵਾਲਾ ਨੇ ਦੱਸਿਆ ਕਿ ਉਹ ਸਕਿਉਰਟੀ ਗਾਰਡ ਚੰਡੀਗੜ੍ਹ ਵਿਖੇ ਕੰਮ ਕਰਦਾ ਹੈ ਤੇ ਭੈਣ ਦੇ ਵਿਆਹ ਲਈ ਆਪਣੇ ਪਿੰਡ ਭੀਟੀਵਾਲਾ ਆਇਆ ਸੀ ਅਤੇ ਜਦੋਂ ਰਾਤ ਨੂੰ ਖਾਣਾ ਖਾਣ ਤੋਂ ਬਾਅਦ ਨਹਿਰ ਦੇ ਕਿਨਾਰੇ ਤੁਰ ਰਿਹਾ ਸੀ ਤਾਂ ਦੋ ਮੋਟਰਸਾਈਕਲ 'ਤੇ ਬਲਜਿੰਦਰ ਸਿੰਘ, ਸੁਖਰਾਜ ਸਿੰਘ, ਗੱਗੂ ਸਿੰਘ, ਛਿੰਦਾ ਸਿੰਘ, ਕਾਜੂ ਸਿੰਘ ਵਾਸੀ ਭੀਟੀਵਾਲਾ ਤੇ 5 ਅਣਪਛਾਤੇ ਵਿਅਕਤੀ ਆਏ ਅਤੇ ਉਨ੍ਹਾਂ ਵੱਲੋਂ ਉਸ ਨਾਲ ਕੁੱਟਮਾਰ ਕੀਤੀ ਗਈ, ਜਿਸ ਕਰਕੇ ਉਸ ਦੇ ਅਤੇ ਉਸ ਦੇ ਭਾਈ ਦੇ ਵੀ ਸੱਟਾਂ ਲੱਗੀਆਂ। ਪੁਲਸ ਨੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਅੱਖਾਂ ਦਾ ਚੈੱਕਅੱਪ ਕੈਂਪ 12 ਨੂੰ

**ਮਹਿਲ ਕਲਾਂ (ਗੁਰਪ੍ਰੀਤ ਸਿੰਘ ਅਣਖੀ)**- ਇਤਿਹਾਸਕ ਗੁਰਦੁਆਰਾ ਜੰਡਸਰ ਸਾਹਿਬ ਠੁੱਲੀਵਾਲ (ਬਰਨਾਲਾ) ਵਿਖੇ ਦਾਨੀ ਸੱਜਣਾਂ, ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਸਦਕਾ ਅੱਖਾਂ ਦਾ ਦੂਸਰਾ ਚੈੱਕਅੱਪ ਕੈਂਪ 12 ਨਵੰਬਰ ਨੂੰ ਸਵੇਰੇ 9 ਵਜੇ ਤੋਂ 2 ਵਜੇ ਤੱਕ ਲਗਾਇਆ ਜਾ ਰਿਹਾ ਹੈ। ਗੁਰਦੁਆਰਾ ਜੰਡਸਰ ਸਾਹਿਬ ਕਮੇਟੀ ਪ੍ਰਧਾਨ ਭਾਈ ਗੁਰਸੇਵਕ ਸਿੰਘ ਠੁੱਲੀਵਾਲ ਨੇ ਦੱਸਿਆ ਕਿ ਇਸ ਮੌਕੇ ਪੰਜਾਬ ਅੱਖਾਂ ਦਾ ਹਸਪਤਾਲ ਬਰਨਾਲਾ ਦੇ ਮਾਹਰ ਡਾਕਟਰ ਗੁਰਪਾਲ ਸਿੰਘ ਆਪਣੀ ਸਹਿਯੋਗੀ ਟੀਮ ਸਮੇਤ ਅੱਖਾਂ ਦੇ ਮਰੀਜ਼ਾਂ ਦੀ ਜਾਂਚ ਕਰਨਗੇ। ਮਰੀਜ਼ਾਂ ਨੂੰ ਲੈਂਨਜ਼ ਵਾਲੀਆਂ ਐਨਕਾਂ, ਦਵਾਈਆਂ ਦੇਣ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦੇ ਆਪ੍ਰੇਸ਼ਨ ਕੀਤੇ ਜਾਣਗੇ।

### ਪੱਤਰਕਾਰ ਦਵਿੰਦਰ ਪਾਲ ਦੇ ਬੇਟੇ ਦੀ ਬੇਵਕਤ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

**ਲੁਧਿਆਣਾ/ਮਾਨਸਾ (ਭਾਟੀਆ, ਕਬੂਰੀਆ, ਪਮਾਰ)** : ਇਥੋਂ ਦੀਆਂ ਕਈ ਜਨਤਕ ਤੇ ਸਿਆਸੀ ਜਥੇਬੰਦੀਆਂ ਨੇ ਉੱਘੇ ਪੱਤਰਕਾਰ ਦਵਿੰਦਰ ਪਾਲ ਦੇ ਬੇਟੇ ਦੀ ਦਰਦਨਾਕ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ, ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ, ਬਾਬਾ ਬੂਝਾ ਸਿੰਘ ਯਾਦਗਾਰ ਟਰੱਸਟ, ਮਜ਼ਦੂਰ ਮੁਕਤੀ ਮੋਰਚਾ ਪੰਜਾਬ, ਪੰਜਾਬ ਕਿਸਾਨ ਯੂਨੀਅਨ, ਪ੍ਰਗਤੀਸ਼ੀਲ ਇਸਤਰੀ ਸਭਾ, ਇਨਕਲਾਬੀ ਨੌਜਵਾਨ ਸਭਾ, ਆਲ ਇੰਡੀਆ ਸੈਂਟਰਲ ਕੌਂਸਿਲ ਆਫ ਟਰੇਡ ਯੂਨੀਅਨਜ਼, ਡੀ ਟੀ ਐੱਫ ਤੇ ਰੈਡੀਕਲ ਪੀਪਲਜ਼ ਫੋਰਮ ਪੰਜਾਬ ਦੇ ਆਗੂਆਂ ਨੇ ਕਿਹਾ ਕਿ ਇਸ ਦਰਦਨਾਕ ਹਾਦਸੇ ਨੇ ਇੱਕ ਹੋਣਹਾਰ ਨੌਜਵਾਨ ਦੀ ਜ਼ਿੰਦਗੀ ਹੀ ਅਧਵਾਟੇ ਖਤਮ ਨਹੀਂ ਕੀਤੀ, ਸਗੋਂ ਪੰਜਾਬੀ ਦੇ ਨਿੱਡਰ ਪੱਤਰਕਾਰ ਦਵਿੰਦਰ ਪਾਲ ਤੇ ਉਨ੍ਹਾਂ ਦੇ ਪੂਰੇ ਪਰਿਵਾਰ ਉਤੇ ਭਿਆਨਕ ਸੱਟ ਮਾਰੀ ਹੈ। ਆਗੂਆਂ ਦਾ ਕਹਿਣਾ ਹੈ ਕਿ ਇਸ ਅਥਾਹ ਸਦਮੇ ਦੀ ਘੜੀ ਅਸੀਂ ਤੇ ਲੱਖਾਂ ਹੋਰ ਪੰਜਾਬੀ ਦਵਿੰਦਰ ਪਾਲ ਤੇ ਉਨ੍ਹਾਂ ਦੇ ਪਰਵਾਰ ਦੇ ਇਸ ਦੁੱਖ 'ਚ ਸ਼ਾਮਲ ਹਾਂ।

# ਪੈਨਸ਼ਨਰਜ਼ ਵੱਲੋਂ ਸਰਕਾਰ ਖਿਲਾਫ਼ ਨਾਅਰੇਬਾਜ਼ੀ

**ਸੰਗਰੂਰ (ਪ੍ਰਵੀਨ ਸਿੰਘ)**

ਆਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਬੈਨਰ ਹੇਠ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਸਰਪ੍ਰਸਤ ਜਗਦੀਸ਼ ਸ਼ਰਮਾ, ਅਰਜਨ ਸਿੰਘ, 

page-6-9-Nov-2022-G.qxd 11/8/2022 9:55 PM Page 1



# ਗੁਰਦੁਆਰਾ ਬੇਰ ਸਾਹਿਬ ਵਿਖੇ ਲੱਖਾਂ ਸੰਗਤਾਂ ਹੋਈਆਂ ਨਤਮਸਤਕ

## ਆਤਿਸ਼ਬਾਜੀ ਰਹੀ ਖਿੱਚ ਦਾ ਕੇਂਦਰ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸਿੱਖ ਧਰਮ ਦੇ ਬਾਨੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਪਵਿੱਤਰ ਨਗਰੀ ਸੁਲਤਾਨਪੁਰ ਲੋਧੀ ਵਿਖੇ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਨੂੰ ਵੱਖ-ਵੱਖ ਫੁੱਲਾਂ ਅਤੇ ਲਾਈਟਾਂ ਨਾਲ ਸਜਾਇਆ ਗਿਆ। ਸਵੇਰ ਤੋਂ ਸ਼ਾਮ ਤੱਕ ਸੰਗਤਾਂ ਨੇ ਲੰਮੀਆਂ ਲੰਮੀਆਂ ਕਤਾਰਾਂ ਵਿੱਚ ਖੜ੍ਹ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਮੱਥਾ ਟੇਕਿਆ ਅਤੇ ਪਵਿੱਤਰ ਸਰੋਵਰ ਤੇ ਵੇਈਂ ਨਦੀ ਵਿਚ ਇਸ਼ਨਾਨ ਕੀਤਾ। ਸ਼ਾਮ ਵੇਲੇ ਆਤਿਸ਼ਬਾਜੀ ਕੀਤੀ ਗਈ ਜਿਸ ਨੇ ਸਾਰਿਆਂ ਦਾ ਮਨ ਮੋਹ ਲਿਆ। ਇਸ ਮੌਕੇ ਭਾਈ ਮਰਦਾਨਾ ਦੀਵਾਨ ਹਾਲ ਵਿਖੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਸਟੇਜ ਲਗਾਈ ਗਈ। ਸਵੇਰ ਤੋਂ ਸ਼ਾਮ ਤੱਕ ਕੀਰਤਨੀ ਜਥੇ, ਰਾਗੀ, ਢਾਡੀ ਜਥਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਨਾਲ ਨਿਹਾਲ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਹਰਜਿੰਦਰ ਸਿੰਘ ਨੇ ਸਾਹਿਬ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੀ ਮੱਕਾ ਮਦੀਨਾ ਫੇਰੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਪ੍ਰਮਾਤਮਾ ਇੱਕ ਹੈ ਅਤੇ ਹਰੇਕ ਕਣ ਵਿੱਚ ਵੱਸਦਾ ਹੈ। ਗੁਰੂ ਨਾਨਕ ਸਾਹਿਬ ਜੀ ਨੂੰ ਕਲਯੁਗ ਦਾ ਅਵਤਾਰ ਵੀ ਕਿਹਾ ਜਾਂਦਾ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਹੋਰ ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਸਮੂਹ ਸੰਗਤਾਂ ਨੂੰ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ। ਸ਼੍ਰੋਮਣੀ ਕਮੇਟੀ ਦੇ ਸਾਬਕਾ ਸਕੱਤਰ ਮਹਿੰਦਰ ਸਿੰਘ ਆਹਲੀ, ਮੈਨੇਜਰ ਸਤਿੰਦਰ ਸਿੰਘ ਬਾਜਵਾ ਨੇ ਸਮੂਹ ਪਤਵੰਤਿਆਂ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕੀਤਾ। ਭਾਈ ਮਰਦਾਨਾ ਦੀਵਾਨ ਹਾਲ ਵਿੱਚ ਭਾਈ ਦਿਆਲ ਸਿੰਘ, ਭਾਈ ਕਮਲਦੀਪ ਸਿੰਘ ਹਜੂਰੀ ਰਾਗੀ ਜਥਾ, ਭਾਈ ਭੁਪਿੰਦਰ ਸਿੰਘ, ਪ੍ਰਚਾਰ ਭਾਈ ਫੌਜਾ ਸਿੰਘ ਦੇ ਸੰਗਤਾਂ ਨੂੰ ਗੁਰਬਾਣੀ ਨਾਲ ਨਿਹਾਲ ਕੀਤਾ। ਇਸ ਮੌਕੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ, ਬਾਬਾ ਕਸ਼ਮੀਰ ਸਿੰਘ ਭੂਰੀਵਾਲੇ, ਬਾਬਾ ਜਗਤਾਰ ਸਿੰਘ, ਬਾਬਾ ਗੱਜਣ ਸਿੰਘ ਬਾਬਾ ਬਕਾਲਾ, ਬਾਬਾ ਸੇਵਾ ਸਿੰਘ ਖਡੂਰ ਸਾਹਿਬ , ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਆਦਿ ਮਹਾਂਪੁਰਸ਼ਾਂ ਨੇ ਵੀ ਸ਼ਮੂਲੀਅਤ ਕੀਤੀ।

ਇਸ ਮੌਕੇ ਵੱਖ ਵੱਖ ਪ੍ਰਕਾਰ ਦੇ ਲੰਗਰ ਅਟੁੱਟ ਵਰਤਾਏ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਪ੍ਰੀਤ ਕੌਰ ਰੂਹੀ, ਜਰਨੈਲ ਸਿੰਘ ਡੋਗਰਾਂਵਾਲ, ਸਰਵਣ ਸਿੰਘ ਕੁਲਾਰ, ਬਲਦੇਵ ਸਿੰਘ ਕਲਿਆਣ ਤੇ ਰਜਿੰਦਰ ਸਿੰਘ ਮਹਿਤਾ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਕੈਪਟਨ ਹਰਮਿੰਦਰ ਸਿੰਘ, ਸਾਬਕਾ ਖਜਾਨਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਹਲਕਾ ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ, ਕਪੂਰਥਲਾ ਤੋਂ ਵਿਧਾਇਕ ਰਾਣਾ ਗੁਰਜੀਤ ਸਿੰਘ, ਹਲਕਾ ਸ਼ਾਹਕੋਟ ਦੇ ਵਿਧਾਇਕ ਹਰਦੇਵ ਸਿੰਘ ਲਾਡੀ, ਹਲਕਾ ਇੰਚਾਰਜ ਸੱਜਣ ਸਿੰਘ ਚੀਮਾ, ਰਤਨ ਸਿੰਘ ਹਲਕਾ ਸ਼ਾਹਕੋਟ, ਆਈ ਸੀ ਨੌਨਿਹਾਲ ਸਿੰਘ, ਮਾਨਯੋਗ ਜੱਜ ਮੁਹੇਸ਼ ਕੁਮਾਰ, ਸਾਬਕਾ ਚੇਅਰਮੈਨ ਸੁਰਜੀਤ ਸਿੰਘ ਢਿੱਲੋਂ, ਇੰਜੀਨੀਅਰ ਸਵਰਨ ਸਿੰਘ ਆਦਿ ਹਾਜਰ ਸਨ।

# ਕਾਮਰੇਡ ਜਗਜੀਤ ਸਿੰਘ ਔਜਲਾ ਨੂੰ ਭਾਵਭਿੰਨੀਆਂ ਸ਼ਰਧਾਂਜਲੀਆਂ

## ਆਜ਼ਾਦੀ ਸੰਗਰਾਮੀਆਂ ਦੀ ਸੋਚ ਦਾ ਦੇਸ਼ ਅਜੇ ਤੱਕ ਨਾ ਬਣਨਾ ਦੁੱਖ ਵਾਲੀ ਗੱਲ : ਪ੍ਰਿਥੀਪਾਲ ਮਾੜੀਮੇਘਾ

ਧਾਰੀਵਾਲ(ਮਨਦੀਪ ਸਿੰਘ ਵਿੱਕੀ)-ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਜ਼ਿਲ੍ਹਾ ਗੁਰਦਾਸਪੁਰ ਦੇ ਸਾਬਕਾ ਕੌਂਸਲ ਮੈਂਬਰ ਤੇ ਬਲਾਕ ਗੁਰਦਾਸਪੁਰ ਦੇ ਸਾਬਕਾ ਸਕੱਤਰ ਅਤੇ ਫਿਰਕਾਪ੍ਰਸਤੀ ਵਿਰੋਧੀ ਕਾਮਰੇਡ ਜਗਜੀਤ ਸਿੰਘ ਔਜਲਾ ਦਾ ਸ਼ਰਧਾਂਜਲੀ ਸਮਾਗਮ ਉਨ੍ਹਾਂ ਦੇ ਗ੍ਰਹਿ ਨਿਵਾਸ ਪਿੰਡ ਔਜਲਾ (ਗੁਰਦਾਸਪੁਰ) ਵਿਖੇ ਹੋਇਆ। ਇਸ ਪਹਿਲਾਂ ਉਨ੍ਹਾਂ ਦੇ ਨਮਿੱਤ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ। ਉਪਰੰਤ ਭਾਈ ਆਗਿਆਪਾਲ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਵੈਰਾਗਮਈ ਕੀਰਤਨ ਕੀਤਾ। ਉਪਰੰਤ ਸ਼ਰਧਾਂਜਲੀ ਸਮਾਗਮ ਦੌਰਾਨ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਦੇ ਕੌਮੀ ਕੌਂਸਲ ਮੈਂਬਰ ਕਾਮਰੇਡ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੇਵਾ ਮੁਕਤ ਐੱਸਐੱਸਪੀ ਜਗਜੀਤ ਸਿੰਘ ਭਗਤਾਨਾ, ਜਥੇਦਾਰ ਹਰਬੰਸ ਸਿੰਘ ਸਿੱਧਵਾਂ, ਬਾਰ ਐਸੋਸੀਏਸ਼ਨ ਹਾਈਕੋਰਟ ਦੇ ਸਾਬਕਾ ਪ੍ਰਧਾਨ ਡੀ. ਪੀ. ਐੱਸ. ਰੇਧਾਵਾ, ਬਾਰ ਐਸੋਸੀਏਸ਼ਨ ਗੁਰਦਾਸਪੁਰ ਵਲੋਂ ਪ੍ਰਧਾਨ ਐਡਵੋਕੇਟ ਰਾਕੇਸ਼ ਸ਼ਰਮਾ, ਕਿਸਾਨ ਆਗੂ ਕਾਮਰੇਡ ਬਲਦੇਵ ਸਿੰਘ ਖਹਿਰਾ ਆਦਿ ਸਮੇਤ ਵੱਖ-ਵੱਖ ਸਮਾਜਸੇਵੀ, ਧਾਰਮਿਕ ਅਤੇ ਰਾਜਨੀਤਿਕ ਜਥੇਬੰਦੀਆਂ ਦੇ ਆਗੂਆਂ ਨੇ ਕਾਮਰੇਡ ਜਗਜੀਤ ਸਿੰਘ ਔਜਲਾ ਨੂੰ ਭਾਵਭਿੰਨੀਆਂ ਸ਼ਰਧਾਂਜਲੀਆਂ ਭੇਟ ਕੀਤੀਆਂ। ਬੁਲਾਰਿਆਂ ਨੇ ਕਿਹਾ ਕਿ ਕਾਮਰੇਡ ਜਗਜੀਤ ਸਿੰਘ ਔਜਲਾ ਆਪਣੇ ਪਿਤਾ ਮਰਹੂਮ ਕਾਮਰੇਡ ਮੋਹਣ ਸਿੰਘ ਔਜਲਾ ਦੇ ਪਾਏ ਪੂਰਨਿਆਂ 'ਤੇ ਚੱਲਦਿਆਂ ਪਰਿਵਾਰਕ ਜ਼ਿੰਮੇਦਾਰੀਆਂ ਬਾਖੂਬੀ ਨਿਭਾਉਣ ਦੇ ਨਾਲ ਨਾਲ ਸਾਰੀ ਜ਼ਿੰਦਗੀ ਗਰੀਬਾਂ, ਮਜ਼ਦੂਰਾਂ, ਗਰੀਬਾਂ ਅਤੇ ਕਿਸਾਨਾਂ ਦੇ ਹਮਦਰਦ ਰਹੇ ਅਤੇ ਉਨ੍ਹਾਂ ਦੇ ਹੱਕਾਂ ਦੀ ਪ੍ਰਾਪਤੀ ਲਈ ਹਰ ਸੰਘਰਸ਼ ਵਿੱਚ ਵੱਧ-ਚੜ੍ਹ ਕੇ ਯੋਗਦਾਨ ਪਾਉਂਦੇ ਰਹੇ। ਕਮਿਊਨਿਸਟਾਂ ਤੋਂ ਇਲਾਵਾ ਵੀ ਸਾਰੀਆਂ ਪਾਰਟੀਆਂ ਉਨ੍ਹਾਂ ਦਾ ਸਤਿਕਾਰ ਕਰਦੀਆਂ ਸਨ।

ਕਾਮਰੇਡ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਕਾਮਰੇਡ ਬੰਤ ਬਰਾੜ ਅਤੇ ਸਮੁੱਚੀ ਪਾਰਟੀ ਵਲੋਂ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ ਬਾਅਦ ਸ਼ਹੀਦੀ ਪਰਵਾਨਿਆਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਦੀ ਬਜਾਏ ਸਮੇਂ ਸਮੇਂ ਦੀਆਂ ਹਾਕਮ ਸਰਕਾਰਾਂ ਨੇ ਹਮੇਸ਼ਾ ਗਰੀਬਾਂ, ਕਿਸਾਨਾਂ ਤੇ ਮਜ਼ਦੂਰਾਂ ਨੂੰ ਲਤਾੜ ਕੇ ਰੱਖਣ ਵਾਲੇ ਅਤੇ ਕਾਰਪੋਰੇਟ ਘਰਾਣਿਆਂ ਖੱਪੀ ਫੈਸਲੇ ਲਏ। ਬੇਰੁਜ਼ਗਾਰੀ ਵਿੱਚ ਬੇਤਹਾਸ਼ਾ ਵਾਧਾ ਹੋਇਆ ਹੈ ਅਤੇ ਕਿਸਾਨ ਤੇ ਖੇਤ ਮਜ਼ਦੂਰ ਸਰਕਾਰਾਂ ਦੀਆਂ ਗਲਤ ਪਾਲਸੀਆਂ ਕਾਰਨ ਕਰਜ਼ਾਈ ਹੋ ਕੇ ਮਰ ਰਹੇ ਹਨ। ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ, ਰਾਜ ਗੁਰੂ ਸੁਖਦੇਵ, ਸ਼ਹੀਦ ਊਧਮ ਸਿੰਘ, ਤੇਜਾ ਸਿੰਘ ਸੁਤੰਤਰ ਆਦਿ ਸਮੇਤ ਕਈ ਆਜ਼ਾਦੀ ਘੁਲਾਟੀਆਂ ਨੇ ਦੇਸ਼ ਵਿੱਚ ਬਰਾਬਰਤਾ ਲਿਆਉਣ ਦੇ ਸੁਪਨੇ ਲੈ ਕੇ ਆਪਾ ਵਾਰ ਕੇ ਦੇਸ਼ ਨੂੰ ਅੰਗਰੇਜ਼ ਹਕੂਮਤ ਤੋਂ ਆਜ਼ਾਦ ਕਰਵਾਇਆ। ਪਰ ਦੁੱਖ ਹੈ ਕਿ ਦੇਸ਼ ਦੀ ਆਜ਼ਾਦੀ ਦੇ ਸੰਗਰਾਮੀਆਂ ਦੀ ਸੋਚ ਦਾ ਦੇਸ਼ ਨਹੀਂ ਬਣਿਆ। ਦੇਸ਼ ਤੇ ਪੰਜਾਬ ਵਿੱਚ ਨੌਜਵਾਨ ਵਿਹਲੇ ਹਨ, ਸਾਡੀ ਜਾਇਦਾਦ ਵਿਦੇਸ਼ਾਂ ਨੂੰ ਦੌੜ ਰਹੀ ਹੈ। ਜ਼ਮੀਨਾਂ ਵੇਚ-ਵੇਚ ਕੇ ਲੋਕ ਵਿਦੇਸ਼ਾਂ ਨੂੰ ਭੱਜਣ ਲੱਗੇ ਹੋਏ ਹਨ। ਪਰ ਇਥੇ ਸ਼ਹੀਦ ਭਗਤ ਸਿੰਘ ਅਤੇ ਗਦਰੀ ਪਾਰਟੀ ਦੇ ਸੁਪਨਿਆਂ ਦਾ ਸਮਾਜ ਬਣਾਉਣ ਵਾਲੇ ਪਾਸੇ ਤੁਰਨ ਦੀ ਬਜਾਏ ਵਿਦੇਸ਼ਾਂ 'ਚ ਜਾ ਕੇ ਮਾੜੇ ਤੋਂ ਮਾੜੇ ਕੰਮ ਕਰਨੇ ਪੈ ਰਹੇ ਹਨ। ਹੁਣ ਰੁਜ਼ਗਾਰ ਦੀ ਲੜਾਈ, ਕਿਰਤੀਆਂ ਕਿਸਾਨਾਂ ਦੀ ਲੜਾਈ ਨੂੰ ਰੋਕਣ ਵਾਸਤੇ ਪੰਜਾਬ ਦੇ ਹਾਲਾਤ ਵਿਗਾੜਨ ਵਾਲੇ ਪਾਸੇ ਤੁਰੇ ਹੋਏ ਹਨ। ਉਨ੍ਹਾਂ ਕਿਹਾ ਕਿ ਬੜੇ ਦੁੱਖ ਵਾਲੀ ਗੱਲ ਹੈ ਕਿ ਗੁਰੂ ਨਾਨਕ ਦੇਵ ਜੀ ਅਤੇ ਗੁਰੂ ਗੋਬਿੰਦ ਸਿੰਘ ਜੀ ਦੀ ਸਮਾਜਿਕ ਬਰਾਬਰਤਾ ਵਾਲੀ ਵਿਚਾਰਧਾਰਾ ਅਪਨਾਉਣ ਦੀ ਬਜਾਏ ਸਾਡੇ ਗੁਰੂ ਘਰਾਂ ਵਿੱਚ ਅੱਜ ਵੀ ਅਮੀਰੀ ਤੇ ਗਰੀਬੀ ਦੇ ਪਾੜੇ ਵਾਲੀ ਵਿਤਕਰੇਬਾਜ਼ੀ ਬਰਕਰਾਰ ਹੈ ਜੋ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਦੇ ਬਿਲਕੁਲ ਉਲਟ ਹੈ। ਇਸ ਮੌਕੇ ਕਾਮਰੇਡ ਜਗਜੀਤ ਸਿੰਘ ਔਜਲਾ ਦੀ ਪਤਨੀ ਕੁਲਦੀਪ ਕੌਰ ਔਜਲਾ, ਪੁੱਤਰ ਨਵਤੇਜ ਸਿੰਘ ਔਜਲਾ, ਦੋ ਬੇਟੀਆਂ ਜਤਿੰਦਰ ਕੌਰ ਤੇ ਅਮਰਦਿਰ ਕੌਰ, ਭਰਾ ਰਘਬੀਰ ਸਿੰਘ ਔਜਲਾ, ਰਜਿੰਦਰ ਸਿੰਘ ਔਜਲਾ ਤੇ ਐਡਵੋਕੇਟ ਦਵਿੰਦਰ ਸਿੰਘ ਔਜਲਾ, ਹਰਿੰਦਰ ਸਿੰਘ ਔਜਲਾ, ਕਾਮਰੇਡ ਹਰਚਰਨ ਸਿੰਘ ਪਿੰਕਾ, ਆਦੇਸ਼ ਪ੍ਰਤਾਪ ਸਿੰਘ ਔਜਲਾ ਆਦਿ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਤੋਂ ਇਲਾਵਾ ਕਾਮਰੇਡ ਜਰਨੈਲ ਸਿੰਘ ਸੰਧੂ, ਡਾ: ਗੁਰਚਰਨ ਗਾਂਧੀ, ਕਾਮਰੇਡ ਬਾਲਕ੍ਰਿਸ਼ਨ ਰਿਖੀ ਗੁਰਦਾਸਪੁਰ, ਪਰਮਜੀਤ ਸਿੰਘ ਮੱਕੜ ਜਲੰਧਰ, ਕੁਲਦੀਪ ਸਿੰਘ ਚੰਨੀ ਜਲੰਧਰ, ਨਰਿੰਦਰਪਾਲ ਸਿੰਘ ਜੱਜ ਪ੍ਰਧਾਨ ਬਾਰ ਐਸੋਸੀਏਸ਼ਨ ਜਲੰਧਰ, ਦੇਵ ਰਾਜ ਸਾਹਿਤਕ ਕਵੀ, ਦਲਜੀਤ ਸਿੰਘ ਬਾਜਵਾ ਐੱਸਡੀਓ ਰੇਲ ਕੋਚ ਫੈਕਟਰੀ, ਐਡਵੋਕੇਟ ਅਮਰੀਕ ਸਿੰਘ ਭੱਟੀ, ਐਡਵੋਕੇਟ ਸਰੇਸ਼ ਸੈਵੀ, ਸਾਬਕਾ ਚੇਅਰਮੈਨ ਬਲਜਿੰਦਰ ਸਿੰਘ ਬਿੱਲੂ ਗੋਹਤਪੋਕਰ, ਐਡਵੋਕੇਟ ਗੁਰਬਚਨ ਸਿੰਘ ਨੜਾਂਵਾਲੀ, ਐਡਵੋਕੇਟ ਨਰਿੰਦਰ ਸਿੰਘ ਸਿੱਧਵਾਂ, ਆਤਮਾ ਸਿੰਘ ਸਿੱਧਵਾਂ, ਸੇਵਾਮੁਕਤ ਐਕਸੀਅਨ ਹਰਸਿਮਰਨਜੀਤ ਸਿੰਘ ਰਿਆੜ, ਐਡਵੋਕੇਟ ਸੁੱਚਾ ਸਿੰਘ ਮੁਲਤਾਨੀ, ਸੀਪੀਆਈ ਦੇ ਜ਼ਿਲ੍ਹਾ ਅਗਜ਼ੈਕਟਿਵ ਮੈਂਬਰ ਜਸਵੰਤ ਸਿੰਘ, ਐਡਵੋਕੇਟ ਬਲਬੀਰ ਸਿੰਘ ਗਿੱਲ, ਐਡਵੋਕੇਟ ਗੁਰਦਿਆਲ ਸਿੰਘ ਭੁੱਲਰ, ਐਡਵੋਕੇਟ ਪੰਕਜ ਤਿਵਾੜੀ, ਐਡਵੋਕੇਟ ਬਲਰਾਜ ਸਿੰਘ ਬਾਜਵਾ, ਕਾਮਰੇਡ ਜਸਬੀਰ ਸਿੰਘ ਫੇਰੇਚੇਚੀ, ਕਾਮਰੇਡ ਕਿਸ਼ਨ ਚੰਦ ਬਲਵੰਡਾ, ਸਾਬਕਾ ਕੌਂਸਲਰ ਰਘਬੀਰ ਸਿੰਘ, ਐਡਵੋਕੇਟ ਜਸਵੰਤ ਸਿੰਘ ਸੈਣੀ, ਐਡਵੋਕੇਟ ਰਜਿੰਦਰ ਸਿੰਘ ਸੈਣੀ, ਸੀਪੀਆਈ ਦੇ ਜ਼ਿਲ੍ਹਾ ਸਹਾਇਕ ਸਕੱਤਰ ਕਾਮਰੇਡ ਰਣਜੀਤ ਸਿੰਘ, ਕਾਮਰੇਡ ਸੁਭਾਸ਼ ਕੈਰੇ ਜ਼ਿਲ੍ਹਾ ਪ੍ਰਧਾਨ ਏਟਕ, ਐਡਵੋਕੇਟ ਸੁਤੰਤਰਬੀਰ ਸਿੰਘ ਰਿਆੜ, ਅਰਜਨ ਸਿੰਘ ਬੁਧੋਬਰਕਸ਼ ਦਸੂਹਾ, ਐਡਵੋਕੇਟ ਬਖਸ਼ੀਸ਼ ਸਿੰਘ ਔਜਲਾ, ਜਗਤਾਰ ਸਿੰਘ ਸਿੱਧਵਾਂ, ਐਡਵੋਕੇਟ ਗੁਰਮੀਤ ਸਿੰਘ ਜੰਡੋਅ, ਐਡਵੋਕੇਟ ਜਸਬੀਰ ਸਿੰਘ ਪਾਹੜਾ, ਕਾਮਰੇਡ ਮਨਜੀਤ ਸਿੰਘ ਕਾਹਨੂੰਵਾਨ, ਬਲਵਿੰਦਰ ਬਾਲਮ ਗੁਰਦਾਸਪੁਰ, ਐਡਵੋਕੇਟ ਪਰਮਿੰਦਰ ਸਿੰਘ ਘੁੰਮਣ, ਕਾਮਰੇਡ ਜਗਜੀਤ ਸਿੰਘ ਅਲੂਣਾ, ਐਡਵੋਕੇਟ ਹਰਜਿੰਦਰ ਸਿੰਘ ਰਾਣਾ, ਐਡਵੋਕੇਟ ਰਾਜਪਾਲ ਸਿੰਘ, ਨੱਥਾ ਸਿੰਘ ਭਿੰਡਰ ਆਦਿ ਤੋਂ ਇਲਾਵਾ ਵੀ ਧਾਰਮਿਕ, ਸਮਾਜਸੇਵੀ ਅਤੇ ਰਾਜਨੀਤਿਕ ਜਥੇਬੰਦੀਆਂ ਦੇ ਆਗੂ ਤੇ ਰਿਸ਼ਤੇਦਾਰ ਅਤੇ ਲੋਕ ਵੱਡੀ ਗਿਣਤੀ ਵਿੱਚ ਸ਼ਰਧਾਂਜਲੀ ਸਮਾਗਮ ਵਿੱਚ ਹਾਜ਼ਰ ਸਨ।

# ਵਾਹਨ ਚੋਰੀ ਮਾਮਲੇ 'ਚ 4 ਗ੍ਰਿਫ਼ਤਾਰ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) -ਨਬੀਪੁਰ ਪੁਲਿਸ ਵੱਲੋਂ 4 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਦਿਆਂ ਉਨ੍ਹਾਂ ਦੇ ਕਬਜ਼ੇ 'ਚੋਂ ਇੱਕ ਐਕਟਿਵਾ ਸਕੂਟਰ ਤੇ 3 ਮੋਟਰਸਾਈਕਲ ਬਰਾਮਦ ਕੀਤੇ ਜਾਣ ਦਾ ਦਾਅਵਾ ਕੀਤਾ ਗਿਆ ਹੈ। ਡੀ.ਐਸ.ਪੀ. ਸੁਖਬੀਰ ਸਿੰਘ ਨੇ ਦੱਸਿਆ ਕਿ ਰਾਜਪੁਰਾ ਦੀ ਵਸਨੀਕ ਚੀਨੂੰ ਬਾਜਵਾ ਨਾਮਕ ਔਰਤ ਨੇ ਸ਼ਿਕਾਇਤ ਦਰਜ ਕਰਾਈ ਸੀ ਕਿ ਦੇਰ ਸ਼ਾਮ ਉਹ ਇੱਕ ਢਾਬੇ 'ਤੇ ਸਕੂਟਰ ਰੋਕ ਕੇ ਬਾਥਰੂਮ ਗਈ ਤਾਂ ਕਿਸੇ ਵੱਲੋਂ ਉਸਦਾ ਐਕਟਿਵਾ ਸਕੂਟਰ ਚੋਰੀ ਕਰ ਲਿਆ ਗਿਆ, ਜਿਸ ਦੇ ਬਿਆਨਾਂ 'ਤੇ ਥਾਣਾ ਸਰਹਿੰਦ ਵਿਖੇ ਅ/ਧ 379 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਾਉਂਦਿਆਂ ਨਬੀਪੁਰ ਚੌਂਕੀ ਦੀ ਇੰਚਾਰਜ ਸਬ-ਇੰਸਪੈਕਟਰ ਨਵਨੀਤ ਕੌਰ ਵੱਲੋਂ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕੀਤੀ ਗਈ, ਜਿਸ ਦੌਰਾਨ ਕਥਿਤ ਵਿਅਕਤੀਆਂ ਯੁੱਧਵੀਰ ਸਿੰਘ ਉਰਫ ਯੋਧਾ ਵਾਸੀ ਪਿੰਡ ਸਲਾਣਾ ਜੀਵਨ ਸਿੰਘ ਵਾਲਾ, ਰੋਹਿਤ ਬਾਜਵਾ ਵਾਸੀ ਪਿੰਡ ਪੁੰਣੀਵਾਲ ਥਾਣਾ ਭਾਦਸੋਂ (ਪਟਿਆਲਾ), ਸੁਖਚੈਨ ਸਿੰਘ ਉਰਫ ਚੈਨੀ ਬਾਬਾ ਅਤੇ ਗੁਰਮੁਖ ਸਿੰਘ ਉਰਫ ਮੌਂਟੀ ਵਾਸੀਆਨ ਪਿੰਡ ਅਲਦਾਦਪੁਰ ਨੂੰ ਗ੍ਰਿਫ਼ਤਾਰ ਕਰਦੇ ਹੋਏ ਉਨ੍ਹਾਂ ਦੇ ਕਬਜ਼ੇ 'ਚੋਂ ਚੋਰੀਸ਼ੁਦਾ ਐਕਟਿਵਾ ਸਕੂਟਰ, ਇੱਕ ਹੀਰੋ ਹਾਂਡਾ ਡੀਲਕਸ ਮੋਟਰਸਾਈਕਲ, ਇੱਕ ਸਪਲੈਂਡਰ ਮੋਟਰਸਾਈਕਲ ਅਤੇ ਇੱਕ ਸਪਲੈਂਡਰ ਐਮ.ਜੀ.ਐਕਸ. ਮੋਟਰਸਾਈਕਲ ਬਰਾਮਦ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਮੁਕੱਦਮੇ 'ਚ ਆਈ.ਪੀ.ਸੀ. ਦੀ ਧਾਰਾ 34, 411 ਦਾ ਵਾਧਾ ਕਰਦਿਆਂ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦਾ ਅਦਾਲਤ ਪਾਸੋਂ ਪੁਲਸ ਰਿਮਾਂਡ ਹਾਸਲ ਕਰਕੇ ਪੁੱਛਗਿੱਛ ਕੀਤੀ ਜਾ ਰਹੀ ਹੈ, ਜਿਨ੍ਹਾਂ ਕੋਲੋਂ ਹੋਰ ਵੀ ਬਰਾਮਦਗੀਆਂ ਹੋਣ ਦੀ ਸੰਭਾਵਨਾ ਹੈ।

## ਡੇਂਗੂ ਸਬੰਧੀ ਸਿਹਤ ਵਿਭਾਗ ਦੀ ਟੀਮ ਨੇਂ ਸਰਵੇ ਦੌਰਾਨ ਲੋਕਾਂ ਨੂੰ ਕੀਤਾ ਜਾਗਰੂਕ

ਸ੍ਰੀ ਚਮਕੌਰ ਸਾਹਿਬ, (ਕੁਲਵਿੰਦਰ ਕਾਲਾ)-ਡਾ. ਪਰਮਿੰਦਰ ਕੁਮਾਰ ਸਿਵਲ ਸਰਜਨ ਰੂਪਨਗ

9-NOV-PAGE-7.qxd 11/8/2022 9:44 PM Page 1



# ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਵੱਖ-ਵੱਖ ਥਾਈਂ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

ਪਾਤੜਾਂ

ਜੈਤੋ

ਮਖੂ

ਲਹਿਰਾ ਮੁਹੱਬਤ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਵੱਖ ਵੱਖ ਪਿੰਡਾਂ, ਕਸਬਿਆਂ, ਸ਼ਹਿਰਾਂ ਤੇ ਵਿੱਦਿਅਕ ਸੰਸਥਾਵਾਂ ਵਿੱਚ ਨਗਰ ਕੀਰਤਨ ਤੇ ਪ੍ਰਾਰਥਣਾਂ ਸਭਾਵਾਂ ਕਰਕੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸੇ ਤਹਿਤ ਸਥਾਨਕ ਸ਼ਹਿਰ ਕਾਹਨਗੜ੍ਹ ਰੋਡ 'ਤੇ ਸਥਿਤ ਗੁਰਦੁਆਰਾ ਸ੍ਰੀ ਗੁਰੂ ਨਾਨਕ ਪ੍ਰਕਾਸ਼ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਕਾਰ ਸੇਵਾ ਵਾਲੇ ਸੰਤ ਬਾਬਾ ਅਮਰੀਕ ਸਿੰਘ ਦੀ ਦੇਖ-ਰੇਖ ਹੇਠ ਸ਼ੁਰੂ ਹੋਏ ਨਗਰ ਕੀਰਤਨ ਦਾ ਸ਼ਹਿਰ ਦੀਆਂ ਵੱਖ ਵੱਖ ਸਮਾਜਿਕ ਤੇ ਵਪਾਰਕ ਜਥੇਬੰਦੀਆਂ ਨੇ ਭਰਵਾਂ ਸਵਾਗਤ ਕੀਤਾ। ਥਾਂ ਥਾਂ 'ਤੇ ਲੋਕਾਂ ਨੇ ਨਗਰ ਕੀਰਤਨ ਵਿੱਚ ਸ਼ਾਮਲ ਸੰਗਤਾਂ ਲਈ ਲੰਗਰ ਲਗਾਏ ਹੋਏ ਸਨ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਨਿਰਮਲ ਸਿੰਘ ਹਰਿਆਊ ਤੋਂ ਇਲਾਵਾ ਬਾਬਾ ਪ੍ਰਤਾਪ ਸਿੰਘ ਮੁੱਖ ਸੇਵਾਦਾਰ, ਕਰਮਜੀਤ ਸਿੰਘ ਕਾਲੇਕਾ, ਸੁਖਜੀਤ ਸਿੰਘ ਹੈਪੀ, ਅਜੈਬ ਸਿੰਘ ਮੱਲੀ, ਗੋਬਿੰਦ ਸਿੰਘ ਵਿਰਦੀ, ਹਰਦੀਪ ਸਿੰਘ ਸੋਹਲ, ਬੂਟਾ ਸਿੰਘ ਬੱਤਰਾ, ਨਗਰ ਕੌਂਸਲ ਪਾਤੜਾਂ ਦੇ ਪ੍ਰਧਾਨ ਰਣਵੀਰ ਸਿੰਘ, ਕੌਂਸਲਰ ਸੋਨੀ ਜਲੂਰ, ਗੁਲਾਬ ਸਿੰਘ, ਬਖਸ਼ੀਸ਼ ਸਿੰਘ ਭੁੱਲਰ, ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੇ ਸਪੁੱਤਰ, ਰਣਜੀਤ ਸਿੰਘ ਡਰੋਲੀ ਟਰੱਕ ਯੂਨੀਅਨ ਪ੍ਰਧਾਨ, ਜੋਗਾ ਸਿੰਘ ਸਿੱਧੂ, ਦਵਿੰਦਰ ਸਿੰਘ ਗੋਗੀ ਤੇ ਵਰਿੰਦਰ ਸਿੰਘ ਵਿਰਕ ਆਦਿ ਹਾਜ਼ਰ ਸਨ।

**ਜੈਤੋ (ਸਤੀਸ਼ ਕੁਮਾਰ ਭੀਗੀ)** : ਇਲਾਕੇ ਦੀ ਨਾਮਵਰ ਸਿੱਖਿਆ ਸੰਸਥਾ ਸਰਸਵਤੀ ਜੀਨੀਅਸ ਸਕੂਲ ਸ੍ਰੀ ਗੁਰੂ ਬਾਬਾ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਪ੍ਰਾਰਥਨਾ ਸਭਾ ਕੀਤੀ ਗਈ ਤੇ ਇਸ ਤੋਂ ਬਾਅਦ ਬੱਚਿਆਂ ਵੱਲੋਂ ਪ੍ਰਭਾਤ ਵੀ ਕੱਢੀ ਗਈ। ਅੰਤ ਵਿੱਚ ਸਕੂਲ ਅਧਿਆਪਕਾਂ ਦੁਆਰਾ ਸ੍ਰੀ ਜਪੁਜੀ ਸਾਹਿਬ ਦਾ ਪਾਠ ਕਰਕੇ ਇਸ ਪ੍ਰੋਗਰਾਮ ਨੂੰ ਅੱਗੇ

ਸਮਾਣਾ

ਵਧਾਇਆ ਗਿਆ ਤੇ ਬੱਚਿਆਂ ਦੇ ਚੰਗੇ ਭਵਿੱਖ ਅਤੇ ਸਕੂਲ ਦੀ ਤਰੱਕੀ ਲਈ ਅਰਦਾਸ ਕੀਤੀ ਗਈ। ਇਸ ਮੌਕੇ ਬੱਚਿਆਂ ਵੱਲੋਂ ਸ਼ਬਦ ਗਾ ਕੇ ਗੁਰੂ ਜੀ ਦੇ ਜੀਵਨ 'ਤੇ ਚਾਨਣਾ ਪਾਇਆ ਗਿਆ। ਅਧਿਆਪਕਾ ਮਾਇਆ ਰਾਣੀ ਨੇ ਬੱਚਿਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਜੀਵਨ ਬਾਰੇ ਵਿਸਥਾਰ ਪੂਰਵਕ ਦੱਸਿਆ ਤੇ ਪ੍ਰੋਗਰਾਮ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਕੀਤੀ ਗਈ। ਇਸ ਮੌਕੇ ਸਕੂਲ ਦੀ ਮੁੱਖ ਅਧਿਆਪਕਾ ਅੰਜੂ ਡੋਗਰਾ ਨੇ ਇਸ ਪਵਿੱਤਰ ਦਿਹਾੜੇ ਦੀ ਬੱਚਿਆਂ ਨੂੰ ਵਧਾਈ ਦਿੱਤੀ। ਇਸ ਮੌਕੇ ਸਕੂਲ ਦੇ ਪ੍ਰਧਾਨ ਮਦਨ ਗੋਇਲ, ਚੇਅਰਮੈਨ ਪਵਨ ਗੋਇਲ, ਉੱਪ ਪ੍ਰਧਾਨ ਰਾਕੇਸ਼ ਰੋਮਾਣਾ, ਸੈਕਟਰੀ ਦਿਨਸ਼ ਗੋਇਲ, ਉੱਪ ਸੈਕਟਰੀ ਅਨਿਲ ਬਾਂਸਲ, ਮੈਨੇਜਰ ਸੁਖਵਿੰਦਰ ਪਾਲ ਗਰਗ , ਸਹਾਇਕ ਮਨੇਜਰ ਮੁਕੇਸ ਗੋਇਲ, ਖਜ਼ਾਨਚੀ ਸਤਪਾਲ ਗਰਗ, ਸਾਬਕਾ ਪ੍ਰਧਾਨ ਤੇ ਸਿੱਖਿਆ ਸਮਿਤੀ ਦੇ ਚੇਅਰਮੈਨ ਰਮੇਸ਼ ਵਰਮਾ, ਸਿੱਖਿਆ ਕਮੇਟੀ ਦੇ ਸਹਾਇਕ ਚੇਅਰਮੈਨ ਐਡਵੋਕੇਟ ਪ੍ਰਸ਼ੋਤਮ ਸਿੰਗਲਾ, ਸਿੱਖਿਆ ਸਮਿਤੀ ਦੇ ਮੈਂਬਰ ਸੱਤ ਪਾਲ, ਸਾਲਸੀ ਬੋਰਡ ਦੇ ਮੈਂਬਰ ਜਿੰਦਰਪਾਲ ਬਾਂਸਲ, ਡਾ. ਰਵਿੰਦਰ ਨਾਥ ਮਿੱਤਲ, ਪੰਕਜ ਸਿੰਗਲਾ ਤੇ ਪ੍ਰਬੰਧਕ ਅਸ਼ੋਕ ਅਰੋੜਾ ਹਾਜ਼ਰ ਸਨ।

**ਮੱਖੂ (ਰਛਪਾਲ ਸਿੰਘ ਸੰਧੂ)** : ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼

ਸ੍ਰੀ ਮੁਕਤਸਰ ਸਾਹਿਬ

ਪੁਰਬ ਨੂੰ ਸਮਰਪਤ ਗੁਰਦੁਆਰਾ ਬਾਬਾ ਮਸਤ ਕਰਮ ਚੰਦ ਬਾਠਾਂ ਵਾਲਾ ਮੱਖੂ ਦੇ ਸੇਵਾਦਾਰਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਗਿਆ। ਇਲਾਕੇ ਦੀਆਂ ਸੰਗਤਾਂ ਵੱਲੋਂ ਨਗਰ ਕੀਰਤਨ ਦਾ ਸਵਾਗਤ ਫੁੱਲਾਂ ਦੀ ਵਰਖਾ ਕਰਕੇ ਤੇ ਵੱਖ ਵੱਖ ਤਰ੍ਹਾਂ ਦੇ ਲੰਗਰ ਲਗਾ ਕੇ ਕੀਤਾ ਗਿਆ। ਨਗਰ ਕੀਰਤਨ ਦੌਰਾਨ ਰਾਗੀ ਢਾਡੀ ਜਥੇ ਵੱਲੋਂ ਕੀਰਤਨ ਕੀਤਾ ਗਿਆ ਤੇ ਹਾਜ਼ਰ ਸੰਗਤਾਂ ਵੱਲੋਂ ਸਤਿਨਾਮ ਵਾਹਿਗੁਰੂ ਜੀ ਦਾ ਜਾਪ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਬਾਬਾ ਮਸਤ ਕਰਮ ਚੰਦ ਬਾਠਾਂ ਵਾਲਾ ਮੱਖੂ ਦੇ ਮੁੱਖ ਸੇਵਾਦਾਰ ਭਾਈ ਤਰਸੇਮ ਸਿੰਘ, ਪ੍ਰਬੰਧਕ ਫੁਰਮਾਨ ਸਿੰਘ, ਮੈਨੇਜਰ ਇਕਬਾਲ ਸਿੰਘ ਤੋਂ ਇਲਾਵਾ ਫੁਰਮਾਨ ਸਿੰਘ ਸੰਧੂ, ਮੈਨੇਜਰ ਇਕਬਾਲ ਸਿੰਘ, ਮੁੱਖ ਸੇਵਾਦਾਰ ਭਾਈ ਤਰਸੇਮ ਸਿੰਘ, ਰਾਗੀ ਜਥਾਗੁਰਪ੍ਰੀਤ ਸਿੰਘ, ਕਥਾ ਵਾਚਕ ਗੁਰਜੰਟ ਸਿੰਘ, ਦਵਿੰਦਰ ਕੰਧਾਰੀ ਵਿੱਕੀ, ਧਰਮਿੰਦਰ ਮਹਿਤਾ, ਸਤਨਾਮ ਸਿੰਘ, ਗੁਰਲਾਲ ਸਿੰਘ ਸਿੱਧੂ ਸੀਹਾਂਪਾੜੀ, ਜਗਜੀਤ ਸਿੰਘ ਘਈ ਪੱਪੂ, ਦਰਸਨ ਸਿੰਘ ਘਈ, ਲੱਖਾ ਮਿਸਤਰੀ, ਲਖਵਿੰਦਰ ਸਿੰਘ ਲੱਖੀ, ਗੁਰਨਾਮ ਸਿੰਘ, ਕੁਲਵਿੰਦਰ ਸਿੰਘ ਘਈ, ਚਰਨ ਸਿੰਘ, ਸਰਦੂਲ ਸਿੰਘ, ਰਮਨਦੀਪ ਸਿੰਘ, ਗਗਨ ਮੋਗਾ, ਵਿੱਕੀ ਗਰੋਵਰ, ਸੁਰਿੰਦਰ ਅਹੂਜਾ, ਦਲਜੀਤ ਸਿੰਘ ਜੱਗੇ ਵਾਲਾ ਆਦਿ ਹਾਜ਼ਰ ਸਨ।

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)** : ਸੰਤ ਕਬੀਰ ਕਾਨਵੈਂਟ ਸੀਨੀਅਰ ਸੀਨੀਅਰ ਸੈਕੰਡਰੀ ਸਕੂਲ ਵਿਖੇ ਸ੍ਰੀ ਗੁਰ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਗੁਰਪੁਰਬ ਦਾ ਤਿਉਹਾਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਖੁਸ਼ੀ ਵਿੱਚ ਵਿਸ਼ੇਸ਼ ਪ੍ਰਾਰਥਨਾ

ਬਾਘਾ ਪੁਰਾਣਾ

ਸਭਾ ਦਾ ਆਯੋਜਨ ਸਕੂਲ ਦੀ ਵਾਈਸ ਪ੍ਰਿੰਸੀਪਲ ਮੈਡਮ ਕੁਲਵੰਤ ਕੌਰ ਦੀ ਅਗਵਾਈ ਵਿੱਚ ਕੀਤਾ ਗਿਆ। ਸ਼ੁਰੂਆਤ ਪੰਜ ਪਿਆਰਿਆਂ ਦੀ ਅਗਵਾਈ 'ਚ ਪ੍ਰਭਾਤ ਫੇਰੀ ਨਾਲ ਹੋਈ। ਮੈਡਮ ਕੁਲਵੰਤ ਕੌਰ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਜੀਵਨੀ ਬਾਰੇ ਦੱਸਿਆ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਸਿੱਖਿਆਵਾਂ ਜਿਵੇਂ ਨਾਮ ਜਪਣ, ਵੰਡ ਛਕਣ ਤੇ ਕਿਰਤ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਦੇ ਐੱਮ. ਡੀ. ਪ੍ਰੋ. ਐੱਮ. ਐੱਲ. ਅਰੋੜਾ, ਪ੍ਰਿੰਸੀਪਲ ਮੈਡਮ ਕੰਚਨ, ਹੈੱਡ ਮਿਸਟ੍ਰੈੱਸ ਸੋਨੀਆ ਧਵਨ ਤੇ ਰਚਨਾ ਜਿੰਦਲ ਨੇ ਸਾਰਿਆਂ ਨੂੰ ਗੁਰਪੁਰਬ ਦੀ ਵਧਾਈ ਦਿੱਤੀ। ਇਸ ਤੋਂ ਇਲਾਵਾ ਸੰਤ ਕਬੀਰ ਕਾਲਜ ਆਫ਼ ਮੈਨੇਜਮੈਂਟ ਆਰਟਸ ਐਂਡ ਕੰਪਿਊਟਰ ਸਾਇੰਸ ਵਿਖੇ ਵੀ ਪ੍ਰਕਾਸ਼ ਪੁਰਬ ਦੀ ਖੁਸ਼ੀ 'ਚ ਕਵਿਤਾ ਉਚਾਰਨ ਤੇ ਪੋਸਟਰ ਮੇਕਿੰਗ ਆਦਿ ਵੱਖ-ਵੱਖ ਧਾਰਮਿਕ ਮੁਕਾਬਲੇ ਕਰਵਾਏ ਗਏ। ਕਾਲਜ ਦੇ ਚੇਅਰਮੈਨ ਪ੍ਰੋ. ਅਰੋੜਾ ਨੇ ਮੁਕਾਬਲਿਆਂ 'ਚੋਂ ਅੱਵਲ ਰਹਿਣ ਵਾਲੀਆਂ ਵਿਦਿਆਰਥਣਾਂ ਨੂੰ ਸਨਮਾਨਤ ਕੀਤਾ। ਇਸ ਸਮੇਂ ਜੀਵਨ ਸਿੰਘ ਸੰਧੂ, ਪ੍ਰੋ. ਕਮਲਜੀਤ ਕੌਰ, ਮੈਡਮ ਸ਼ਾਲੂ ਗਰੋਵਰ ਤੇ ਮੈਡਮ ਰਾਜਵੰਤ ਸਮੇਤ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

**ਧਨੌਲਾ (ਕਰਮਜੀਤ ਸਿੰਘ ਸਾਗਰ)** : ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ ਪੁਰਬ ਦਿਹਾੜੇ ਨੂੰ ਸਮਰਪਤ ਗੁਰਦੁਆਰਾ ਰਾਮਸਰ ਸਾਹਿਬ ਪਾਤਸ਼ਾਹੀ ਦਸਵੀਂ ਧਨੌਲਾ ਦੀ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ

ਸ੍ਰੀ ਮੁਕਤਸਰ ਸਾਹਿਬ

ਸਾਹਿਬ ਜੀ ਦਾ ਉਟ ਆਸਰਾ ਲੈਂਦਿਆਂ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਏ ਗਏ। ਗੁਰਦਵਾਰਾ ਕਮੇਟੀ ਪ੍ਰਧਾਨ ਸੁਖਰਾਜ ਸਿੰਘ ਪੰਧੇਰ, ਹਰਿੰਦਰਜੀਤ ਸਿੰਘ ਢੀਂਡਸਾ ਨੇ ਦੱਸਿਆ ਕਿ ਇਹ ਨਗਰ ਕੀਰਤਨ ਗੁਰਦਵਾਰਾ ਸਹਿਬ ਤੋਂ ਸ਼ੁਰੂ ਹੋ ਕੇ ਸ਼ਹਿਰ ਧਨੌਲਾ ਦੇ ਮੇਨ ਬਜ਼ਾਰ ਤੇ ਵੱਖ-ਵੱਖ ਅਗਵਾੜਾਂ ਵਿੱਚੋਂ ਗੁਜ਼ਰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਵਿਖੇ ਸੰਪੰਨ ਹੋਇਆ। ਨਗਰ ਕੀਰਤਨ ਦੌਰਾਨ ਗੱਤਕਾ ਪਾਰਟੀ ਵੱਲੋਂ ਜੌਹਰ ਵਿਖਾਏ ਗਏ ਤੇ ਸ਼ਹਿਰ ਵਾਸੀਆਂ ਵੱਲੋਂ ਥਾਂ-ਥਾਂ ਪਾਣੀ, ਚਾਹ, ਬਰੈੱਡ ਪਕੌੜਿਆਂ, ਚਾਵਲਾਂ, ਬਦਾਨਾ ਭੁਜੀਆ ਦੇ ਲੰਗਰ ਲਗਾਏ ਗਏ ਤੇ ਬੀਬੀਆ ਨੇ ਗੁਰੂ ਗ੍ਰੰਥ ਸਾਹਿਬ ਦੀ ਪਾਲਕੀ ਅੱਗੇ ਝਾੜੂ ਦੀ ਸੇਵਾ ਕੀਤੀ। ਢਾਡੀ ਤੇ ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਗੁਰੂ ਜੀ ਦੇ ਜੀਵਨ ਸਬੰਧੀ ਬਾਰਾਂ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਜਸਪ੍ਰੀਤ ਸਿੰਘ ਜੱਸੀ, ਕਰਮਜੀਤ ਸਿੰਘ ਮਾਨ, ਸਾਥੀ ਲਾਲ ਸਿੰਘ ਧਨੌਲਾ, ਹਰਭਜਨ ਸਿੰਘ, ਹਰਵਿੰਦਰ ਸਿੰਘ, ਮਾਸਟਰ ਹਰਭਜਨ ਸਿੰਘ, ਹਰਪ੍ਰੀਤ ਸਿੰਘ ਹੈਪੀ, ਮਲਕੀਤ ਸਿੰਘ, ਦੀਵਾਨ ਚੰਦ, ਦਰਸ਼ਨ ਸਿੰਘ ਰਾਜਪੂਤ ਰਾਠੌਰ, ਜਾਨਕੀ, ਜੂਗਨੂੰ, ਸੇਰੂ, ਪਿੰਟੂ, ਕੈਂਟ, ਖਲੀ ਆਦਿ ਤੋਂ ਇਲਾਵਾ ਭਾਰੀ ਗਿਣਤੀ 'ਚ ਸੰਗਤਾਂ ਨੇ ਹਾਜਰੀ ਲਵਾਈ।

**ਭਗਤਾ ਭਾਈਕਾ ਕਾ (ਰਾਜੀਵ ਗੋਇਲ)** : ਆਕਸਫੋਰਡ ਸਕੂਲ ਆਫ ਐਜੂਕੇਸ਼ਨ ਭਗਤਾ ਭਾਈ ਕਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ ਦੀ ਸ਼ੁਰੂਆਤ ਇਲਾਹੀ ਬਾਣੀ 'ਸ੍ਰੀ ਜਪੁਜੀ ਸਾਹਿਬ' ਜੀ ਦੇ ਨਾਲ ਕੀਤੀ ਗਈ। ਇਸ ਤੋਂ ਬਾਅਦ ਵਿਦਿਆਰਥੀਆਂ ਦੁਆਰਾ ਬੜੀ ਹੀ ਮਿੱਠੀ ਆਵਾਜ਼ 'ਚ ਸ਼ਬਦ ਆਰਤੀ ਗਾਇਆ ਗਿਆ। ਗੁਰੂ ਨਾਨਕ ਦੇਵ ਜੀ ਦੇ ਜੀਵਨ ਨੂੰ ਪੇਸ਼ ਕਰਦੀਆਂ ਕਵਿਤਾਵਾਂ, ਭਾਸ਼ਣ, ਕਵੀਸ਼ਰੀ ਆਦਿ ਵਿਦਿਆਰਥੀਆਂ ਦੁਆਰਾ ਪੇਸ਼ ਕੀਤੇ ਗਏ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਤੇ ਡਾਇਰੈਕਟਰ ਮੈਡਮ ਸ਼੍ਰੀਮਤੀ ਨੀਰੂ ਗਾਂਧੀ ਨੇ ਸਮੂਹ ਆਕਸਫੋਰਡ ਪਰਿਵਾਰ ਨੂੰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੰਦੇ ਹੋਏ ਵਿਦਿਆਰਥੀਆਂ ਨੂੰ ਨਾਮ ਸਿਮਰਨ ਦੇ ਲੜ ਲੱਗਣ ਤੇ ਗੁਰੂ ਨਾਨਕ ਦੇਵ ਜੀ ਦੇ ਸਿਧਾਂਤਾਂ ਕਿਰਤ ਕਰੋ, ਨਾਮ ਜਪੋ, ਵੰਡ ਛਕੋ ਉੱਪਰ ਚੱਲਣ ਦਾ ਸੰਦੇਸ਼ ਦਿੱਤਾ।

**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)** : ਐੱਸ ਆਰ ਐੱਸ ਵਿੱਦਿਆਪੀਠ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਬਹੁਤ ਹੀ ਸ਼ਰਧਾ ਤੇ ਉਤਸ਼ਾਹ ਨਾਲ਼ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਦਾ ਅਰੰਭ ਪਹਿਲੀ ਜਮਾਤ ਦੇ ਵਿਦਿਆਰਥੀਆਂ ਦੁਆਰਾ ਮੂਲ ਮੰਤਰ ਦਾ ਜਾਪ ਕਰਕੇ ਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਦੁਆਰਾ ਸ਼ਬਦ ਗਾਇਨ ਕਰਕੇ ਕੀਤਾ ਗਿਆ। ਨੌਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਗੁਰੂ ਨਾਨਕ ਦੇਵ ਜੀ ਦੇ ਜੀਵਨ ਤੇ ਸਿੱਖਿਆਵਾਂ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਇੰਟਰ ਹਾਊਸ ਸ਼ਬਦ ਗਾਇਨ ਤੇ ਦਸਤਾਰ ਬੰਦੀ ਮੁਕਾਬਲੇ ਵੀ ਕਰਵਾਏ ਗਏ। ਜੂਨੀਅਰ ਵਿੰਗ ਦੇ ਬੱਚਿਆਂ ਨੂੰ ਗੁਰਦੁਆਰੇ ਦੇ ਦਰਸ਼ਨ ਕਰਵਾਏ ਗਏ ਤੇ ਉਨ੍ਹਾਂ ਨੂੰ ਗੁਰੂ ਨਾਨਕ ਦੇਵ ਜੀ ਦੇ ਜੀਵਨ ਤੋਂ ਜਾਣੂ ਕਰਵਾਇਆ ਗਿਆ। ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕਾ ਮਿਸ ਮਿਲੀ ਬੋਸ ਤੇ ਚੇਅਰਮੈਨ ਅਮਿਤ ਸਿੰਗਲਾ ਨੇ ਵਿਦਿਆਰਥੀਆਂ ਦੀ ਤਾਰੀਫ ਕਰਦੇ ਹੋਏ ਉਨ੍ਹਾਂ ਦਾ ਹੌਸਲਾ ਵਧਾਇਆ ਤੇ ਸਾਰੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਅਜਿਹੇ ਸਿੱਖਿਆ ਨਾਲ਼ ਭਰਪੂਰ ਮੁਕਾਬਲਿਆਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਦੀ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦੇ ਹੋਏ ਵਿਦਿਆਰਥੀਆਂ ਨੂੰ ਗੁਰੂ ਜੀ ਦੀਆਂ ਸਿੱਖਿਆਵਾਂ ਉੱਤੇ ਚੱਲਣ ਦੀ ਪ੍ਰੇਰਣਾ ਦਿੱਤੀ।

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** : ਬਾਬਾ ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੀ ਮੈਨੇਜਮੈਂਟ ਕਮੇਟੀ ਅਤੇ ਸਮੂਹ ਸਟਾਫ ਵੱਲੋਂ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਉਤਸਵ ਸ਼ਰਧਾ ਤੇ ਉਤਸ਼ਾਹ ਸਹਿਤ ਮਨਾਇਆ ਗਿਆ। ਇਸ ਸੰਬੰਧੀ ਜਪੁ ਜੀ ਸਾਹਿਬ ਦਾ ਪਾਠ ਕਰਵਾਇਆ ਗਿਆ। ਉਸ ਤੋਂ ਬਾਅਦ ਧਾਰਮਿਕ ਸਮਾਗਮ ਕੀਤਾ ਗਿਆ, ਜਿਸ ਵਿੱਚ ਸਕੂਲ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਮਿਲ-ਜੁਲ ਕੇ ਸ਼ਬਦ ਗਾਇਨ ਕੀਤਾ। ਸਕੂਲ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਡਾ. ਹਰਭਜਨ ਸਿੰਘ ਨੇ ਗੁਰੂ ਨਾਨਕ ਦੇਵ ਜੀ ਦੀ ਜੀਵਨੀ ਤੇ ਸਿਧਾਂਤਾਂ ਸੰਬੰਧੀ ਆਪਣੇ ਵਿਚਾਰ ਸਭ ਨਾਲ ਸਾਂਝੇ ਕੀਤੇ। ਇਸ ਮੌਕੇ ਸਕੂਲ ਦੀ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਪਰਦਮਨ ਸਿੰਘ ਵਿਰਕ, ਜਨਰਲ ਸਕੱਤਰ ਡਾ. ਹਰਭਜਨ ਸਿੰਘ, ਜਸਵੰਤ ਸਿੰਘ, ਗੁਲਜਾਰ ਸਿੰਘ, ਬਲਵਿੰਦਰ ਸਿੰਘ, ਗੁਰਦੇਵ ਸਿੰਘ, ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਸੁਨੀਤਾ ਰਾਣੀ ਤੇ ਬਲਬੀਰ ਸਿੰਘ ਧਾਰੀਵਾਲ ਨੇ ਸਾਰਿਆਂ ਨੂੰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ।

**ਭੀਖੀ (ਧਰਮਵੀਰ ਸ਼ਰਮਾ)** : ਸਥਾਨਕ ਮਾਡਰਨ ਸੈਕੂਲਰ ਪਬਲਿਕ ਸਕੂਲ ਵਿਖੇ ਸ੍ਰੀ ਗੁਰ ਨਾਨਕ ਦੇਵ ਜੀ ਦਾ ਗੁਰਪੁਰਬ ਸ਼ਰਧਾ ਨਾਲ ਮਨਾਇਆ ਗਿਆ। ਸਕੂਲ ਵਿਦਿਆਰਥੀਆਂ 

9-Nov Page 8.qxd 11/8/2022 9:57 PM Page 1



# ਬੀ ਐੱਡ ਕਾਲਜ ਡੱਲੇਵਾਲ 'ਚ ਸਾਹਿਤਕ ਤੇ ਪੁਸਤਕ ਮੇਲਾ 10 ਤੇ 11 ਨੂੰ

**ਹੁਸ਼ਿਆਰਪੁਰ: (ਓ ਪੀ ਰਾਣਾ, ਬਲਬੀਰ ਸਿੰਘ ਸੈਣੀ )** ਭਾਸ਼ਾ ਵਿਭਾਗ ਪੰਜਾਬ ਦੇ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਅਤੇ ਪੰਜਾਬੀ ਵਿਕਾਸ ਮੰਚ ਹਰਿਆਣਾ ਵੱਲੋਂ ਆਪਸੀ ਸਹਿਯੋਗ ਨਾਲ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦੇ ਪ੍ਰਚਾਰ ਅਤੇ ਪ੍ਰਸਾਰ ਲਈ 10 ਅਤੇ 11 ਨਵੰਬਰ ਨੂੰ ਪੁਸਤਕ ਮੇਲਾ ਅਤੇ ਲੋਕਧਾਰਾ ਤੇ ਲੋਕ ਭਾਸ਼ਾ ਵਿਸ਼ੇ ਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਯਾਦ 'ਚ ਪੰਜਾਬੀ ਮਾਹ ਨੂੰ ਸਮਰਪਿਤ ਲੜੀ ਤਹਿਤ ਹੋਣ ਵਾਲਾ ਸਮਾਗਮ ਸ੍ਰੀ ਗੁਰੂ ਨਾਨਕ ਕਾਲਜ ਆਫ ਐਜੂਕੇਸ਼ਨ ਡੱਲੇਵਾਲ ਨੇੜੇ ਕਸਬਾ ਹਰਿਆਣਾ ਵਿਖੇ ਕਰਵਾਇਆ ਜਾ ਰਿਹਾ ਹੈ। ਪ੍ਰਿੰਸੀਪਲ ਐਜੂਕੇਸ਼ਨ ਕਾਲਜ ਡਾ. ਸ਼ਸ਼ੀ ਨੇਗੀ ਨਾਲ ਇਸ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਅਤੇ ਰੂਪ-ਰੇਖਾ ਸਾਂਝੀ ਕਰਨ ਪਹੁੰਚੇ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਤੋਂ ਖੋਜ ਅਫ਼ਸਰ ਡਾ. ਜਸਵੰਤ ਰਾਏ ਅਤੇ ਹਰਿਆਣਾ ਪੰਜਾਬੀ ਵਿਕਾਸ ਮੰਚ ਦੇ ਸਕੱਤਰ ਵਰਿੰਦਰ ਨਿਮਾਣਾ ਨੇ ਸਾਂਝੇ ਤੌਰ 'ਤੇ ਆਖਿਆ ਕਿ ਡੱਲੇਵਾਲ ਕਾਲਜ ਦੇ ਵਿਹੜੇ ਵਿੱਚ ਹੋਣ ਵਾਲੇ ਇਸ ਦੋ ਦਿਨਾ ਸਮਾਗਮ ਵਿੱਚ ਪਹਿਲੇ ਦਿਨ ਉਦਘਾਟਨੀ ਰਸਮਾਂ ਤੋਂ ਬਾਅਦ ਵੱਖ-ਵੱਖ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀ ਪੰਜਾਬੀ ਗੀਤ-ਸੰਗੀਤ ਤੇ ਕਲਾ ਨਾਲ ਸੰਬੰਧਤ ਵੰਨਗੀਆਂ ਪੇਸ਼ ਕਰਨਗੇ। ਦੁਪਹਿਰ ਇੱਕ ਵਜੇ ਵਰਿੰਦਰ ਨਿਮਾਣਾ ਦੀ ਪੁਸਤਕ ' ਗਵੱਈਆਂ ਤੇ ਜਰਨੈਲਾਂ ਦਾ ਗਵਾਹ ਹਰਿਆਣਾ ' ਦਾ ਲੋਕ-ਅਰਪਣ ਕੀਤਾ ਜਾਵੇਗਾ। ਦੂਜੇ ਦਿਨ 11 ਨਵੰਬਰ ਨੂੰ ਭਾਸ਼ਾ ਵਿਭਾਗ ਵਲੋਂ ਲੋਕਧਾਰਾ ਤੇ ਲੋਕ ਭਾਸ਼ਾ ਵਿਸ਼ੇ ਤੇ ਭਾਸ਼ਣ ਅਤੇ ਕਾਲਜਾਂ ਦੇ ਵਿਦਿਆਰਥੀ ਲੋਕ-ਗੀਤ ਸੰਗੀਤ ਦੀਆਂ ਵੱਖ-ਵੱਖ ਵੰਨਗੀਆਂ ਪੇਸ਼ ਕਰਨਗੇ। 11 ਨਵੰਬਰ ਵਾਲੇ ਸਮਾਗਮ ਦੀ ਪ੍ਰਧਾਨਗੀ ਐਡਵੋਕੇਟ ਕਰਮਬੀਰ ਸਿੰਘ ਘੁੰਮਣ ਐੱਮ.ਐੱਲ.ਏ. ਹਲਕਾ ਦਸੂਹਾ ਕਰਨਗੇ। ਵਿਸ਼ੇਸ਼ ਮਹਿਮਾਨ ਚੇਤਨ ਸਿੰਘ ਸਾਬਕਾ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਅਤੇ ਪ੍ਰਧਾਨਗੀ ਸ਼੍ਰੋਮਣੀ ਪੰਜਾਬੀ ਕਵੀ ਪ੍ਰੋ. ਸੁਰਜੀਤ ਜੱਜ ਕਰਨਗੇ। ਸਮਾਗਮ ਦੀ ਖਿੱਚ ਦਾ ਕੇਂਦਰ ਪੰਜਾਬ ਦੇ ਵੱਡੇ ਪ੍ਰਕਾਸ਼ਕਾਂ ਤੇ ਭਾਸ਼ਾ ਵਿਭਾਗ ਵਲੋਂ ਸਾਹਿਤਕ, ਸੱਭਿਆਚਾਰਕ, ਧਾਰਮਿਕ, ਵਿਗਿਆਨਕ ਅਤੇ ਦਰਸ਼ਨ ਨਾਲ ਸੰਬੰਧਤ ਪੁਸਤਕਾਂ ਦੀ ਪ੍ਰਦਰਸ਼ਨੀ ਹੋਵੇਗੀ। ਇਸ ਮੌਕੇ ਮੈਡਮ ਨੀਲਮ ਰਾਜੂ, ਇਕਬਾਲਪ੍ਰੀਤ ਸਿੰਘ, ਅਰੁਣ ਕੁਮਾਰ, ਪੁਸ਼ਪਿੰਦਰ ਕੌਰ, ਅਮਨਦੀਪ ਕੌਰ, ਪ੍ਰੀਆ ਦੇਵੀ, ਜਸਵੀਰ ਸੈਣੀ, ਕੁਲਦੀਪ ਕੌਰ ਅਤੇ ਡਾ. ਸਨੀ ਹਾਜ਼ਰ ਸਨ।

# 12 ਨਵੰਬਰ ਨੂੰ ਲੱਗੇਗੀ ਕੌਮੀ ਲੋਕ ਅਦਾਲਤ-ਸੀ ਜੇ ਐੱਮ

ਜਲੰਧਰ, (ਰਾਜੇਸ਼ ਥਾਪਾ)- ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਨਿਰਦੇਸ਼ਾਂ ਮੁਤਾਬਿਕ ਜ਼ਿਲ੍ਹਾ ਅਤੇ ਸੈਸ਼ਨਜ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੈਡਮ ਰੁਪਿੰਦਰਜੀਤ ਚਹਿਲ ਦੀ ਰਹਿਨੁਮਾਈ ਹੇਠ ਸ਼ੁਰੂ ਕੀਤੀ ਜਾਗਰੂਕਤਾ ਮੁਹਿੰਮ ਤਹਿਤ ਸਥਾਨਕ ਸੇਂਟ ਸੋਲਜ਼ਰ ਲਾਅ ਕਾਲਜ ਵਿਖੇ ਜ਼ਿਲ੍ਹਾ ਪੱਧਰੀ ਕਾਨੂੰਨੀ ਸੇਵਾਵਾਂ ਕੈਂਪ ਲਗਾਇਆ ਗਿਆ ਜਿਥੇ ਕਾਨੂੰਨੀ ਸਹਾਇਤਾ, ਮੀਡੀਏਸ਼ਨ ਅਤੇ ਪੀੜਤਾਂ ਨੂੰ ਮੁਆਵਜ਼ਾ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ। ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਡਾ.ਗਗਨਦੀਪ ਕੌਰ ਦੀ ਅਗਵਾਈ ਹੇਠ ਲਾਏ ਇਸ ਜਾਗਰੂਕਤਾ ਕੈਂਪ ਵਿੱਚ ਵੱਖ-ਵੱਖ ਕਾਨੂੰਨੀ ਸਹਾਇਤਾ ਸਕੀਮਾਂ ਬਾਰੇ ਆਂਗਨਵਾੜੀ ਵਰਕਰਾਂ, ਸਰਪੰਚਾਂ ਅਤੇ ਪੰਚਾਂ ਨੂੰ ਜਾਗਰੂਕ ਕੀਤਾ ਗਿਆ। ਡਾ.ਗਗਨਦੀਪ ਕੌਰ ਨੇ ਦੱਸਿਆ ਕਿ ਇਹ ਕੈਂਪ 31 ਅਕਤੂਬਰ ਤੋਂ ਸ਼ੁਰੂ ਹੋਈ ਅਤੇ 13 ਨਵੰਬਰ ਤੱਕ ਚੱਲਣ ਵਾਲੀ ਜਾਗਰੂਕਤਾ ਮੁਹਿੰਮ ਤਹਿਤ ਲਗਾਇਆ ਗਿਆ ਹੈ ।ਉਨ੍ਹਾਂ ਦੱਸਿਆ ਕਿ ਲੋਕਾਂ ਦੇ ਕੇਸਾਂ ਦਾ ਨਿਪਟਾਰਾ ਮੌਕੇ 'ਤੇ ਹੀ ਕਰਵਾਉਣ ਲਈ 12 ਨਵੰਬਰ ਨੂੰ ਕੌਮੀ ਲੋਕ ਅਦਾਲਤ ਲਗਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਕਾਨੂੰਨੀ ਸੇਵਾਵਾਂ ਅਥਾਰਟੀਜ਼ ਐਕਟ ਤਹਿਤ ਕੈਦੀਆਂ/ਹਵਾਲਾਤੀਆਂ, ਅਨੁਸੂਚਿਤ ਜਾਤੀ/ਕਬੀਲੇ ਦਾ ਮੈਂਬਰ, ਬੱਚਾ, ਵੱਡੀ ਮੁਸੀਬਤ ਦੇ ਮਾਰੇ ਹੋਏ, ਮਾਨਸਿਕ ਰੋਗੀ ਅਤੇ ਸਲਾਨਾ ਆਮਦਨ 3 ਲੱਖ ਰੁਪਏ ਤੋਂ ਘੱਟ ਵਾਲੇ ਵਿਅਕਤੀ ਮੁਫ਼ਤ ਕਾਨੂੰਨੀ ਸੇਵਾਵਾਂ ਪ੍ਰਾਪਤ ਕਰ ਸਕਦੇ ਹਨ ਅਤੇ ਵਧੇਰੇ ਜਾਣਕਾਰੀ ਲਈ ਟੋਲ ਫ੍ਰੀ ਨੰਬਰ 1968 ਹੈ। ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਕੈਂਪ ਦੌਰਾਨ ਵੱਖ-ਵੱਖ ਮਹਿਕਮਿਆਂ ਵਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਮੌਕੇ 'ਤੇ ਹੀ ਮੁਹੱਈਆ ਕਰਵਾਉਣ ਲਈ 16 ਟਾਲ ਲਗਾਏ ਗਏ ਸਨ। ਡਾ.ਗਗਨਦੀਪ ਕੌਰ ਨੇ ਕੈਂਪ ਦੌਰਾਨ 5 ਲਾਭਪਾਤਰੀਆਂ ਨੂੰ ਸਿਲਾਈ ਮਸ਼ੀਨਾਂ ਅਤੇ ਵੀਹਲਚੇਅਰ ਤਕਸੀਮ ਕੀਤੇ। ਰੋਜ਼ਗਾਰ ਵਿਭਾਗ ਵਲੋਂ 30 ਸਰਕਾਰੀ ਨੌਕਰੀਆਂ ਦੇ ਨਿਯੁਕਤੀ ਪੱਤਰ ਨੌਜਵਾਨਾਂ ਨੂੰ ਦਿੱਤੇ ਗਏ ਅਤੇ 20 ਵਿਅਕਤੀਆਂ ਨੂੰ ਕਾਨੂੰਨੀ ਸਹਾਇਤਾ ਪ੍ਰਦਾਨ ਕੀਤੀ ਗਈ। ਉਜਵਲਾ ਯੋਜਨਾ ਤਹਿਤ 30 ਲਾਭਪਾਤਰੀਆਂ ਨੂੰ ਗੈਸ ਕੁਨੈਕਸ਼ਨ ਦੇਣ ਤੋਂ ਇਲਾਵਾ ਵਿਧਵਾ/ਬੁਢਾਪਾ ਪੈਨਸ਼ਨ ਦੇ 20 ਕੇਸਾਂ ਨੂੰ ਮਨਜ਼ੂਰ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ.ਸ਼ੁਭਾਸ਼ ਸ਼ਰਮਾ ਅਤੇ ਦਾਦਾ ਕੈਂਪਸ ਦੇ ਡਾਇਰੈਕਟਰ ਡਾ.ਵੀਨਾ ਵਲੋਂ ਮੁਫ਼ਤ ਕਾਨੂੰਨੀ ਸੇਵਾਵਾਂ ਪ੍ਰਦਾਨ ਕਰਵਾਉਣ ਨੂੰ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਦੱਸਿਆ। ਇਸ ਮੌਕੇ ਮੈਡਮ ਹਰਲੀਨ ਕੌਰ ਅਤੇ ਸਹਾਇਕ ਪ੍ਰੋਫੈਸਰ ਬ੍ਰਹਮਜੀਤ ਸਿੰਘ ਵੀ ਹਾਜ਼ਰ ਸਨ।

# ਸੇਂਟ ਸੋਲਜਰ ਨੇ ਮਨਾਇਆ ਪ੍ਰਕਾਸ਼ ਪੁਰਬ

**ਜਲੰਧਰ (ਇਕਬਾਲ ਸਿੰਘ ਉੱਭੀ)**-ਸਿੱਖਾਂ ਦੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸ਼ੁੱਭ ਅਵਸਰ 'ਤੇ ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਵਿਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਅਤੇ ਅਰਦਾਸ ਕੀਤੀ ਗਈ, ਜਿਸ ਵਿਚ ਸਮੂਹ ਸਟਾਫ਼ ਮੈਂਬਰਾਂ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਭਾਗ ਲਿਆ। ਸਾਰਿਆਂ ਨੇ ਇਕੱਠੇ ਹੋ ਕੇ ਪਾਠ ਕੀਤਾ ਅਤੇ ਗੁਰੂ ਜੀ ਦੀਆਂ ਸਿੱਖਿਆਵਾਂ ਬਾਰੇ ਜਾਣਿਆ। ਪਾਠ ਉਪਰੰਤ ਸੰਗੀਤ ਵਿਭਾਗ ਅਤੇ ਵਿਦਿਆਰਥੀਆਂ ਵੱਲੋਂ ਗੁਰੂ ਦਾ ਗੁਣਗਾਨ ਕਰਦਿਆਂ ਸ਼ਬਦ ਕੀਰਤਨ ਕੀਤਾ ਗਿਆ। ਵਿਦਿਆਰਥੀਆਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ 'ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ' ਦੇ ਜੈਕਾਰਿਆਂ ਨਾਲ ਸਭ ਨੂੰ ਵਧਾਈ ਦਿੱਤੀ। ਅੰਤ ਵਿੱਚ ਸੰਸਥਾ ਦੀ ਤਰੱਕੀ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਅਰਦਾਸ ਕੀਤੀ ਗਈ। ਇਸ ਤੋਂ ਇਲਾਵਾ ਗੁਰੂ ਕਾ ਲੰਗਰ ਸਭ ਨੂੰ ਛਕਾਇਆ ਗਿਆ। ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਪ੍ਰਕਾਸ਼ ਪੁਰਬ ਦੀ ਸਾਰਿਆਂ ਨੂੰ ਵਧਾਈ ਦਿੰਦੇ ਹੋਏ ਉਨ੍ਹਾਂ ਵੱਲੋਂ ਦਿੱਤੀਆਂ ਤਿੰਨ ਸਿੱਖਿਆਵਾਂ "ਨਾਮ ਜਪੋ", "ਕਿਰਤ ਕਰੋ", "ਵੰਡ ਦਾ ਛਕੋ" ਨੂੰ ਅਪਣਾਉਣ ਲਈ ਕਿਹਾ, ਜਿਸ ਵਿੱਚ ਸਮੁੱਚੇ ਜੀਵਨ ਦਾ ਸਾਰ ਛੁਪਿਆ ਹੋਇਆ ਹੈ।

# ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਨੇ ਅਹੁਦਾ ਸੰਭਾਲਿਆ

ਜਲੰਧਰ-(ਸੈਲੀ ਐਲਬਰਟ)- ਜ਼ਿਲ੍ਹਾ ਯੋਜਨਾ ਕਮੇਟੀ ਦੇ ਦਫਤਰ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਵਿਧਾਇਕ ਸ਼ੀਤਲ ਅੰਗੂਰਾਲ ਤੇ ਵਿਧਾਇਕ ਬਲਕਾਰ ਸਿੰਘ ਨੇ ਅੰਮ੍ਰਿਤਪਾਲ ਸਿੰਘ ਨੂੰ ਅਹੁਦਾ ਸੰਭਾਲਣ 'ਤੇ ਮੁਬਾਰਕਬਾਦ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਸਰਕਾਰੀ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤੱਕ ਲਾਗੂ ਕਰਨ ਅਤੇ ਜ਼ਿਲ੍ਹੇ ਦੇ ਵਿਕਾਸ ਲਈ ਬਿਹਤਰ ਯੋਜਨਾਵਾਂ ਉਲੀਕ ਕੇ ਉਨ੍ਹਾਂ ਨੂੰ ਨੇਪਰੇ ਚੜ੍ਹਾਉਣ ਵਿੱਚ ਅਹਿਮ ਯੋਗਦਾਨ ਪਾਉਣਗੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਦੇ ਨਵ-ਨਿਯੁਕਤ ਚੇਅਰਮੈਨ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੌਂਪੀ ਗਈ ਜ਼ਿੰਮੇਵਾਰੀ ਉਹ ਪੂਰੀ ਤਨਦੇਹੀ ਅਤੇ ਸ਼ਿੱਦਤ ਨਾਲ ਨਿਭਾਉਣਗੇ ਅਤੇ ਸਰਕਾਰ ਵੱਲੋਂ ਪ੍ਰਗਟਾਏ ਭਰੋਸੇ 'ਤੇ ਖਰਾ ਉਤਰਣਗੇ। ਚੇਅਰਮੈਨ ਨੇ ਕਿਹਾ ਕਿ ਜ਼ਿਲ੍ਹੇ ਦੇ ਪਿੰਡਾਂ/ਸ਼ਹਿਰਾਂ/ਕਸਬਿਆਂ ਦੇ ਸੰਪੂਰਨ ਵਿਕਾਸ ਲਈ ਯੋਜਨਾਵਾਂ ਉਲੀਕਣਾ ਅਤੇ ਉਨ੍ਹਾਂ ਨੂੰ ਹੇਠਲੇ ਪੱਧਰ ਲਾਗੂ ਕਰਨ ਨੂੰ ਯਕੀਨੀ ਬਣਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਨੀਤੀਆਂ ਮੁਤਾਬਕ ਕੰਮ ਕਰਦਿਆਂ ਜ਼ਿਲ੍ਹੇ ਦੇ ਸਰਵਪੱਖੀ ਵਿਕਾਸ ਲਈ ਹਰ ਸੰਭਵ ਉਪਰਾਲੇ ਕੀਤੇ ਜਾਣਗੇ। ਇਸ ਮੌਕੇ ਆਮ ਆਦਮੀ ਪਾਰਟੀ ਦੀ ਆਗੂ ਰਾਜਵਿੰਦਰ ਕੌਰ, ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਦੇ ਚੇਅਰਮੈਨ ਮੰਗਲ ਸਿੰਘ ਆਦਿ ਮੌਜੂਦ ਸਨ।-

# ਖਾਲਸਾ ਸਕੂਲ ਨੇ ਪ੍ਰਕਾਸ਼ ਪੁਰਬ 'ਤੇ ਨਗਰ ਕੀਰਤਨ ਸਜਾਇਆ

**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)** ਸਥਾਨਕ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੀ ਸਮੂਹ ਮਨੇਜਮੈਂਟ ਕਮੇਟੀ ਪ੍ਰਿੰਸੀਪਲ, ਸਟਾਫ ਅਤੇ ਵਿਦਿਆਰਥੀਆਂ ਵਲੋਂ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 553 ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ, ਜਿਹੜਾ ਕਿ ਸਕੂਲ ਵਿਚੋਂ ਸਵੇਰੇ ਆਰੰਭ ਹੋ ਕੇ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ, ਗੁਰਦੁਆਰਾ ਗੜ੍ਹੀ ਸਾਹਿਬ, ਗੁਰਦੁਆਰਾ ਰਣਜੀਤਗੜ੍ਹ ਸਾਹਿਬ ਅਤੇ ਗੁਰਦੁਆਰਾ ਤਾੜੀ ਸਾਹਿਬ ਹੁੰਦਾ ਹੋਇਆ ਸਕੂਲ ਵਿਚ ਆ ਕੇ ਸਮਾਪਤ ਹੋਇਆ, ਇਸ ਨਗਰ ਕੀਰਤਨ ਦੀ ਅਰੰਭਤਾ ਸਮੇਂ ਹਰਬੰਸ ਸਿੰਘ ਕੰਧੋਲਾ ਮੈਨੇਜਰ ਦੀ ਅੰਬਾਲਾ ਬੋਰਡ ਆਫ ਐਜੂਕੇਸ਼ਨ ਚੰਡੀਗੜ੍ਹ ਵਿਸ਼ੇਸ਼ ਤੌਰ 'ਤੇ ਪਹੁੰਚੇ। ਸਕੂਲ ਪ੍ਰਿੰਸੀਪਲ ਕਿਰਨਜੋਤ ਕੌਰ ਮਾਂਗਟ ਨੇ ਦੱਸਿਆ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿਚ ਬਹੁਤ ਹੀ ਸ਼ਰਧਾ ਸਤਿਕਾਰ ਨਾਲ ਸੰਗਤਾਂ ਦੇ ਸਹਿਯੋਗ ਨਾਲ ਇਹ ਨਗਰ ਕੀਰਤਨ ਸੰਪੂਰਨ ਹੋਇਆ। ਇਸ ਮੌਕੇ ਸਕੂਲ ਦੇ ਵਿਦਿਆਥੀਆ ਵਲੋਂ ਗਤਕੇ ਦੇ ਜੌਹਰ ਦਿਖਾਏ ਗਏ। ਇਸ ਸਮੇਂ ਸਮੂਹ ਸਟਾਫ ਮੈਂਬਰ ਐੱਨ. ਸੀ. ਸੀ ਅਫਸਰ ਰਣਜੀਤ ਸਿੰਘ ਧਾਰਨੀ, ਅਵਤਾਰ ਸਿੰਘ, ਭਿੰਦਰ ਸਿੰਘ, ਮੇਜਰ ਸਿੰਘ, ਮੁਨੀਸ਼ ਭੱਲਾ, ਦਵਿੰਦਰ ਸਿੰਘ, ਮੈਡਮ ਰਾਜਰਾਣੀ, ਮੈਡਮ ਜਸਪਾਲ ਕੌਰ, ਮੈਡਮ ਜਸਪਿੰਦਰ ਕੌਰ, ਦਲਜੀਤ ਕੌਰ, ਗਗਨਦੀਪ ਕੌਰ, ਜਸਵੀਰ ਕੌਰ, ਹਰਦੀਪ ਕੌਰ, ਕਰਮਜੀਤ ਕੌਰ, ਬਲਜੀਤ ਕੌਰ ਅਤੇ ਮੈਡਮ ਜੋਤੀ ਆਦਿ ਤੋਂ ਇਲਾਵਾ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਜਲ ਸਪਲਾਈ ਸੈਨੀਟੇਸ਼ਨ ਮਸਟਰੋਲ ਇੰਪਲਾਈਜ਼ ਯੂਨੀਅਨ ਦੀ ਮੀਟਿੰਗ

ਜਲੰਧਰ, (ਰਾਜੇਸ਼ ਥਾਪਾ)- ਜਲ ਸਪਲਾਈ ਸੈਨੀਟੇਸ਼ਨ ਮਸਟਰੋਲ ਇੰਪਲਾਈਜ਼ ਯੂਨੀਅਨ ਜ਼ਿਲ੍ਹਾ ਜਲੰਧਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੰਜੀਵ ਕੌਂਡਲ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਯਾਦਗਾਰ ਹਾਲ ਵਿਖੇ ਹੋਈ। ਇਸ ਮੀਟਿੰਗ ਵਿਚ ਜਥੇਬੰਦੀ ਦੀਆਂ ਅਹਿਮ ਮੰਗਾਂ 'ਤੇ ਵਿਚਾਰ ਵਿਮਰਸ਼ ਕੀਤਾ ਗਿਆ। ਮਹਿਕਮੇ ਵਿੱਚ ਕੰਮ ਕਰਦੇ ਫੀਲਡ ਮੁਲਾਜ਼ਮਾਂ ਨੂੰ ਤਰੱਕੀਆਂ ਦੇਣਾ ਅਤੇ ਇਨਲਿਸਟਮੈਂਟ 'ਤੇ ਕੰਮ ਕਰਦੇ ਮੁਲਾਜ਼ਮਾਂ ਨੂੰ ਮਹਿਕਮੇ ਅੰਦਰ ਲਿਆ ਕੇ ਰੈਗੂਲਰ ਦੀ ਪਾਲਿਸੀ ਵਿਚ ਲਿਆਉਣਾ ਦੋ ਅਹਿਮ ਮੰਗਾਂ 'ਤੇ ਵਿਚਾਰਾਂ ਕੀਤੀਆਂ ਗਈਆਂ। ਸੰਜੀਵ ਕੌਂਡਲ ਨੇ ਦੱਸਿਆ ਕਿ ਜੇਕਰ ਸਰਕਾਰ ਨੇ ਮੰਗਾਂ ਪੂਰੀਆਂ ਨਾ ਕੀਤੀਆਂ ਤਾਂ ਜਥੇਬੰਦੀ ਵੱਲੋਂ ਪੰਜਾਬ ਸਰਕਾਰ ਖਿਲਾਫ਼ ਸੰਘਰਸ਼ ਦਾ ਬਿਗਲ ਵਜਾਉਣ ਲਈ ਮਜਬੂਰ ਹੋਣਾ ਪਵੇਗਾ। ਇਸ ਮੌਕੇ ਰਾਜਨ ਕੁਮਾਰ, ਰਾਮ ਲਾਲ, ਨਰਿੰਦਰ ਸਿੰਘ, ਬਾਸਦੇਵਪਾਲ, ਸੁੱਚਾ ਸਿੰਘ, ਸੁਨੀਲ ਕੁਮਾਰ, ਰੋਸ਼ਨ ਲਾਲ, ਰਾਕੇਸ਼ ਕੁਮਾਰ, ਭੋਪਾਲ ਸਿੰਘ, ਰਵੀ ਕੁਮਾਰ, ਅਸ਼ਵਨੀ ਕੁਮਾਰ ਆਦਿ ਮੈਂਬਰ ਸ਼ਾਮਲ ਹੋਏ

# ਸ਼ਹੀਦ ਭਗਤ ਸਿੰਘ ਯਾਦਗਾਰੀ ਫੁੱਟਬਾਲ ਟੂਰਨਾਮੈਂਟ ਦਾ ਪੋਸਟਰ ਰਿਲੀਜ਼

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ ) ਸ਼ਹੀਦ-ਏ-ਆਜਮ ਸ. ਭਗਤ ਸਿੰਘ ਯਾਦਗਾਰੀ ਫੁੱਟਬਾਲ ਟੂਰਨਾਮੈਂਟ ਕਮੇਟੀ ਬੰਗਾ ਵੱਲੋਂ 24ਵੇਂ ਸ਼ਹੀਦ ਭਗਤ ਸਿੰਘ ਯਾਦਗਾਰੀ ਫੁੱਟਬਾਲ ਟੂਰਨਾਮੈਂਟ ਦਾ ਪੋਸਟਰ ਰੀਲੀਜ਼ ਕੀਤਾ ਗਿਆ। ਟੂਰਨਾਮੈਂਟ ਕਮੇਟੀ ਦੀ ਮੀਟਿੰਗ ਪ੍ਰਬੰਧਕੀ ਸਕੱਤਰ ਹਰਜੀਤ ਸਿੰਘ ਮਾਹਲ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਸਬੰਧੀ ਪ੍ਰੈਸ ਸਕੱਤਰ ਹਰਬੰਸ ਹੀਉਂ ਨੇ ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਕ

9-Nov-tPage 9.qxd 11/8/2022 9:56 PM Page 1



# ਸਿੱਖਿਆ ਮੰਤਰੀ, ਡੀ ਪੀ ਆਈ ਵੱਲੋਂ ਅਨਾਮਲੀ ਦੇ ਐਲਾਨ ਵਫਾ ਨਾ ਹੋਏ

ਮੁਹਾਲੀ, (ਗੁਰਜੀਤ ਬਿੱਲਾ) ਪਿਛਲੇ ਦਿਨੀਂ ਪੰਜਾਬ ਸਰਕਾਰ ਦੇ ਮੌਜੂਦਾ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਆਏ ਬਿਆਨ ਕਿ 'ਜੋ ਜੰਥੇਬੰਦੀ ਧਰਨਾ ਲਗਾਏਗੀ ਮੈਂ ਉਸ ਨਾਲ ਗੱਲ ਨਹੀਂ ਕਰਾਂਗਾ' ਉਨ੍ਹਾਂ ਦੇ ਕਹਿਣ ਅਨੁਸਾਰ ਮੇਰੇ ਦਰਵਾਜ਼ੇ ਹਰ ਸਮੇਂ ਖੁੱਲ੍ਹੇ ਹਨ, ਕਦੋਂ ਵੀ ਆ ਕੇ ਕੋਈ ਮਿਲ ਸਕਦਾ ਹੈ। ਇਨ੍ਹਾਂ ਸਬਦਾਂ ਤੇ ਪ੍ਰਤੀਕਰਮ ਕਰਦੇ ਹੋਏ ਈਟੀਟੀ ਅਧਿਆਪਕ ਯੂਨੀਅਨ ਪੰਜਾਬ ਦੇ ਸੂਬਾ ਪ੍ਰੈੱਸ ਸਕੱਤਰ ਰਾਜੇਸ਼ ਕੁਮਾਰ ਬੁਢਲਾਡਾ ਨੇ ਦੱਸਿਆ ਕਿ ਪੰਜਾਬ ਦੇ ਈਟੀਟੀ ਅਧਿਆਪਕਾਂ ਦੀ ਅਨਾਮਲੀ ਨੂੰ ਦੂਰ ਕਰਨ ਸਬੰਧੀ ਜੰਥੇਬੰਦੀ ਸੂਬਾ ਪ੍ਰਧਾਨ ਰਛਪਾਲ ਸਿੰਘ ਵੜੈਚ ਦੀ ਪ੍ਰਧਾਨਗੀ ਹੇਠ 21 ਅਪ੍ਰੈਲ ਨੂੰ ਇਹੀ ਸਰਕਾਰ ਦੇ ਉਸ ਸਮੇਂ ਦੇ ਸਿੱਖਿਆ ਮੰਤਰੀ ਮੀਤ ਹੇਅਰ ਤੋਂ ਬਿਨਾਂ 16 ਮਈ, 8 ਜੂਨ ਤੇ 29 ਅਗਸਤ ਨੂੰ ਡੀਪੀਆਈ ਪ੍ਰਾਇਮਰੀ ਪੰਜਾਬ ਹਰਿੰਦਰ ਕੌਰ ਤੋਂ ਇਲਾਵਾ 26 ਅਗਸਤ ਤੇ 12 ਅਕਤੂਬਰ ਨੂੰ ਮੌਜੂਦਾ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਮੀਟਿੰਗਾਂ ਕਰ ਚੁੱਕੀ ਹੈ। ਇਨ੍ਹਾਂ ਹੋਈਆਂ ਸਾਰੀਆਂ ਹੀ ਮੀਟਿੰਗਾਂ ਵਿੱਚ ਅਫਸਰਸ਼ਾਹੀ ਅਤੇ ਸਰਕਾਰ ਦੇ ਸਿੱਖਿਆ ਮੰਤਰੀ ਨੇ ਅਧਿਆਪਕਾਂ ਦੀ ਅਨਾਮਲੀ ਤੁਰੰਤ ਹੀ ਦੂਰ ਕਰ ਦਾ ਭਰੋਸਾ ਦਿੱਤਾ ਸੀ, ਪਰ ਬਹੁਤ ਦੁੱਖ ਦੀ ਗੱਲ ਹੈ ਕਿ ਪੰਜਾਬ ਦੇ ਈਟੀਟੀ ਅਧਿਆਪਕਾਂ ਨਾਲ ਕੀਤੇ ਇਹ ਵਾਅਦੇ ਹਾਲੇ ਤੱਕ ਵਫਾ ਨਹੀਂ ਹੋਏ। ਇਸ ਤੋਂ ਪਹਿਲਾਂ ਵੀ ਜੰਥੇਬੰਦੀ ਵੱਲੋਂ 8 ਅਗਸਤ ਤੇ 9 ਅਗਸਤ ਨੂੰ ਪੰਜਾਬ ਦੇ ਸਾਰੇ ਡੀਈਓ ਨੂੰ ਜ਼ਿਲ੍ਹਾ ਪੱਧਰਾਂ 'ਤੇ ਵੱਡੇ ਇਕੱਠ ਕਰ ਕੇ ਮੰਗ ਪੱਤਰ ਵੀ ਦਿੱਤੇ ਗਏ ਸਨ। ਜਥੇਬੰਦੀ ਦੇ ਆਗੂਆਂ ਨੇ ਸਰਕਾਰ 'ਤੇ ਵਿਅੰਗ ਕੱਸਦਿਆਂ ਕਿਹਾ ਕਿ ਹੁਣ ਅਸੀਂ ਪੰਜਾਬ ਅੰਦਰ ਧਰਨੇ, ਮੁਜ਼ਾਹਰੇ, ਘਿਰਾਓ ਨਾ ਕਰੀਏ, ਹੋਰ ਕੀ ਕਰੀਏ। ਜੰਥੇਬੰਦੀ ਦੇ ਸੂਬਾ ਸਰਪ੍ਰਸਤ ਰਣਜੀਤ ਸਿੰਘ ਬਾਠ ਨੇ ਕਿਹਾ ਕਿ ਸਰਕਾਰ ਦੀ ਅਫਸਰਸਾਹੀ ਜਾਣਬੁੱਝ ਕੇ ਮੁਲਾਜ਼ਮਾਂ ਦੇ ਮਸਲੇ ਲਟਕਾ ਰਹੀ ਹੈ, ਸਰਕਾਰ ਨੂੰ ਇਸ ਵੱਲ ਤੁਰੰਤ ਧਿਆਨ ਦੇਣਾ ਚਾਹੀਦਾ ਹੈ। ਸਰਕਾਰ ਆਪਣੇ ਪੰਜਾਬ ਦੇ ਲੋਕਾਂ ਨਾਲ 6-6 ਮੀਟਿੰਗਾਂ ਵਿੱਚ ਵਾਅਦੇ ਕਰ ਕੇ ਵੀ ਇਸ ਨੂੰ ਪੂਰਾ ਨਹੀਂ ਕਰ ਰਹੀ। ਜਿਸ ਨੂੰ ਪੰਜਾਬ ਦੇ ਲੋਕ ਕਦੀ ਵੀ ਸਹਿਣ ਨਹੀਂ ਕਰਨਗੇ। ਇਸ ਮੌਕੇ ਜੰਥੇਬੰਦੀ ਦੇ ਸੂਬਾ ਜਨਰਲ ਸਕੱਤਰ ਹਰਜੀਤ ਸਿੰਘ ਸੈਣੀ, ਸਕੱਤਰ ਜਨਰਲ ਬੂਟਾ ਸਿੰਘ ਮੋਗਾ, ਸੀਨੀਅਰ ਮੀਤ ਪ੍ਰਧਾਨ ਸਵਰਨਜੀਤ ਸਿੰਘ ਭਗਤਾ, ਬਲਰਾਜ ਸਿੰਘ ਘਲੋਟੀ, ਉਂਕਾਰ ਸਿੰਘ ਗੁਰਦਾਸਪੁਰ ਆਦਿ ਮੌਜੂਦ ਸਨ।

# ਬੀਬੀ ਜਗੀਰ ਕੌਰ ਤੇ ਧਾਮੀ ਨਿੱਜੀ ਸਵਾਰਥਾਂ ਲਈ ਇਕ ਦੂਜੇ 'ਤੇ ਚਿੱਕੜ ਸੁੱਟ ਰਹੇ : ਸਿੰਗੜੀਵਾਲਾ

**ਹੁਸ਼ਿਆਰਪੁਰ ( ਓ ਪੀ ਰਾਣਾ)** ਸੀਨੀਅਰ ਅਕਾਲੀ ਆਗੂ ਤੇ ਸਾਬਕਾ ਪ੍ਰਧਾਨ ਬੀਬੀ ਜਗੀਰ ਕੌਰ ਜੋ ਖੁਦ ਕਿਸੇ ਸਮੇਂ ਬਾਦਲ ਪਰਿਵਾਰ ਦੁਆਰਾ ਸਿੱਖ ਸਿਧਾਂਤਾਂ ਨੂੰ ਛਿੱਕੇ ਟੰਗ ਕੇ ਲਿਫ਼ਾਫ਼ਾ ਕਲਚਰ ਰਾਹੀਂ ਐੱਸ ਜੀ ਪੀ ਸੀ ਦੇ ਪ੍ਰਧਾਨ ਬਣਦੇ ਰਹੇ ਹਨ ਵੱਲੋਂ ਬਾਦਲ ਪਰਿਵਾਰ ਦੇ ਲਿਫ਼ਾਫ਼ਾ ਕਲਚਰ ਖਿਲਾਫ ਐੱਸ ਜੀ ਪੀ ਸੀ ਦਾ ਪ੍ਰਧਾਨ ਬਣਾਉਣ 'ਤੇ ਉਠਾਏ ਗਏ ਸਵਾਲ ਦੇ ਜਵਾਬ ਵਿੱਚ ਮੌਜੂਦਾ ਪ੍ਰਧਾਨ ਤੇ ਪ੍ਰਧਾਨਗੀ ਉਮੀਦਵਾਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਵੀ ਇਹ ਕਹਿਣਾ ਕਿ ਜਦੋਂ ਬੀਬੀ ਜਗੀਰ ਕੌਰ ਨੂੰ ਪ੍ਰਧਾਨ ਬਣਾਇਆ ਜਾਂਦਾ ਸੀ ਉਸ ਸਮੇਂ ਉਨ੍ਹਾਂ ਵੱਲੋਂ ਲਿਫਾਫਾ ਕਲਚਰ ਦਾ ਵਿਰੋਧ ਕਿਉਂ ਨਹੀਂ ਕੀਤਾ ਗਿਆ ਤੇ ਵਿਰੋਧੀਆਂ ਦੀ ਚੁੱਕ ਵਿਚ ਆ ਕੇ ਅਜਿਹੀਆਂ ਗੱਲਾਂ ਕਰਕੇ ਬੀਬੀ ਜਗੀਰ ਕੌਰ ਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਆਪਣੇ ਨਿੱਜੀ ਸਵਾਰਥਾਂ ਲਈ ਇੱਕ ਦੂਜੇ ਉੱਪਰ ਚਿੱਕੜ ਸੁੱਟ ਰਹੇ ਹਨ ਜਿਸ ਦਾ ਸਿੱਖ ਕੌਮ ਨਾਲ ਕੋਈ ਸੰਬੰਧ ਨਹੀਂ ਕਿਉਂਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ 2016 ਵਿੱਚ ਮਿਆਦ ਖਤਮ ਹੋ ਚੁੱਕੀ ਹੈ ਤੇ ਸੰਗਤਾਂ ਦਾ ਇਨ੍ਹਾਂ ਨੂੰ ਸਮਰਥਨ ਹਾਸਲ ਨਹੀਂ । ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਜ਼ਿਲ੍ਹਾ ਜਨਰਲ ਸਕੱਤਰ ਗੁਰਨਾਮ ਸਿੰਘ ਸਿੰਗੜੀਵਾਲਾ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਬੀਬੀ ਜਗੀਰ ਕੌਰ ਨੇ ਅਕਾਲੀ ਦਲ ਬਾਦਲ ਵਿੱਚ ਰਹਿੰਦਿਆਂ ਕਦੇ ਵੀ ਸਿੱਖ ਕੌਮ ਅਤੇ ਘੱਟ ਗਿਣਤੀਆਂ ਵਿਰੋਧੀ ਭਾਜਪਾ ਅਤੇ ਆਰ ਐੱਸ ਐੱਸ ਦਾ ਕੋਈ ਵਿਰੋਧ ਨਹੀਂ ਕੀਤਾ ਅਤੇ ਇਨ੍ਹਾਂ ਨੇ ਸਿੱਖ ਸੰਸਥਾਵਾਂ ਵਿੱਚ ਭਾਜਪਾ ਅਤੇ ਆਰ ਐੱਸ ਐੱਸ ਦੀ ਘੁਸਪੈਠ ਕਰਾਉਣ ਵਿਚ ਪੂਰਾ ਯੋਗਦਾਨ ਪਾਇਆ ਜਿਸ ਦਾ ਖਮਿਆਜ਼ਾ ਇਨ੍ਹਾਂ ਨੂੰ ਸਮਾਂ ਆਉਣ 'ਤੇ ਜ਼ਰੂਰ ਭੁਗਤਣਾ ਪਵੇਗਾ ਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) 9 ਨਵੰਬਰ ਨੂੰ ਦੋਨਾਂ ਧਿਰਾਂ ਵੱਲੋਂ ਮਿਆਦ ਖਤਮ ਹੋ ਚੁੱਕੇ ਮੈਂਬਰਾਂ ਦੀ ਤਾਕਤ ਨਾਲ ਕੀਤੇ ਜਾ ਰਹੇ ਡਰਾਮੇ ਦਾ ਸਖਤ ਵਿਰੋਧ ਕਰਦਾ ਹੈ ਅਤੇ ਕੇਂਦਰ ਦੀ ਨਰਿੰਦਰ ਮੋਦੀ ਹਕੂਮਤ ਵੱਲੋਂ ਮੰਦਭਾਵਨਾ ਅਧੀਨ ਸਿੱਖ ਕੌਮ ਦੇ ਕੁਚਲੇ ਹੋਏ ਜਮਹੂਰੀ ਹੱਕ ਨੂੰ ਮੁੜ ਐਸ ਜੀ ਪੀ ਸੀ ਦੀਆਂ ਚੋਣਾਂ ਕਰਵਾ ਕੇ ਸਿੱਖ ਪਾਰਲੀਮੈਂਟ ਨੂੰ ਤੁਰੰਤ ਬਹਾਲ ਕਰਨ ਦੀ ਮੰਗ ਕਰਦਾ ਹੈ ।

# ਮਹੰਤ ਲਾਲ ਸਿੰਘ ਮਾਡਲ ਹਾਈ ਸਕੂਲ ਵਿਖੇ ਨੇਤਰਦਾਨ ਜਾਗਰੂਕ ਸੈਮੀਨਾਰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਸਿਵਲ ਸਰਜਨ ਹੁਸ਼ਿਆਰਪੁਰ ਡਾ.ਪ੍ਰੀਤ ਮਹਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਨੇਤਰਦਾਨ ਐਸੋਸੀਏਸ਼ਨ ਹੁਸ਼ਿਆਰਪੁਰ ਵੱਲੋਂ ਚਲਾਈ ਗਈ ਨੇਤਰਦਾਨ ਜਾਗਰੂਕਤਾ ਮੁਹਿਮ ਤਹਿਤ ਮਹੰਤ ਲਾਲ ਸਿੰਘ ਮਾਡਲ ਹਾਈ ਸਕੂਲ ਖੁੱਡਾ ਵਿਖੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਨੇਤਰਦਾਨ ਪ੍ਰਤੀ ਜਾਗਰੂਕ ਕਰਨ ਲਈ ਇਕ ਸੈਮੀਨਾਰ ਕਰਵਾਇਆ ਗਿਆ। ਸਕੂਲ ਕਮੇਟੀ ਦੇ ਸਰਪ੍ਰਸਤ ਮਹੰਤ ਤੇਜਾ ਸਿੰਘ ਦੀ ਮੁੱਖ ਸੇਵਾਦਾਰ ਡੇਰਾ ਗੁਰੂਸਰ ਖੁੱਡਾ ਵਾਲਿਆ ਦੀ ਅਗਵਾਈ ਅਤੇ ਪ੍ਰਿੰਸੀਪਲ ਤਰਲੋਕ ਸਿੰਘ ਦੀ ਦੇਖ-ਰੇਖ ਹੇਠ ਲਗਾਏ ਗਏ ਇਸ ਸੈਮੀਨਾਰ ਦੌਰਾਨ ਨੇਤਰਦਾਨ ਐਸੋਸੀਏਸ਼ਨ ਦੇ ਹਲਕਾ ਟਾਂਡਾ ਤੋਂ ਆਈ ਡੋਨਰ ਇੰਚਾਰਜ ਜਥੇਦਾਰ ਵਰਿੰਦਰ ਸਿੰਘ ਮਸੀਤੀ ਨੇ ਸਟਾਫ ਅਤੇ ਵਿਦਿਆਰਥੀਆਂ ਨੂੰ ਨੇਤਰਦਾਨ ਪ੍ਰਤੀ ਜਾਗਰੂਕ ਕਰਦਿਆਂ ਉਸਦੀ ਦੀ ਮਹੱਤਤਾ ਅਤੇ ਮਹਾਨਤਾ ਤੋਂ ਜਾਣੂ ਕਰਾਉਂਦੇ ਹੋਏ ਅੱਖਾਂ ਦਾਨ ਕਰਨ ਸੰਬੰਧੀ ਰਜਿਸਟ੍ਰੇਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੰਤ ਤੇਜਾ ਸਿੰਘ ਨੇ ਇਹ ਹੈ ਕਿ ਜੇਕਰ ਅਸੀਂ ਆਪਣੀਆਂ ਅੱਖਾਂ ਦਾਨ ਕਰਨ ਸਬੰਧੀ ਰਜਿਸਟ੍ਰੇਸ਼ਨ ਕਰਾਉਂਦੇ ਹਾਂ ਤਾਂ ਸਾਡੇ ਮਰਨ ਤੋਂ ਬਾਅਦ ਵੀ ਸਾਡੀਆਂ ਅੱਖਾਂ ਜ਼ਿੰਦਾ ਰਹਿਣਗੀਆਂ ਅਤੇ ਕਿਸੇ ਹਨ੍ਹੇਰੀ ਜ਼ਿੰਦਗੀ ਜਿਊ ਰਹੇ ਵਿਅਕਤੀ ਨੂੰ ਰੌਸ਼ਨੀ ਪ੍ਰਦਾਨ ਕਰਨਗੀਆਂ। ਇਸ ਮੌਕੇ ਨੇਤਰਦਾਨ ਐਸੋਸੀਏਸ਼ਨ ਹੁਸ਼ਿਆਰਪੁਰ ਵੱਲੋਂ ਨੇਤਰਦਾਨ ਕਰਨ ਵਾਲੇ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਨੂੰ ਸਰਟੀਫਿਕੇਟ ਵੀ ਭੇਟ ਕੀਤੇ ਗਏ । ਇਸ ਮੌਕੇ ਸੰਤ ਸੁਖਜੀਤ ਸਿੰਘ, ਲਸ਼ਕਰ ਸਿੰਘ ਖੁੱਡਾ, ਨਰਿੰਦਰ ਸਿੰਘ ਖੁੱਡਾ, ਦਿਲਦਾਰ ਸਿੰਘ ਨੀਟਾ, ਮੈਡਮ ਰਾਜਵਿੰਦਰ ਕੌਰ, ਜਸਵੀਰ ਕੌਰ, ਪਰਮਜੀਤ ਕੌਰ, ਤਰਨਪ੍ਰੀਤ ਸਿੰਘ, ਕਰਤਾਰ ਸਿੰਘ, ਸਰਪੰਚ ਜਸਪ੍ਰੀਤ ਸਿੰਘ ਆਦਿ ਵੀ ਮੌਜੂਦ ਸਨ।

# ਬੁਲਟ ਮੋਟਰਸਾਈਕਲ ਰਾਹੀਂ ਪਟਾਕੇ ਵਜਾਉਣ 'ਤੇ ਪਾਬੰਦੀ

ਜਲੰਧਰ (ਸੁਰਿੰਦਰ ਕੁਮਾਰ)-ਸ਼ਹਿਰ ਵਿੱਚ ਲੋਕ ਹਿੱਤਾਂ ਅਤੇ ਅਮਨ ਕਾਨੂੰਨ ਦੀ ਸਥਿਤੀ ਦੇ ਮੱਦੇਨਜ਼ਰ ਵਾਹਨ ਖੜ੍ਹੀਆਂ ਕਰਨ ਵਾਲੀਆਂ ਥਾਵਾਂ 'ਤੇ ਸੀ.ਸੀ.ਟੀ.ਵੀ. ਕੈਮਰੇ ਲਗਾਉਣ , ਬੁਲਟ ਮੋਟਰ ਸਾਈਕਲ ਚਲਾਉਂਦੇ ਸਮੇਂ ਸਾਈਲੈਂਸਰ ਵਿੱਚ ਤਕਨੀਕੀ ਫੇਰਬਦਲ ਕਰਵਾ ਕੇ ਪਟਾਕੇ ਆਦਿ ਚਲਾਉਣ ਵਾਲੇ ਵਾਹਨ ਚਾਲਕਾਂ 'ਤੇ ਮੁਕੰਮਲ ਪਾਬੰਦੀ, ਹੋਟਲ/ਮੋਟਲ/ਗੈਸਟ ਹਾਊਸ ਅਤੇ ਸਰਾਵਾਂ ਆਦਿ ਵਿੱਚ ਕਿਸੇ ਵੀ ਵਿਅਕਤੀ ਨੂੰ ਬਿਨਾਂ ਸ਼ਨਾਖਤੀ ਕਾਰਡ ਦੀ ਕਾਪੀ ਤੋਂ ਠਹਿਰਨ ਦੀ ਇਜ਼ਾਜਤ ਨਾ ਦੇਣ, ਕਮਿਸ਼ਨਰੇਟ ਪੁਲਸ ਦੀ ਹਦੂਦ ਅੰਦਰ ਕਿਸੇ ਕਿਸਮ ਦਾ ਜਲੂਸ ਕੱਢਣ, ਕਿਸੇ ਸਮਾਗਮ/ਜਲੂਸ ਵਿੱਚ ਹਥਿਆਰ ਚੁੱਕ ਕੇ ਚੱਲਣ, ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੀ ਇਕੱਤਰਤਾ ਅਤੇ ਨਾਅਰੇਬਾਜ਼ੀ ਕਰਨ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਪੁਲਿਸ ਅੰਕੁਰ ਗੁਪਤਾ ਨੇ ਇਸ ਸਬੰਧੀ ਜ਼ਾਬਤਾ ਫੌਜਦਾਰੀ ਸੰਘਤਾ 1973 ਦੀ ਧਾਰਾ 144 ਤਹਿਤ ਹੁਕਮ ਜਾਰੀ ਕੀਤਾ ਹੈ ਕਿ ਪੁਲਿਸ ਕਮਿਸ਼ਨਰੇਟ ਜਲੰਧਰ ਦੀ ਹਦੂਦ ਅੰਦਰ ਪੈਂਦੀਆਂ ਵਾਹਨ ਖੜ੍ਹੀਆਂ ਕਰਨ ਦੀਆਂ ਥਾਵਾਂ ਜਿਵੇਂ ਰੇਲਵੇ ਸਟੇਸ਼ਨ, ਬੱਸ ਸਟੈਂਡ, ਧਾਰਮਿਕ ਥਾਵਾਂ,ਹਸਪਤਾਲ, ਭੀੜ ਵਾਲੇ ਬਜ਼ਾਰਾਂ ਅਤੇ ਹੋਰ ਵਾਹਨ ਪਾਰਕ ਕਰਨ ਲਈ ਬਣੀਆਂ ਥਾਵਾਂ ਆਦਿ ਦੇ ਮਾਲਕ/ਪ੍ਰਬੰਧਕ (ਕੰਪਲੈਕਸ ਦੇ ਅੰਦਰ ਜਾਂ ਬਾਹਰ ) 'ਤੇ ਸੀ.ਸੀ.ਟੀ.ਵੀ.ਕੈਮਰੇ ਲਗਾਏ ਬਿਨਾਂ ਵਾਹਨ ਪਾਰਕਿੰਗ ਨਹੀਂ ਚਲਾਉਣਗੇ। ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਸੀ.ਸੀ.ਟੀ.ਵੀ.ਕੈਮਰੇ ਇਸ ਤਰੀਕੇ ਨਾਲ ਲਗਾਏ ਜਾਣ ਕਿ ਜੋ ਵਾਹਨ ਪਾਰਕਿੰਗ ਦੇ ਅੰਦਰ/ਬਾਹਰ ਆਉਂਦਾ-ਜਾਂਦਾ ਹੈ ਉਸ ਦੀ ਵਾਹਨ ਦੀ ਨੰਬਰ ਪਲੇਟ ਅਤੇ ਵਾਹਨ ਚਲਾਉਣ ਵਾਲੇ ਵਿਅਕਤੀ ਦਾ ਚੇਹਰਾ ਸਾਫ਼ ਨਜ਼ਰ ਆਵੇ ਅਤੇ ਇਸ ਸਬੰਧੀ ਲਗਾਏ ਗਏ ਸੀ.ਸੀ.ਟੀ.ਵੀ.ਕੈਮਰੇ ਦੀ 45 ਦਿਨ ਦੀ ਰਿਕਾਰਡਿੰਗ ਦੀ ਸੀ.ਡੀ.ਤਿਆਰ ਕਰਨ ਉਪਰੰਤ ਹਰ 15 ਦਿਨ ਬਾਅਦ ਸਕਿਉਰਟੀ ਬ੍ਰਾਂਚ ਦਫ਼ਤਰ ਪੁਲਿਸ ਕਮਿਸ਼ਨਰ ਜਲੰਧਰ ਵਿੱਚ ਜਮ੍ਹਾਂ ਕਰਵਾਈ ਜਾਵੇ । ਇਸੇ ਤਰ੍ਹਾਂ ਵਾਹਨ ਪਾਰਕ ਕਰਨ ਵਾਲੇ ਵਾਹਨ ਮਾਲਕਾਂ ਦਾ ਰਿਕਾਰਡ ਜੇਕਰ ਵਾਹਨ ਇੱਕ ਦਿਨ ਲਈ ਖੜ੍ਹਾ ਕਰਨਾ ਹੋਵੇ ਤਾਂ ਰਜਿਸਟਰ ਵਿੱਚ ਉਸ ਦਾ ਅੰਦਰਾਜ ਵਾਹਨ ਮਾਲਕ ਦਾ ਨਾਂਅ ,ਮੋਬਾਇਲ ਨੰਬਰ, ਵਾਹਨ ਦੀ ਕਿਸਮ, ਰਜਿਸਟਰੇਸ਼ਨ ਨੰਬਰ, ਚੈਸੀ ਨੰਬਰ,ਇੰਜਣ ਨੰਬਰ, ਵਾਹਨ ਪਾਰਕ ਕਰਨ ਦੀ ਮਿਤੀ ਅਤੇ ਵਾਹਨ ਵਾਪਸ ਲੈਣ ਦੀ ਮਿਤੀ ਦਰਜ ਕਰਨ ਤੋਂ ਇਲਾਵਾ ਵਾਹਨ ਮਾਲਕ ਦੇ ਰਜਿਸਟਰ ਉਪਰ ਦਸਤਖਤ ਕਰਵਾਏ ਜਾਣ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਜੇਕਰ ਵਾਹਨ ਇੱਕ ਦਿਨ ਤੋਂ ਵੱਧ ਸਮੇਂ ਲਈ ਖੜ੍ਹਾ ਕਰਨਾ ਹੋਵੇ ਤਾਂ ਉਸ ਦਾ ਅੰਦਰਾਜ ਰਜਿਸਟਰ ਵਿੱਚ ਉਕਤ ਅਨੁਸਾਰ ਕਰਕੇ ਵਾਹਨ ਮਾਲਕ ਵਲੋਂ ਵਾਹਨ ਦੇ ਰਜਿਸਟਰੇਸ਼ਨ ਅਤੇ ਡਰਾਇਵਿੰਗ ਲਾਇਸੰਸ ਦੀ ਫੋਟੋ ਕਾਪੀ ਲੈ ਕੇ ਬਤੌਰ ਰਿਕਾਰਡ ਰੱਖਿਆ ਜਾਵੇ ਅਤੇ ਇਸ ਤੋਂ ਇਲਾਵਾ ਪਾਰਕਿੰਗ ਦੀਆਂ ਥਾਵਾਂ 'ਤੇ ਕੰਮ ਕਰ ਰਹੇ ਵਿਅਕਤੀਆਂ ਦੀ ਪੁਲਿਸ ਵੈਰੀਫਿਕੇਸ਼ਨ ਸਬੰਧਿਤ ਥਾਣਾਂ ਤੋਂ ਕਰਵਾਈ ਜਾਵੇ । ਇਕ ਹੋਰ ਹੁਕਮ ਰਾਹੀਂ ਕਮਿਸ਼ਨਰੇਟ ਪੁਲਿਸ ਜਲੰਧਰ ਦੀ ਹਦੂਦ ਅੰਦਰ ਕਿਸੇ ਕਿਸਮ ਦਾ ਹਥਿਆਰ ਜਿਵੇਂ ਕਿ ਬੇਸਬਾਲ, ਤੇਜ਼ ਹਥਿਆਰ, ਨੋਕੀਲਾ ਹਥਿਆਰ ਜਾਂ ਕੋਈ ਵੀ ਜਾਨਲੇਵਾ ਹਥਿਆਰ ਗੱਡੀ ਵਿੱਚ ਰੱਖ ਕੇ ਚੱਲਣ 'ਤੇ ਵੀ ਪਾਬੰਦੀ ਲਗਾਈ ਗਈ ਹੈ।

# ਗੁਰਦੁਆਰਾ ਬਾਬਾ ਸੁਲਤਾਨੀ ਰਾਮ ਪਿੰਡ ਝਾਂਵਾਂ 'ਚ ਲਾਇਆ ਖੂਨਦਾਨ ਕੈਂਪ

**ਟਾਂਡਾ ਉੜਮੁੜ, ( ਉਕਾਰ ਸਿੰਘ, ਜਸਵਿੰਦਰ ਸੰਧੂ )**ਪਿੰਡ ਝਾਂਵਾ ਦੇ ਗੁਰਦੁਆਰਾ ਬਾਬਾ ਸੁਲਤਾਨੀ ਰਾਮ ਜੀ ਵਿਖੇ ਨੌਜਵਾਨ ਬਲੱਡ ਸੇਵਾ ਟਾਂਡਾ ਗਰੁੱਪ ਦੀ ਮਦਦ ਨਾਲ ਇਕ ਰੋਜ਼ਾ ਖੂਨਦਾਨ ਕੈਂਪ ਲਾਇਆ ਗਿਆ। ਨਰਿੰਦਰ ਸਿੰਘ ਸੋਨੂ, ਮਨਵੀਰ ਲੰਬੜ, ਸੁਖਵਿੰਦਰ ਸਿੰਘ ਖਾਲਸਾ,ਸੁਖਵਿੰਦਰ ਸਿੰਘ ਸੁੱਖੀ,ਮਨੀ ਬਾਵਾ,ਅਮਰਜੀਤ ਸਿੰਘ,ਕਰਮਜੀਤ ਸਿੰਘ ਝਾਵਰ ਦੀ ਦੇਖ ਰੇਖ ਵਿਚ ਲਾਏ ਗਏ ਇਸ ਕੈਂਪ ਦਾ ਉਦਘਾਟਨ ਸਰਪੰਚ ਸੁਖਵਿੰਦਰ ਜੀਤ ਸਿੰਘ ਝਾਵਰ ਨੇ ਕੀਤਾ। ਇਸ ਮੌਕੇ ਸਰਪੰਚ ਝਾਵਰ ਨੇ ਨੌਜਵਾਨਾਂ ਦੇ ਇਸ ਉੱਦਮ ਦੀ ਸ਼ਲਾਘਾ ਕਰਦੇ ਹੋਏ ਖੂਨਦਾਨ ਦੀ ਮਹੱਤਤਾ ਬਾਰੇ ਦੱਸਿਆ। ਉਨ੍ਹਾਂ ਆਖਿਆ ਕਿ ਕੈਂਪ ਲਾਉਣ ਵਾਲੇ ਨੌਜਵਾਨ ਰੈਗੂਲਰ ਡੋਨਰ ਹਨ। ਇਸਦੇ ਨਾਲ ਹੀ ਲੋੜ ਪੈਣ 'ਤੇ ਉਹ ਖੂਨਦਾਨ ਕੈਂਪ ਲਗਾ ਕੇ ਜਰੂਰਤਮੰਦ ਮਰੀਜ਼ਾਂ ਦੀ ਮਦਦ ਕਰਦੇ ਹਨ। ਝਾਵਰ ਨੇ ਖੂਨ ਦਾਨੀਆਂ ਅਤੇ ਪ੍ਰਬੰਧਕਾਂ ਨੂੰ ਸਨਮਾਨਿਤ ਕੀਤਾ। ਕੈਂਪ ਵਿਚ ਕਮਲ ਮਲਟੀ ਸਪੈਸ਼ਲਿਟੀ ਬਲੱਡ ਸੈਂਟਰ ਜਲੰਧਰ ਦੀ ਟੀਮ ਜਸਪ੍ਰੀਤ ਮਹੇ, ਵਿਕਾਸ ਕਪੂਰ, ਡਾ.ਅਮਨ ਅਤੇ ਗੁਰਪ੍ਰੀਤ ਸਿੰਘ ਨੇ ਸੇਵਾਵਾਂ ਦਿੱਤੀਆਂ। ਦੀਪ ਸਿੱਧੂ, ਸੰਦੀਪ ਨੰਗਲ ਅੰਬੀਆਂ ਅਤੇ ਸਿੱਧੂ ਮੂਸੇਵਾਲਾ ਨੂੰ ਸਮਰਪਿਤ ਇਸ ਕੈਂਪ ਵਿਚ 60 ਯੂਨਿਟ ਖੂਨਦਾਨ ਕੀਤਾ ਗਿਆ। ਇਸ ਦੇ ਨਾਲ ਅਨੇਕਾਂ ਨੌਜਵਾਨਾਂ ਨੇ ਰੈਗੂਲਰ ਡੋਨਰ ਬਣਨ ਲਈ ਆਪਣੀ ਰਜਿਸਟ੍ਰੇਸ਼

9-NOV-PAGE-10.qxd 11/8/2022 9:43 PM Page 1



# ਵਾਧੂ ਡਿਊਟੀਆਂ ਕਟਵਾਉਣ ਦੀ ਮੰਗ ਨੂੰ ਲੈ ਕੇ ਬਿਜਲੀ ਕਾਮਿਆਂ ਵੱਲੋਂ ਧਰਨਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਿਟਡ ਸ੍ਰੀ ਮੁਕਤਸਰ ਸਾਹਿਬ ਦੀਆਂ ਪ੍ਰਮੁੱਖ ਜਥੇਬੰਦੀਆਂ ਜੇ.ਈ. ਕੌਂਸਿਲ, ਮਨਿਸਟਰੀਅਸਲ ਸਰਵਿਸਜ਼ ਯੂਨੀਅਨ, ਟੀ.ਐੱਸ.ਯੂ. ਪੀ.ਐੱਸ.ਈ.ਬੀ. ਇੰਪਲਾਈਜ਼ ਫੈਡਰੇਸ਼ਨ, ਟੀ.ਐੱਸ.ਯੂ. ਭੰਗਾਲ ਦੇ ਸੱਦੇ 'ਤੇ 29 ਅਕਤੂਬਰ ਨੂੰ ਹੰਗਾਮੀ ਮੀਟਿੰਗ ਸ੍ਰੀ ਮੁਕਤਸਰ ਸਾਹਿਬ ਵਿਖੇ ਕੀਤੀ ਗਈ ਸੀ, ਜਿਸ ਵਿੱਚ ਪੰਜਾਬ ਸਰਕਾਰ ਵੱਲੋਂ ਪਾਵਰਕਾਮ/ਟਰਾਂਸਕੋ ਦੇ ਟੈਕਨੀਕਲ/ਕਲੈਰੀਕਲ ਕਰਮਚਾਰੀਆਂ ਦੀਆਂ ਡਿਊਟੀਆਂ ਵੱਖ ਵੱਖ ਤਰ੍ਹਾਂ ਦੀਆਂ ਸਕੀਮਾਂ/ਸਰਵਿਆਂ ਆਦਿ ਵਿੱਚ ਲਗਾਤਾਰ ਲਗਾਏ ਜਾਣ ਦਾ ਸਖਤ ਨੋਟਿਸ ਲਿਆ ਗਿਆ ਸੀ। ਇਸ ਸਬੰਧੀ ਤਾਜ਼ਾ ਸਕੀਮ ਮੇਰਾ ਘਰ ਮੇਰੇ ਨਾਮ, ਪਰਾਲੀ ਪ੍ਰਬੰਧਨ ਆਦਿ ਵਿੱਚ ਟੈਕਨੀਕਲ/ਕਲੈਰੀਕਲ ਕਰਮਚਾਰੀਆਂ ਦੀਆਂ ਡਿਊਟੀਆਂ ਲਾਈਆਂ ਗਈਆਂ ਹਨ। ਇਸ ਸਬੰਧੀ ਸੰਘਰਸ਼ ਦਾ ਨੋਟਿਸ 31 ਅਕਤੂਬਰ 2022 ਨੂੰ ਨਿਗਰਾਨ ਇੰਜੀਨੀਅਰ ਵੰਡ ਹਲਕਾ ਸੀ ਮੁਕਤਸਰ ਸਾਹਿਬ ਨੂੰ ਦਿੱਤਾ ਗਿਆ ਸੀ ਕਿ ਤੁਰੰਤ ਇਹ ਵਾਧੂ ਡਿਊਟੀਆਂ ਕਟਵਾਈਆਂ ਜਾਣ ਨਹੀਂ ਤਾਂ ਸਾਂਝੀ ਸੰਘਰਸ਼ ਕਮੇਟੀ ਵੱਲੋਂ ਇਸ ਸਬੰਧੀ ਸੰਘਰਸ਼ ਸ਼ੁਰੂ ਕੀਤਾ ਜਾਵੇਗਾ। ਇਸ ਨੋਟਿਸ ਦੇ ਜਵਾਬ ਵਿੱਚ ਨਿਗਰਾਨ ਇੰਜੀਨੀਅਰ ਵੰਡ ਹਲਕਾ ਸ੍ਰੀ ਮੁਕਤਸਰ ਸਾਹਿਬ ਵੱਲੋਂ 03 ਨਵੰਬਰ ਨੂੰ 11 ਵਜੇ ਮੀਟਿੰਗ ਦਿੱਤੀ ਗਈ, ਪ੍ਰੰਤੂ ਕੋਈ ਵੀ ਭਰੋਸੇਯੋਗ ਹੱਲ ਦੀ ਉਮੀਦ ਨਾ ਦਿਸਦੀ ਹੋਣ ਕਾਰਨ ਮੀਟਿੰਗ ਬੇਮਿੱਟ ਰਹੀ ਅਤੇ ਸਾਂਝੀ ਸੰਘਰਸ਼ ਕਮੇਟੀ ਵੱਲੋਂ ਤੁਰੰਤ ਨਿਗਰਾਨ ਇੰਜੀਨੀਅਰ ਦੰਡ ਹਲਕਾ ਸ੍ਰੀ ਮੁਕਤਸਰ ਸਾਹਿਬ ਦੇ ਦਫਤਰ ਅੱਗੇ ਰੋਸ ਰੈਲੀ ਕੀਤੀ ਗਈ। ਇਸੇ ਲੜੀ ਤਹਿਤ ਵੰਡ ਹਲਕਾ ਸ੍ਰੀ ਮੁਕਤਸਰ ਸਾਹਿਬ ਦੇ ਦਫਤਰ ਅੱਗੇ ਧਰਨਾ ਸ਼ੁਰੂ ਕੀਤਾ ਗਿਆ। ਇਸ ਧਰਨੇ ਵਿੱਚ ਵੱਡੀ ਗਿਣਤੀ 'ਚ ਕਰਮਚਾਰੀਆਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਧਰਨੇ ਵਿੱਚ ਬੁਲਾਰਿਆਂ ਵੱਲੋਂ ਇਨ੍ਹਾਂ ਵਾਧੂ ਡਿਊਟੀਆਂ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਤੇ ਨਾਲ ਹੀ ਪਾਵਰਕਾਮ ਮੈਨੇਜਮੈਂਟ ਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਇਹ ਸਿੱਧੇ ਤੌਰ 'ਤੇ ਸੰਬੋਧਨ ਕਰਕੇ ਕਿਹਾ ਕਿ ਜਦੋਂ ਤੱਕ ਇਹ ਵਾਧੂ ਡਿਊਟੀਆਂ ਨਹੀਂ ਕੱਟੀਆਂ ਜਾਂਦੀਆਂ, ਉਦੋਂ ਤੱਕ ਇਹ ਧਰਨਾ ਲਗਾਤਾਰ ਜਾਰੀ ਰਹੇਗਾ ਤੇ ਕਿਸੇ ਵੀ ਤਰ੍ਹਾਂ ਦੀ ਪਬਲਿਕ ਨੂੰ ਆਉਣ ਵਾਲੀ ਪ੍ਰੇਸ਼ਾਨੀ ਦੀ ਜਿੰਮੇਵਾਰੀ ਪਾਵਰਕਾਮ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ। ਇਸ ਧਰਨੇ ਨੂੰ ਗੁਰਮੀਤ ਸਿੰਘ ਏਏਈ ਪ੍ਰਧਾਨ, ਇੰਜੀ. ਸਮਿੰਦਰ ਸਿੰਘ, ਜੇ ਈ ਗੁਰਦੀਪ ਸਿੰਘ, ਪ੍ਰੇਮ ਕੁਮਾਰ ਪ੍ਰਧਾਨ, ਦੇਸ ਰਾਜ, ਬਲਜੀਤ ਸਿੰਘ ਮੋਦਲਾ ਸਰਕਲ ਆਗੂ, ਬਸੰਤ ਸਿੰਘ, ਖੇਲਾ ਸਿੰਘ, ਗੁਰਾਂਦਿੱਤਾ ਸਿੰਘ ਤੇ ਰਾਮੇਸ਼ਵਰ ਸਿੰਘ ਆਦਿ ਵੱਲੋਂ ਸੰਬੋਧਨ ਕੀਤਾ ਗਿਆ।

# ਕੁਵਰਿੰਦਰ ਦਾ ਸੋਨ, ਚਾਂਦੀ ਤੇ ਤਾਂਬੇ ਦੇ ਤਮਗਿਆਂ 'ਤੇ ਕਬਜ਼ਾ

## ਸ਼ਾਨਦਾਰ ਪ੍ਰਾਪਤੀਆਂ ਲਈ ਸਮੂਹ ਸਟਾਫ਼ ਵੱਲੋਂ ਵਧਾਈ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੁਲਸ ਪਬਲਿਕ ਸਕੂਲ ਦੇ 12ਵੀਂ ਜਮਾਤ ਦੇ ਵਿਦਿਆਰਥੀ ਕੁਵਰਿੰਦਰ ਸਿੰਘ ਨੇ ਇੱਕ ਵਾਰ ਫਿਰ ਜ਼ਿਲ੍ਹਾ ਪੱਧਰ 'ਤੇ ਐਥਲੈਟਿਕ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ 2 ਸੋਨ ਤਮਗੇ ਪ੍ਰਾਪਤ ਕੀਤੇ, ਜਿਸ ਵਿੱਚ 1 ਸੋਨ ਤਮਗਾ ਡਿਸਕਸ ਥਰੋ ਤੇ 1 ਸੋਨ ਤਮਗਾ ਸ਼ਾਟਪੁੱਟ ਵਿੱਚ ਪ੍ਰਾਪਤ ਕੀਤਾ ਹੈ।

ਇਹ ਜਾਣਕਾਰੀ ਪੁਲਸ ਪਬਲਿਕ ਸਕੂਲ ਦੇ ਪ੍ਰਿੰਸੀਪਲ ਮੈਡਮ ਮੋਨਿਕਾ ਸਿੰਘ ਨੇ ਸਾਂਝੀ ਕੀਤੀ। ਇਸ ਮੌਕੇ ਪ੍ਰਿੰਸੀਪਲ ਮੈਡਮ ਮੋਨਿਕਾ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਦਿਆਰਥੀ ਕੁਵਰਿੰਦਰ ਸਿੰਘ ਪਿੰਡ ਸ਼ੇਰਗੜ੍ਹ ਦਾ ਰਹਿਣ ਵਾਲਾ ਹੈ, ਨੇ ਪਹਿਲਾਂ ਵੀ 5 ਮੈਡਲ ਪ੍ਰਾਪਤ ਕੀਤੇ ਹਨ। ਉਨ੍ਹਾ ਦੱਸਿਆ ਕਿ 1 ਤਮਗਾ ਤਾਂਬੇ ਦਾ 400 ਮੀਟਰ ਵਿੱਚ ਪ੍ਰਾਪਤ ਕੀਤਾ। ਇਸੇ ਤਰ੍ਹਾਂ 4 ਸੋਨ ਤਮਗੇ, ਜਿਨ੍ਹਾਂ ਵਿੱਚੋਂ 2 ਸ਼ਾਟਪੁੱਟ ਤੇ 2 ਡਿਸਕਸ ਥਰੋ ਵਿੱਚ ਪ੍ਰਾਪਤ ਕੀਤੇ ਹਨ। ਇਸੇ ਤਰ੍ਹਾਂ 10 ਜ਼ਿਲ੍ਹਾ ਪੱਧਰ 'ਤੇ ਮੈਡਲ ਪ੍ਰਾਪਤ ਕੀਤੇ ਹਨ, ਜਿਨ੍ਹਾਂ ਵਿੱਚੋਂ 6 ਸੋਨ ਤਮਗੇ ਸ਼ਾਟਪੁੱਟ ਵਿੱਚ ਤੇ 4 ਚਾਂਦੀ ਦੇ ਤਮਗੇ ਡਿਸਕਸ ਥਰੋ ਤੇ 1 ਚਾਂਦੀ ਦਾ ਤਮਗਾ ਸਟੇਟ ਪੱਧਰ 'ਤੇ ਪ੍ਰਾਪਤ ਕੀਤਾ। ਇਸੇ ਤਰ੍ਹਾਂ 1 ਸੋਨ ਤਮਗਾ ਪੰਜਾਬ ਖੇਡ ਮੇਲੇ 'ਤੇ ਵੀ ਪ੍ਰਾਪਤ ਕੀਤਾ।

ਇਸ ਦੌਰਾਨ ਸਕੂਲ ਪ੍ਰਿੰਸੀਪਲ ਮੈਡਮ ਮੋਨਿਕਾ ਸਿੰਘ ਨੇ ਕੁਵਰਿੰਦਰ ਸਿੰਘ ਨੂੰ ਸ਼ਾਨਦਾਰ ਪ੍ਰਾਪਤੀਆਂ ਲਈ ਵਧਾਈ ਦਿੱਤੀ ਤੇ ਰਾਸ਼ਟਰ ਪੱਧਰ 'ਤੇ ਖੇਡਣ ਤੇ ਜਿੱਤਣ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਦੇ ਅਧਿਆਪਕਾਂ ਨੂੰ ਵੀ ਵਧਾਈ ਦਿੱਤੀ।

# ਮੰਗਾਂ ਮੰਨਣ ਦੇ ਭਰੋਸੇ ਮਗਰੋਂ ਮੈਡੀਕਲ 'ਵਰਸਿਟੀ ਮੁਲਾਜ਼ਮਾਂ ਦਾ ਧਰਨਾ ਸਮਾਪਤ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**

ਬਾਬਾ ਫਰੀਦ ਯੂਨੀਵਰਸਿਟੀ ਆਫ ਹੈੱਲਥ ਸਾਇੰਸਜ਼ ਫਰੀਦਕੋਟ ਦੇ ਮੁਲਾਜ਼ਮਾਂ ਵੱਲੋਂ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਮੰਨੀਆਂ ਗਈਆਂ ਮੰਗਾਂ ਲਾਗੂ ਕਰਨ ਲਈ ਲਾਇਆ ਗਿਆ ਧਰਨਾ ਦੂਜੇ ਦਿਨ ਵਿੱਚ ਦਾਖਲ ਹੋ ਗਿਆ, ਜਿਸ ਕਾਰਨ ਮੈਡੀਕਲ ਸੇਵਾਵਾਂ ਪ੍ਰਭਾਵਿਤ ਹੋਈਆਂ ਤੇ ਮਰੀਜ਼ਾਂ ਅਤੇ ਉਨ੍ਹਾਂ ਦੇ ਵਾਰਸਾਂ ਨੂੰ ਖੱਜਲ ਖੁਆਰੀ ਸਹਿਣੀ ਪਈ, ਪਰ ਅੱਜ ਫਰੀਦਕੋਟ ਦੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਦੀ ਦਖਲ ਅੰਦਾਜ਼ੀ ਕਾਰਨ ਧਰਨਾ ਸਮਾਪਤ ਹੋ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਫਰੀਦ ਯੂਨੀਵਰਸਿਟੀ ਯੂਨਾਇਟਿਡ ਇੰਪਲਾਈਜ਼ ਯੂਨੀਅਨ ਦੇ ਆਗੂ ਯਸਪਾਲ ਸਾਂਬਰੀਆ, ਜਸਬੀਰ ਸਿੰਘ, ਵਿਕਾਸ ਅਰੋੜਾ, ਆਸ਼ਾ ਰਾਣੀ, ਹਰਜਿੰਦਰ ਸਿੰਘ ਤੇ ਵਿਸ਼ਾਲ ਮੌਂਗਾ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਨਿਯਮਾਂ ਵਿਰੁੱਧ ਜਾ ਕੇ ਯੂਨੀਵਰਸਿਟੀ ਵੱਡੀ ਪੱਧਰ 'ਤੇ ਆਊਟਸੋਰਸਿਸ 'ਤੇ ਭਰਤੀ ਕਰ ਰਹੀ ਹੈ, ਜਦਕਿ ਇੱਥੇ ਪਿਛਲੇ 10 ਤੋਂ 15 ਸਾਲਾਂ ਤੋਂ ਕੰਮ ਕਰੇ ਕੰਟੈਰਕਟ ਤੇ ਆਊਟਸੋਰਸਿਸ ਮੁਲਾਜ਼ਮਾਂ ਨੂੰ ਪੱਕਾ ਕਰਨ ਤੇ ਤਨਖਾਹਾਂ ਵਿੱਚ ਵਾਧਾ ਕਰਨ ਤੋਂ ਸਿਵਾਏ ਲਾਰਿਆਂ ਵਾਲੀ ਨੀਤੀ ਅਪਣਾਈ ਜਾ ਰਹੀ ਹੈ। ਆਗੂਆਂ ਨੇ ਦੱਸਿਆ ਕਿ ਤਿੰਨ ਮਹੀਨੇ ਪਹਿਲਾਂ ਲੱਗੇ ਧਰਨੇ ਵਿੱਚ ਯੂਨੀਵਰਸਿਟੀ ਪ੍ਰਸ਼ਾਸਨ ਨੇ ਇਹ ਲਿਖਤੀ ਭਰੋਸਾ ਦਿੱਤਾ ਸੀ ਕਿ 15 ਦਿਨਾਂ ਦੇ ਅੰਦਰ-ਅੰਦਰ ਠੇਕਾ ਮੁਲਾਜ਼ਮਾਂ ਦੀਆਂ ਤਨਖਾਹਾਂ ਨਿਯਮਾਂ ਅਨੁਸਾਰ ਫਿਕਸ ਕਰ ਦਿੱਤੀਆਂ ਜਾਣਗੀਆਂ, ਤਨਖਾਹਾਂ ਵਿੱਚ ਵਾਧਾ ਕਰ ਦਿੱਤਾ ਜਾਵੇਗਾ, ਰੈਗੂਲਰ ਮੁਲਾਜ਼ਮਾਂ ਦੇ ਐੱਨ.ਪੀ.ਐੱਸ. ਤੇ ਤਰੱਕੀਆਂ ਕਰ ਦਿੱਤੀਆਂ ਜਾਣਗੀਆਂ, ਪਰ ਅਜੇ ਤੱਕ ਕੋਈ ਵੀ ਮੰਗ ਪੂਰੀ ਨਹੀਂ ਕੀਤੀ ਗਈ ਹੈ। ਅੱਜ ਵਿਧਾਇਕ ਫਰੀਦਕੋਟ ਗੁਰਦਿੱਤ ਸਿੰਘ ਸੇਖੋ, ਕਾਰਜਕਾਰੀ ਵਾਈਸ ਚਾਂਸਲਰ ਡਾ: ਅਵਨੀਸ਼ ਕੁਮਾਰ ਯੂਨੀਵਰਸਿਟੀ ਰਜਿਸਟਰਾਰ ਡਾ: ਨਿਰਮਲ ਓਸੋਪਚਨ, ਮੈਡੀਕਲ ਸੁਪਰਡੈਂਟ ਡਾ: ਸਿਲੇਖ ਮਿੱਤਲ ਨਾਲ ਯੂਨੀਅਨ ਦੀ ਹੋਈ ਲੰਮੀ ਮੀਟਿੰਗ ਮਗਰੋਂ ਇਹ ਫੈਸਲਾ ਕੀਤਾ ਗਿਆ ਕਿ ਯੂਨੀਅਨ ਦੀਆਂ ਮੰਗਾਂ ਦਸ ਦਿਨਾਂ ਦੇ ਵਿੱਚ-ਵਿੱਚ ਮੰਨ ਕੇ ਲਾਗੂ ਕਰ ਦਿੱਤੀਆਂ ਜਾਣਗੀਆਂ।

ਯੂਨੀਅਨ ਆਗੂਆਂ ਨੇ ਦੱਸਿਆ ਕਿ ਵਿਧਾਇਕ ਦੇ ਭਰੋਸੇ ਕਾਰਨ ਧਰਨਾ ਮੁਲਤਵੀ ਕੀਤਾ ਜਾਂਦਾ ਹੈ ਤੇ ਜੇਕਰ ਮੰਗਾਂ ਮੰਨਣ ਲਈ ਕੋਈ ਪੱਤਰ ਨਾ ਜਾਰੀ ਕੀਤਾ ਗਿਆ ਤਾਂ ਮੁੜ ਜ਼ੋਰਦਾਰ ਸੰਘਰਸ਼ ਵਿੱਢਿਆ ਜਾਵੇਗਾ।

ਇਸ ਮੌਕੇ ਸਤਨਾਮ ਸਿੰਘ, ਲਖਵੀਰ ਸਿੰਘ, ਰਮੇਸ਼ ਕੁਮਾਰ, ਬਲਜਿੰਦਰ ਕੋਕਰੀ, ਪਰਮਿੰਦਰ ਸਿੰਘ, ਜੌਹਨ, ਅਮਰਨਾਥ ਮਹਿਮੀ, ਪ੍ਰਦੀਪ ਕੁਮਾਰ, ਕੁਲਬੀਰ ਸਿੰਘ, ਅਮਰਿੰਦਰ ਸਿੰਘ, ਸਿਕੰਦਰ, ਇਕਬਾਲ ਸਿੰਘ ਮਲੂਕਾ, ਵਿੱਕੀ ਕੁਮਾਰ, ਸੁਖਪ੍ਰੀਤ ਕੌਰ, ਰੁਪਿੰਦਰ ਕੌਰ, ਲਵਪ੍ਰੀਤ ਕੌਰ, ਦਵਿੰਦਰ ਕੌਰ, ਤੇਜਿੰਦਰ ਕੌਰ, ਹਰਕਿਰਨਦੀਪ ਕੌਰ, ਕਮਲੇਸ਼ ਕੁਮਾਰੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੁਲਾਜ਼ਮ ਹਾਜ਼ਰ ਸਨ।

## ਕਾਤਰਾਂ

### ਮੈਗਾ ਲੀਗਲ ਸਰਵਿਸ ਕੈਂਪ ਅੱਜ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਵੱਲੋਂ ਨੈਸ਼ਨਲ ਲੀਗਲ ਸਰਵਿਸ ਅਥਾਰਟੀ ਤੇ ਮਾਣਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਹੁਕਮਾਂ ਅਨੁਸਾਰ ਤੇ ਮਾਣਯੋਗ ਜ਼ਿਲ੍ਹਾ ਤੇ ਸੈਸਨਜ਼ ਜੱਜ ਸਹਿਤ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਸ੍ਰੀ ਸੁਮੀਤ ਮਲਹੋਤਰਾ ਦੀ ਯੋਗ ਰਹਿਨੁਮਾਈ ਹੇਠ 13 ਨਵੰਬਰ ਤੱਕ ਨਾਗਰਿਕਾਂ ਨੂੰ ਕਾਨੂੰਨੀ ਜਾਗਰੂਰਤਾ ਮੁਹਿੰਮ ਤਹਿਤ 9 ਨਵੰਬਰ 2022 ਨੂੰ ਕੌਮੀ ਕਾਨੂੰਨੀ ਸੇਵਾਵਾਂ ਦਿਵਸ ਮੌਕੇ ਮੈਗਾ ਲੀਗਲ ਸਰਵਿਸ ਕੈਂਪ ਸਥਾਨਕ ਰਾਜਿੰਦਰਾ ਕਾਲਜ ਵਿਖੇ ਲਗਾਇਆ ਜਾ ਰਿਹਾ ਹੈ। ਇਸ ਕੈਂਪ ਦੌਰਾਨ ਦੱਬੇ ਕੁਚਲੇ ਵਰਗਾਂ ਜਿਵੇਂ ਅਨੁਸੂਚਿਤ ਜਾਤੀਆਂ, ਔਰਤਾਂ ਤੇ ਬੱਚਿਆਂ ਨੂੰ ਮੁਫਤ ਸਲਾਹ, ਕੇਸ ਦੀ ਚਾਰਾਜੋਈ ਲਈ ਮੁਫਤ ਵਕੀਲ ਤੇ ਬਲਾਤਕਾਰ, ਤੇਜ਼ਾਬੀ ਹਮਲੇ, ਜਿਣਸੀ ਹਿੰਸਾ ਆਦਿ ਵਰਗੇ ਜੁਰਮਾਂ ਵਿੱਚ ਪੀੜਤਾਂ ਨੂੰ ਮੁਆਵਜ਼ਾ ਲੈਣ ਸਬੰਧੀ ਦਰਖਾਸਤ ਦੇ ਸਕਦੇ ਹਨ।

### 11 ਮੋਟਰਸਾਇਕਲ, ਇੱਕ ਸਕੂਟਰੀ ਐਕਟਿਵਾ ਸਮੇਤ 4 ਕਾਬੂ

**ਜਲਾਲਾਬਾਦ (ਬਾਵਾ ਦਹੂਜਾ)**-ਥਾਣਾ ਸਦਰ ਦੀ ਪੁਲਸ ਨੇ ਇੱਕ ਮੋਟਰਸਾਇਕਲ ਚੋਰ ਗਿਰੋਹ ਨੂੰ ਕਾਬੂ ਕਰਨ 'ਚ ਸਫ਼ਲਤਾ ਹਾਸਲ ਕੀਤੀ ਹੈ। ਡੀ.ਐੱਸ.ਪੀ ਅਤੁਲ ਸੋਨੀ ਨੇ ਦੱਸਿਆ ਕਿ ਐੱਸ.ਐੱਸ.ਪੀ ਫ਼ਾਜ਼ਿਲਕਾ ਭੁਪਿੰਦਰ ਸਿੰਘ ਦੇ ਸਖਤ ਦਿਸ਼ਾ ਨਿਰਦੇਸ਼ਾਂ ਦੇ ਚੱਲਦਿਆਂ ਪੁਲਸ ਪ੍ਰਸ਼ਾਸਨ ਵੱਲੋਂ ਨਾਇਟ ਪੈਟਰੋਲਿੰਗ 24 ਘੰਟੇ ਚੱਲ ਰਹੀ ਹੈ ਤੇ ਉਸ ਸਬੰਧ 'ਚ ਥਾਣਾ ਸਦਰ ਦੇ ਐੱਸ.ਐੱਚ. ਓ ਗੁਰਜੰਟ ਸਿੰਘ ਤੇ ਤਫ਼ਤੀਸ਼ੀ ਅਫਸਰ ਸ.ਬ ਹਰਮੀਤ ਲਾਲ ਸਮੇਤ ਪੁਲਸ ਟੀਮ ਨੇ ਰਾਜ ਸਿੰਘ ਪੁੱਤਰ ਅਰਜਨ ਸਿੰਘ ਵਾਸੀ ਕਾਹਨੇ ਵਾਲਾ ਦੇ ਬਿਆਨਾਂ 'ਤੇ ਰਛਪਾਲ ਸਿੰਘ ਉਰਫ ਪਾਲਾ ਪੁੱਤਰ ਕਸ਼ਮੀਰ ਸਿੰਘ ਵਾਸੀ ਪਿੰਡ ਕਾਹਨੇ ਵਾਲਾ ਤੇ ਸਾਗਰ ਉਰਫ਼ ਹਰੀਸ਼ ਪੁੱਤਰ ਚਿਰੰਜੀ ਲਾਲ ਵਾਸੀ ਚੱਕ ਕਬਰਵਾਲਾ ਖਿਲਾਫ ਸ਼ਿਕਾਇਤ ਕੀਤੀ ਗਈ ਸੀ, ਜਿਸ 'ਤੇ ਕਾਰਵਾਈ ਕਰਦਿਆਂ ਪੁਲਸ ਨੇ ਰਛਪਾਲ ਸਿੰਘ ਉਰਫ ਪਾਲਾ ਪੁੱਤਰ ਕਸ਼ਮੀਰ ਸਿੰਘ ਕਾਹਨੇ ਵਾਲਾ ਨੂੰ ਕਾਬੂ ਕਰਕੇ 2 ਮੋਟਰਸਾਇਕਲ ਬਰਾਮਦ ਕੀਤੇ, ਉਸ ਤੋਂ ਬਾਅਦ ਸਾਗਰ ਉਰਫ ਹਰੀਸ਼ ਪੁੱਤਰ ਚਿਰੰਜੀ ਲਾਲ ਕਬਰ ਵਾਲਾ ਨੂੰ ਕਾਬੂ ਕੀਤਾ ਗਿਆ, ਜਿਸ ਤੋਂ 5 ਮੋਟਰਸਾਇਕਲ ਬਰਾਮਦ ਕੀਤੇ ਗਏ। ਸਾਗਰ ਉਰਫ਼ ਹਰੀਸ਼ ਤੋਂ ਪੁੱਛਗਿੱਛ ਦੌਰਾਨ ਰਿਕੂ ਕੁਮਾਰ ਪੁੱਤਰ ਅਸ਼ੀ ਲਾਲ ਵਾਸੀ ਕਬਰ ਵਾਲਾ ਅਤੇ ਵਿੱਕੀ ਪੁੱਤਰ ਹੈਦਰ ਵਾਸੀ ਇੰਦਰਾ ਨਗਰੀ ਗੁਰੂਹਰਸਹਾਏ ਨੂੰ ਨਾਮਜ਼ਦ ਕਰਕੇ ਕਾਬੂ ਕੀਤਾ ਗਿਆ ਤੇ ਰਿਕੂ ਕੋਲੋਂ 4 ਮੋਟਰਸਾਇਕਲ ਤੇ 1 ਐਕਟਿਵਾ ਸਕੂਟਰੀ ਬਰਾਮਦ ਕੀਤੀ ਗਈ। ਦੋਸ਼ੀ ਵਿਅਕਤੀ ਵਿੱਕੀ ਪੁੱਤਰ ਹੈਦਰ ਕਬਾੜ ਦਾ ਕੰਮ ਕਰਦਾ ਹੈ, ਨੇ ਸਾਗਰ ਕੋਲੋਂ ਮੋਟਰਸਾਇਕਲ ਖਰੀਦ ਕਰਕੇ ਤੋੜ-ਫੋੜ ਕਰਕੇ ਖੁਰਦ-ਬੁਰਦ ਕਰ ਦਿੱਤਾ। ਉਨ੍ਹਾਂ ਦੱਸਿਆ ਕਿ ਦੋਸ਼ੀ ਰਛਪਾਲ ਉਰਫ ਪਾਲਾ ਜੇਲ੍ਹ ਭੇਜ ਦਿੱਤਾ ਗਿਆ ਹੈ ਤੇ ਹਰੀਸ਼, ਰਿਕੂ ਅਤੇ ਵਿੱਕੀ ਨੂੰ ਅੱਜ ਪੇਸ਼ ਅਦਾਲਤ ਕੀਤਾ ਜਾ ਰਿਹਾ ਹੈ ਤੇ ਸਭ 'ਤੇ ਮੁਕੱਦਮੇ ਦਰਜ ਕਰ ਦਿੱਤੇ ਗਏ ਹਨ।

### ਮੰਡੇਰ ਤੋਂ ਧਰਮਪੁਰਾ ਸੜਕ ਬਣਾਉਣ ਦਾ ਏ ਡੀ ਸੀ ਵੱਲੋਂ ਭਰੋਸਾ

**ਬਰੇਟਾ (ਰੀਤਵਾਲ)**-ਇਲਾਕੇ ਦੇ ਪਿੰਡ ਮੰਡੇਰ ਤੋਂ ਧਰਮਪੁਰਾ ਤੱਕ ਤਕਰੀਬਨ ਚਾਰ ਕਿਲੋਮੀਟਰ ਕੱਚਾ ਰਸਤਾ ਜਾਂਦਾ ਹੈ ਤੇ ਇਸ ਰਸਤੇ 'ਤੇ ਆਵਾਜਾਈ ਵੀ ਬਹੁਤ ਜ਼ਿਆਦਾ ਹੈ। ਇਨ੍ਹਾਂ ਪਿੰਡਾਂ ਦੇ ਲੋਕਾਂ ਵੱਲੋਂ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਤੋਂ ਇਸ ਰਸਤੇ 'ਤੇ ਪੱਕੀ ਸੜਕ ਬਣਾਉਣ ਲਈ ਮੰਗ ਕੀਤੀ ਗਈ ਸੀ। ਪਿੰਡ ਮੰਡੇਰ ਦੇ ਕਾਮਰੇਡ ਸ਼ੰਭੂ ਮੰਡੇਰ ਤੇ ਪੰਚਾਇਤ ਮੈਂਬਰ ਜਗਸੀਰ ਸਿੰਘ ਜੱਸੀ ਨੇ ਪਹਿਲ ਕਰਦਿਆਂ ਏ ਡੀ ਸੀ ਮਾਨਸਾ ਕੀ ਬੈਥਿਨ ਆਈ ਏ ਐੱਸ ਮੁੱਖ ਕਾਰਜਕਾਰੀ ਅਫਸਰ ਨੂੰ ਲਿਖਤੀ ਰੂਪ ਵਿੱਚ ਜਾਣੂੰ ਕਰਵਾਇਆ। ਉਨ੍ਹਾਂ ਤੁਰੰਤ ਹੀ ਮੰਡੀ ਬੋਰਡ ਨੂੰ ਮਾਰਕ ਕਰ ਦਿੱਤਾ ਤੇ ਭਰੋਸਾ ਦਿੱਤਾ ਕਿ ਜਲਦ ਹੀ ਇਸ ਸਮੱਸਿਆ ਦਾ ਹੱਲ ਕੀਤਾ ਜਾਵੇਗਾ।

### ਸ਼ੋਭਾ ਯਾਤਰਾ ਕੱਢੀ

**ਰਾਜਪੁਰਾ (ਰਮੇਸ਼ ਕਟਾਰੀਆ)**-ਹਰੇ ਕ੍ਰਿਸ਼ਨਾ ਸੈਂਟਰ (ਇਸਕੋਨ) ਵੱਲੋਂ ਇੱਕ ਹਰਿ ਨਾਮੁ ਸੰਕੀਰਤਨ ਦੀ ਸ਼ੋਭਾ ਯਾਤਰਾ ਕੱਢੀ ਗਈ, ਜੋ ਸ੍ਰੀ ਬਾਂਕੇ ਬਿਹਾਰੀ ਮੰਦਰ ਤੋਂ ਚੱਲ ਕੇ ਮੁੱਖ ਬਜ਼ਾਰਾਂ ਤੋਂ ਹੁੰਦੇ ਹੋਏ ਸ੍ਰੀ ਸਤ ਨਰਾਇਣ ਮੰਦਰ ਵਿਖੇ ਸਮਾਪਤ ਹੋਇਆ। ਯਾਤਰਾ ਵਿੱਚ ਸ੍ਰੀ ਸਵਾਮੀ ਵਿਕਾਸ ਜੀ ਇੰਗਲੈਂਡ ਤੋਂ ਖਾਸ ਤੌਰ 'ਤੇ ਪੁੱਜੇ। ਇਸ ਯਾਤਰਾ ਵਿੱਚ ਡਾਕਟਰ ਕੇਸ

9-Nov-2022-Majah-page-11.qxd 11/8/2022 10:06 PM Page 1



# 'ਆਪ 'ਚ ਸ਼ਾਮਲ ਹੋਏ ਕਾਂਗਰਸੀ ਆਗੂ ਤੇ ਸਾਬਕਾ ਵਿਧਾਇਕ ਹਰਮਿੰਦਰ ਗਿੱਲ ਹੋਏ ਆਹਮੋ-ਸਾਹਮਣੇ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਬੀਤੇ ਦਿਨੀਂ ਵਿਧਾਨ ਹਲਕਾ ਪੱਟੀ ਅੰਦਰ ਦਰਜਨ ਦੇ ਕ੍ਰੀਬ ਕਾਂਗਰਸੀ ਆਗੂਆਂ ਵੱਲੋਂ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਅਗਵਾਈ ਹੇਠ ਆਪ 'ਚ ਸ਼ਮੂਲੀਅਤ ਕੀਤੀ ਗਈ ਸੀ ਜਿਸ 'ਤੇ ਪੱਟੀ ਤੋਂ ਕਾਂਗਰਸ ਦੇ ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਨੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਸੀ ਕਿ ਹਲਕੇ ਅੰਦਰ ਕਾਂਗਰਸੀ ਆਗੂਆਂ ਨੂੰ ਕੈਬਨਿਟ ਮੰਤਰੀ ਭੁੱਲਰ ਸਿਆਸੀ ਦਬਾ ਪਾ ਕੇ ਆਪ 'ਚ ਸ਼ਾਮਲ ਕਰ ਰਿਹਾ ਹੈ ਪਰ ਆਪ 'ਚ ਸ਼ਾਮਲ ਹੋਏ ਕਾਂਗਰਸੀ ਆਗੂ ਚੇਅਰਮੈਨ ਸੁਖਰਾਜ ਸਿੰਘ ਕਿਰਤੋਵਾਲ, ਬਲਾਕ ਸੰਮਤੀ ਮੈਂਬਰ ਹਰਭੇਜ ਸਿੰਘ ਬੱਬਾ, ਸਰਪੰਚ ਗੁਰਨਾਮ ਸਿੰਘ ਬੂਹ ਹਵੇਲੀਆਂ, ਬਲਦੇਵ ਸਿੰਘ ਬੁਰਜ ਪਹੂਲਾ, ਸੋਨੀ ਸਰਪੰਚ ਨੱਥੂਪੁਰ ਸਮੇਤ ਦੂਸਰੇ ਆਗੂਆਂ ਨੇ ਆਪ 'ਚ ਸ਼ਮੂਲੀਅਤ ਸਬੰਧੀ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਆਪਣੇ ਪੱਲਿਓਂ ਪੈਸੇ ਖਰਚ ਕੇ ਪਿੰਡਾਂ ਦੇ ਵਿਕਾਸ ਕੀਤੇ ਹਨ ਅਤੇ ਵਿਧਾਇਕ ਗਿੱਲ ਦੇ ਨਜ਼ਦੀਕੀ ਰਹੇ ਪੰਚਾਇਤੀ ਰਾਜ ਦੇ ਇੱਕ ਐਸਡੀਓ ਦੀਆਂ ਗਤੀਵਧੀਆਂ ਕਾਰਣ ਉਨ੍ਹਾਂ ਵੱਲੋਂ ਪਿੰਡਾਂ ਅੰਦਰ ਕਰਵਾਏ ਗਏ ਵਿਕਾਸ ਕਾਰਜਾਂ ਦੀਆਂ ਲੱਖਾਂ ਰੁਪਏ ਦੀਆਂ ਦੇਣਦਾਰੀਆਂ ਹਨ। ਵਿਧਾਇਕ ਗਿੱਲ ਨੇ ਸੱਤਾ 'ਚ ਹੁੰਦਿਆਂ ਪੰਚਾਇਤਾਂ ਦੀਆਂ ਦੇਣਦਾਰੀਆਂ ਵੱਲ ਧਿਆਨ ਨਹੀਂ ਦਿੱਤਾ। ਇਸ ਤੋਂ ਇਲਾਵਾ ਭਗਵੰਤ ਮਾਨ ਸਰਕਾਰ ਦੇ ਅੱਠ ਮਹੀਨੇ ਦੇ ਕਾਰਜਕਾਰ ਦੌਰਾਨ ਪੰਜਾਬ ਵਾਸੀਆਂ ਲਈ ਬਿਨਾਂ ਕਿਸੇ ਵਿਤਕਰੇਬਾਜ਼ੀ ਦੇ ਲਏ ਜਾ ਰਹੇ ਫੈਸਲਿਆਂ ਨਾਲ ਸਹਿਮਤ ਹੁੰਦਿਆਂ ਉਹ ਕਾਂਗਰਸ ਪਾਰਟੀ ਨੂੰ ਛੱਡ ਕੇ ਆਪ 'ਚ ਸ਼ਾਮਿਲ ਹੋਏ ਹਨ। ਆਪ 'ਚ ਸ਼ਾਮਲ ਹੋਣ ਲਈ ਉਨ੍ਹਾਂ ਉਪਰ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਕੋਈ ਸਿਆਸੀ ਦਬਾ ਨਹੀਂ ਸੀ। ਇਸ ਲਈ ਸਾਬਕਾ ਵਿਧਾਇਕ ਗਿੱਲ ਹਲਕੇ ਅੰਦਰ ਸਿਆਸੀ ਦੂਸ਼ਣਬਾਜ਼ੀ ਤੋਂ ਗੁਰੇਜ਼ ਕਰਨ।

# ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ 'ਚ ਪ੍ਰਕਾਸ਼ ਦਿਹਾੜਾ ਮਨਾਇਆ

ਤਰਨਤਾਰਨ (ਸਾਗਰਦੀਪ ਸਿੰਘ ਅਰੋੜਾ)—ਗੁਰੂ ਗੋਬਿੰਦ ਸਿੰਘ ਕਾਨਵੈਂਟ ਸਕੂਲ ਪਿੰਡ ਸੁਹਾਵਾ 'ਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਉਪਰੰਤ ਸੰਤ ਬਾਬਾ ਸੁੱਖਾ ਸਿੰਘ ਜੀ ਦੁਆਰਾ ਕੀਰਤਨ ਕੀਤਾ ਗਿਆ ਅਤੇ ਬੱਚਿਆਂ ਨੂੰ ਨਾਮ ਜਪਣ, ਸਿੱਖੀ ਸਿਧਾਂਤਾਂ ਅਤੇ ਗੁਰੂ ਘਰ ਨਾਲ ਜੁੜਨ, ਉਚੇਰੀ ਵਿੱਦਿਆ ਹਾਸਿਲ ਕਰਨ ਦਾ ਸੰਦੇਸ਼ ਦਿੱਤਾ ਗਿਆ। ਇਸ ਤੋਂ ਇਲਾਵਾ ਮਾਤਾ ਰਣਜੀਤ ਸਿੰਘ ਨੇ ਸਲਾਨਾ ਇਨਾਮ ਵੰਡ ਸਮਾਗਮ ਵਿੱਚ ਵਿਦਿਅਕ ਖੇਤਰ, ਖੇਡਾਂ ਦੇ ਖੇਤਰ ਅਤੇ ਹੋਰ ਗਤੀਵਿਧੀਆਂ ਵਿੱਚ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਮੈਡਲ ਅਤੇ ਇਨਾਮ ਤਕਸੀਮ ਕੀਤੇ ਅਤੇ ਹੋਰ ਮਿਹਨਤ ਕਰਨ ਕਈ ਪ੍ਰੇਰਿਤ ਕੀਤਾ। ਸਕੂਲ ਦੇ ਡਾਇਰੈਕਟਰ ਐਸ. ਕੇ. ਦੁੱਗਲ ਨੇ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਵਧਾਈਆਂ ਅਤੇ ਸ਼ੁਭਇੱਛਾਵਾਂ ਦਿੱਤੀਆਂ। ਸਕੂਲ ਦੇ ਕਾਰਜਕਾਰੀ ਪ੍ਰਿੰ. ਯੁਗੇਸ਼ ਕੁਮਾਰ ਨੇ ਸਮੂਹ ਸਟਾਫ ਅਤੇ ਆਏ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ। ਇਸ ਮੌਕੇ ਮੈਡਮ ਗੁਰਪ੍ਰੀਤ ਕੌਰ, ਮੈਡਮ ਕੰਵਲਪ੍ਰੀਤ ਕੌਰ, ਮੈਡਮ ਰਾਜਵਿੰਦਰ ਕੌਰ, ਮੈਡਮ ਮੀਨਾ ਕੁਮਾਰੀ, ਜਸਪਾਲ ਸਿੰਘ, ਹਰਜਿੰਦਰ ਸਿੰਘ, ਪ੍ਰਭਜੀਤ ਸਿੰਘ, ਬਲਵਿੰਦਰ ਸਿੰਘ ਅਤੇ ਹੋਰ ਵੀ ਸੰਗਤਾਂ ਹਾਜ਼ਰ ਸਨ।

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਬੜੀ ਸ਼ਰਧਾ ਨਾਲ ਮਨਾਇਆ ਪਹਿਲੇ ਪਾਤਸ਼ਾਹ ਦਾ ਪ੍ਰਕਾਸ਼ ਦਿਹਾੜਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਸੰਗਤਾਂ ਵੱਲੋਂ ਨਤਮਸਤਕ ਹੋ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਦਾ ਪ੍ਰਗਟਾਵਾ ਕੀਤਾ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਗੁਰਬਚਨ ਸਿੰਘ ਦੇ ਰਾਗੀ ਜਥੇ ਵੱਲੋਂ ਇਲਾਹੀ ਗੁਰਬਾਣੀ ਕੀਰਤਨ ਕੀਤਾ ਗਿਆ। ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਭਾਈ ਸੁਖਵਿੰਦਰ ਸਿੰਘ ਭੰਗਾਲਾ ਨੇ ਸਰਵਣ ਕਰਵਾਇਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਗੁਰੂ ਸਾਹਿਬ ਦੀਆਂ ਸਿੱਖਿਆਵਾਂ 'ਤੇ ਚੱਲਣ ਦੀ ਪ੍ਰੇਰਣਾ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੇ ਪ੍ਰਕਾਸ਼ ਤੋਂ ਪਹਿਲਾਂ ਸੰਸਾਰ 'ਤੇ ਅਗਿਆਨਤਾ ਦਾ ਹਨੇਰਾ ਪਸਰਿਆ ਹੋਇਆ ਸੀ, ਜਿਸ ਨੂੰ ਗੁਰੂ ਸਾਹਿਬ ਨੇ ਗੁਰਬਾਣੀ ਦੇ ਚਾਨਣ ਰਾਹੀਂ ਦੂਰ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸੰਸਾਰ 'ਤੇ ਫੈਲੀ ਜਾਤ-ਪਾਤ, ਵਰਣ-ਵੰਡ ਦੀ ਬੁਰਾਈ ਨੂੰ ਦੂਰ ਕਰਦਿਆਂ ਮਨੁੱਖਤਾ ਨੂੰ ਏਕੇ ਵਿਚ ਪਰੋਇਆ। ਇਸ ਦੇ ਨਾਲ ਹੀ ਉਨ੍ਹਾਂ ਔਰਤਾਂ ਨੂੰ ਸਮਾਜ ਅੰਦਰ ਉੱਚਾ ਅਤੇ ਬਰਾਬਰ ਸਨਮਾਨ ਦਿੱਤਾ।

ਉਨ੍ਹਾਂ ਆਖਿਆ ਕਿ ਸਾਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਸਰਬਸਾਂਝੇ ਸਮਾਜ ਦੀ ਸਿਰਜਣਾ ਲਈ ਯਤਨਸ਼ੀਲ ਹੋਣਾ ਚਾਹੀਦਾ ਹੈ। ਉਨ੍ਹਾਂ ਸੰਗਤਾਂ ਨੂੰ ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨ ਦੀ ਅਪੀਲ ਵੀ ਕੀਤੀ।

# ਟਰੈਫਿਕ ਐਜੂਕੇਸ਼ਨ ਸੈੱਲ ਵੱਲੋਂ ਸਕੂਲ 'ਚ ਸੈਮੀਨਾਰ

ਟਾਂਗਰਾ (ਲਾਡੀ ਮੱਲ੍ਹੀ)-ਐਕਸੀਡੈਂਟਾਂ ਨਾਲ ਜਾਂ ਰਹੀਆਂ ਕੀਮਤੀ ਜਾਨਾਂ ਨੂੰ ਬਚਾਉਣ ਲਈ ਅੱਜ ਪੁਲਸ ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਟਰੈਫਿਕ ਐਜੂਕੇਸ਼ਨ ਸੈੱਲ ਨੇ ਸੈਕਰਡ ਇੰਟਰਨੈਸ਼ਨਲ ਸਕੂਲ ਖਿਲਚੀਆਂ ਥਾਣਾ ਖਿਲਚੀਆਂ ਵਿਖੇ ਮਾਨਯੋਗ ਐੱਸਐੱਸਪੀ ਸਵੱਪਨ ਸ਼ਰਮਾ ਜੀ ਆਈਪੀਐੱਸ ਅਤੇ ਐੱਸਪੀ ਹੈੱਡਕੁਆਰਟਰ ਜਸਵੰਤ ਕੌਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਏਐੱਸਆਈ ਕਮਲਜੀਤ, ਏਐੱਸਆਈ ਰਣਜੀਤ ਸਿੰਘ ਨੇ ਬੱਚਿਆਂ ਨੂੰ ਟਰੈਫਿਕ ਬਾਰੇ ਜਾਣਕਾਰੀ ਦਿੱਤੀ ਕਿ ਬਿਨਾਂ ਲਾਇਸੈਂਸ ਕੋਈ ਵੀ ਵਹੀਕਲ ਨਾ ਚਲਾਉ, ਮੋਟਰਸਾਈਕਲ ਚਲਾਉਣ ਸਮੇਂ ਹੈਲਮਟ ਜ਼ਰੂਰ ਪਾਉ, ਫੋਰਵ੍ਹੀਲਰ ਚਲਾਉਂਦੇ ਸਮੇਂ ਸੀਟ ਬੈਲਟ ਜ਼ਰੂਰ ਲਗਾਉ, ਡਰਾਈਵਿੰਗ ਕਰਦੇ ਸਮੇਂ ਮੋਬਾਇਲ ਫੋਨ ਦੀ ਵਰਤੋਂ ਨਾ ਕਰੋ ਅਤੇ ਟਰੈਫਿਕ ਸਬੰਧੀ ਹੋਰ ਵੀ ਕਈ ਜਾਣਕਾਰੀਆਂ ਦਿੱਤੀਆਂ ਗਈਆਂ ਤਾਂ ਜੋ ਐਕਸੀਡੈਂਟਾਂ ਤੋਂ ਬਚਾ ਹੋ ਸਕੇ। ਲੜਕੀਆਂ ਨੂੰ ਹੈਲਪਲਾਈਨ 181/112 ਤੋਂ ਜਾਣੂ ਕਰਵਾਇਆ। ਸਕੂਲ ਆਉਂਦੇ-ਜਾਂਦੇ ਰਸਤੇ 'ਚ ਕਿਸੇ ਅਨਜਾਣ ਵਿਅਕਤੀ ਕੋਲੋਂ ਕੋਈ ਚੀਜ਼ ਲੈ ਕੇ ਨਹੀਂ ਖਾਣੀ । ਸਾਂਝ ਕੇਂਦਰ ਦੀਆਂ ਸਹੂਲਤਾਂ ਬਾਰੇ ਵੀ ਜਾਗਰੂਕ ਕੀਤਾ ਅਤੇ ਵੱਧ ਰਹੇ ਨਸ਼ੇ, ਕਰਾਈਮ ਨੂੰ ਰੋਕਣ ਲਈ ਪੁਲਸ ਦੀ ਮਦਦ ਕਰਨ ਲਈ ਕਿਹਾ। ਇਸ ਮੌਕੇ ਸਕੂਲ ਦੇ ਪ੍ਰਿੰ. ਜਸਜੀਨ ਕੌਰ ਅਤੇ ਹੋਰ ਟੀਚਰ ਸਹਿਬਾਨ ਹਾਜ਼ਰ ਸਨ।

# ਐੱਸ ਐੱਸ ਐੱਮ ਕਾਲਜ ਦੀਨਾਨਗਰ ਵਿਖੇ ਮੈਗਾ ਲੀਗਲ ਕੈਂਪ ਅੱਜ

ਗੁਰਦਾਸਪੁਰ (ਜਨਕ ਮਹਾਜਨ)-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ 9 ਨਵੰਬਰ ਨੂੰ ਸਵੇਰੇ 10 ਵਜੇ ਐੱਸ.ਐੱਸ.ਐੱਮ. ਕਾਲਜ, ਦੀਨਾਨਗਰ ਵਿਖੇ ਮੈਗਾ ਲੀਗਲ ਕੈਂਪ ਲਗਾਇਆ ਜਾਵੇਗਾ।

ਕੈਂਪ 'ਚ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵੱਲੋਂ ਲੋਕਾਂ ਨੂੰ ਜਿਥੇ ਮੁਫ਼ਤ ਕਾਨੂੰਨੀ ਸੇਵਾਵਾਂ, ਲੋਕ ਅਦਾਲਤਾਂ ਅਤੇ ਉਨ੍ਹਾਂ ਦੇ ਕਾਨੂੰਨੀ ਹੱਕਾਂ ਤੇ ਫਰਜ਼ਾਂ ਬਾਰੇ ਜਾਗਰੂਕ ਕੀਤਾ ਜਾਵੇਗਾ ਓਥੇ ਨਾਲ ਹੀ ਵੱਖ-ਵੱਖ ਵਿਭਾਗਾਂ ਵੱਲੋਂ ਵਿਸ਼ੇਸ਼ ਸਟਾਲ ਲਗਾ ਕੇ ਆਪਣੇ ਵਿਭਾਗ ਦੀਆਂ ਭਲਾਈ ਸਕੀਮਾਂ ਦੀ ਜਾਣਕਾਰੀ ਦਿੱਤੀ ਜਾਵੇਗੀ।

ਇਸ ਕੈਂਪ ਦੀਆਂ ਤਿਆਰੀਆਂ ਸਬੰਧੀ ਅੱਜ ਦੀਨਾਨਗਰ ਵਿਖੇ ਅਧਿਕਾਰੀਆਂ ਵੱਲੋਂ ਮੀਟਿੰਗ ਕੀਤੀ ਗਈ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੀ ਸਕੱਤਰ ਮੈਡਮ ਨਵਦੀਪ ਕੌਰ ਗਿੱਲ ਨੇ ਦੀਨਾਨਗਰ ਸਮੇਤ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਸ ਮੈਗਾ ਲੀਗਲ ਕੈਂਪ ਵਿੱਚ ਹਾਜ਼ਰੀ ਭਰ ਕੇ ਲਾਭ ਉਠਾਉਣ।

# ਨੀਲਧਾਰੀ ਸੇਵਕ ਸਭਾ ਨੇ ਨਗਰ ਕੀਰਤਨ ਸਜਾਇਆ

ਨੌਸ਼ਹਿਰਾ ਮੱਝਾ ਸਿੰਘ (ਸਤਨਾਮ ਕਿਰਤੀ, ਮਲਕੀਤ ਸਿੰਘ)-ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਾਕ ਦੇਵ ਜੀ ਦੇ ਅਵਤਾਰ ਪੁਰਬ ਨੂੰ ਸਮਰਪਿਤ ਨੀਲਧਾਰੀ ਸੇਵਕ ਸਭਾ ਵੱਲੋ ਸ੍ਰੀ ਗੁਰੂ ਗ੍ਰੰਥ ਸਹਿਬ ਜੀ ਦੀ ਛੱਤਰ-ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਨਗਰ ਕੀਰਤਨ ਸਜਾਇਆ ਗਿਆ।

ਨਗਰ ਕੀਰਤਨ ਦੀ ਆਰੰਭਤਾ ਸਰੋਵਰ ਵਾਲੇ ਗੁਰਦੁਆਰਾ ਤੋਂ ਹੋ ਕੇ ਪਿੰਡ ਦੇ ਚੁਫੇਰੇ ਤੋਂ ਗੁਰਦੁਆਰਾ ਭੋਰਾ ਸਾਹਿਬ, ਗੁਰਦੁਆਰਾ ਨਿਹਕਲੰਕ ਸਾਹਿਬ ਤੋਂ ਗੁਰੂ ਬਜ਼ਾਰ ਤੋਂ ਹੁੰਦਾ ਹੋਇਆ ਸਰੋਵਰ ਵਾਲਾ ਗੁਰਦੁਆਰਾ ਸਾਹਿਬ ਸਮਾਪਤ ਹੋਇਆ ਜਿਸ ਵਿਚ ਨੀਲ਼ਧਾਰੀ ਸੇਵਕ ਸਭਾ ਦੇ ਸੇਵਾਦਾਰ ਲਖਵਿੰਦਰ ਸਿੰਘ ਲੱਖਾ, ਕਵਲਨੈਣ ਸਿੰਘ, ਰਣਬੀਰ ਸਿੰਘ, ਬਲਦੇਵ ਸਿੰਘ, ਹਰਪਾਲ ਸਿੰਘ ਵਿਰਕ, ਨੀਲਧਾਰੀ ਸੰਪਰਦਾ ਦੇ ਵੱਲੋਂ ਸੰਤ ਗੁਰਨਾਮ ਸਿੰਘ, ਸੰਤ ਨਿਰੰਕਾਰ ਸਿੰਘ, ਸੰਤ ਲਾਲ ਸਿੰਘ, ਆਮ ਆਦਮੀ ਪਾਰਟੀ ਦੇ ਸਵਿੰਦਰ ਸਿੰਘ ਸਾਬਕਾ ਬਲਾਕ ਸੰਮਤੀ ਚੇਅਰਮੈਨ, ਜ਼ਿਲਾ ਪ੍ਰਧਾਨ ਰਮਨਦੀਪ ਸਿੰਘ ਸੰਧੂ, ਅਜੈਪਾਲ ਸਿੰਘ, ਮੈਂਬਰ ਪੰਚਾਇਤ ਸੁਲੱਖਣ ਸਿੰਘ ਰੰਧਾਵਾ, ਚਰਨਜੀਤ ਸਿੰਘ, ਬਲਜਿੰਦਰ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਸੈਕਰਡ ਹਾਰਟ ਕਾਨਵੈਂਟ ਸਕੂਲ 'ਚ ਸਾਲਾਨਾ ਖੇਡਾਂ ਕਰਵਾਈਆਂ

ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਸੈਕਰਟ ਹਾਰਟ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਠੱਕਰਪੁਰਾ ਪੱਟੀ ਵਿਖੇ ਪੜ੍ਹਾਈ ਦੇ ਨਾਲ-ਨਾਲ ਵਿਦਿਆਰਥੀਆਂ ਦੀ ਨਰੋਈ ਸਿਹਤ ਰੱਖਣ ਤੇ ਨਸ਼ਿਆਂ ਤੋਂ ਦੂਰ ਰੱਖਣ ਦੇ ਮੰਤਵ ਨਾਲ 25ਵੇਂ ਸਾਲਾਨਾ ਖੇਡ ਮੁਕਾਬਲੇ ਕਰਵਾਏ ਗਏ। ਇਨ੍ਹਾਂ ਖੇਡ ਮੁਕਾਬਲਿਆਂ 'ਚ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਅਤੇ ਉਨ੍ਹਾਂ ਦੀ ਪਤਨੀ ਸੁਰਿੰਦਰਪਾਲ ਕੌਰ ਭੁੱਲਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਖੇਡ ਮੁਕਾਬਲਿਆਂ ਦੌਰਾਨ ਵਿਦਿਆਰਥੀਆਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਲਾਲਜੀਤ ਸਿੰਘ ਭੁੱਲਰ ਨੇ ਭਾਸ਼ਣ ਦਿੰਦੇ ਹੋਏ ਬੱਚਿਆਂ ਨੂੰ ਖੇਡਾਂ ਦੇ ਫਾਇਦੇ ਦੱਸੇ ਅਤੇ ਉਨ੍ਹਾਂ ਦਾ ਹੌਰ ਮਾਣ ਵਧਾਇਆ। ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਹਰ ਜਮਾਤ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਭਾਗ ਲਿਆ ਅਤੇ ਕਈ ਖੇਡਾਂ ਵਿੱਚ ਮੱਲਾਂ ਮਾਰੀਆਂ। ਇਸ ਮੌਕੇ ਡਾਇਰੈਕਟਰ ਫਾਦਰ ਥੌਮਸ ਪੋਚਾਲਿਲ, ਫਾਦਰ ਰੌਬਿਨ, ਪ੍ਰਿੰਸੀਪਲ ਸਿਸਟਰ ਜੈਸਮੀਨ, ਸਿਸਟਰ ਨੇਹਾ, ਸਿਸਟਰ ਬੀਨਾ ਜੋਸ, ਕੋਚ ਅਵਤਾਰ ਸਿੰਘ, ਕੋਚ ਅਯੁਸ਼ ਸ਼ਰਮਾ, ਕੋਚ ਹਰਮੀਤ ਸਿੰਘ, ਕੋਚ ਕਰਨਬੀਰ ਸਿੰਘ, ਕੋਚ ਕਰਨਜੀਤ ਸਿੰਘ, ਕੋਚ ਦਲਬੀਰ ਕੌਰ ਅਤੇ ਸਟਾਫ ਨੇ ਖੇਡਾਂ ਵਿੱਚ ਭਾਗ ਲੈ ਰਹੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਬਾਕੀ ਵਿਦਿਆਰਥੀਆਂ ਨੂੰ ਖੇਡਾਂ 'ਚ ਭਾਗ ਲੈਣ ਦੀ ਪ੍ਰੇਰਨਾ ਦਿੱਤੀ।

# ਗੁਰਪੁਰਬ ਨੂੰ ਸਮਰਪਿਤ ਪਾਠਾਂ ਦੀ ਸੰਪੂਰਨਤਾ

**ਤਰਨਤਾਰਨ (ਸਾਗਰਦੀਪ ਸਿੰਘ ਅਰੋੜਾ)**-ਗੁਰਦੁਆਰਾ ਖਡੇ ਦਾ ਖਾਲਸਾ ਖੂਹ ਕਵੀਰਾਜ ਭਾਈ ਧੰਨਾ ਸਿੰਘ ਜੀ ਦੇ ਪਾਵਨ ਅਸਥਾਨ ਦੇ ਮੁੱਖ ਸੇਵਾਦਾਰ ਮਹਾਂਪੁਰਸ਼ ਬਾਬਾ ਸਤਨਾਮ ਸਿੰਘ ਦੀ ਪ੍ਰੇਰਨਾ ਸਦਕਾ ਅਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਪਹਿਲੇ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਜੋ ਕਿ 9 ਅਕਤੂਬਰ ਨੂੰ ਆਰੰਭ ਹੋਏ ਸਨ, ਦੀ ਸੰਪੂਰਨਤਾ ਸੋਮਵਾਰ ਨੂੰ ਕੀਤੀ ਗਈ। ਮਹਾਂਪੁਰਖਾਂ ਦੇ ਭੁਜੰਗੀ ਬਾਬਾ ਦਿਲਬਾਗ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਗੁਰਦੁਆਰਾ ਖੜੇ ਦਾ ਖਾਲਸਾ ਵਿਖੇ ਤਕਰੀਬਨ 680 ਪ੍ਰਾਣੀਆਂ ਵੱਲੋਂ ਕੀਤੇ ਗਏ ਹਨ। ਗੁਰਦੁਆਰਾ ਖੜੇ ਦਾ ਖਾਲਸਾ ਤੋਂ ਇਲਾਵਾ 15 ਹ

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਰਾਮਪੁਰਾ ਫੂਲ ਵਿਸ਼ੇਸ਼ ਸਪਲੀਮੈਂਟ

## ਸੰਦੇਸ਼

ਸਿਕੰਦਰ ਸਿੰਘ ਮਲੂਕਾ
ਸਾਬਕਾ ਕੈਬਨਿਟ ਮੰਤਰੀ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸ਼ੁੱਭ ਦਿਹਾੜੇ 'ਤੇ ਅਦਾਰਾ 'ਨਵਾਂ ਜ਼ਮਾਨਾ' ਵੱਲੋਂ ਰਾਮਪੁਰਾ ਫੂਲ ਦਾ ਸਪਲੀਮੈਂਟ ਕੱਢਣ 'ਤੇ ਸਮੂਹ ਇਲਾਕਾ ਨਿਵਾਸੀਆਂ ਅਤੇ ਪੱਤਰਕਾਰ ਦਰਸ਼ਨ ਜਿੰਦਲ ਨੂੰ ਵਧਾਈਆਂ ਦਿੰਦਾ ਹਾਂ। ਬਾਬਾ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਕਿਰਤ ਕਰੋ, ਨਾਮ ਜਪੋ ਅਤੇ ਵੰਡ ਕੇ ਛਕੋ ਦੇ ਉਪਦੇਸ਼ ਨੂੰ ਘਰ-ਘਰ ਪਹੁੰਚਾਉਣਾ ਚਾਹੀਦਾ ਹੈ। ਸਾਰੀਆਂ ਸੰਗਤਾਂ ਨੂੰ ਸੱਚ ਦੇ ਮਾਰਗ 'ਤੇ ਚੱਲ ਕੇ ਆਪਣੇ ਜੀਵਨ ਨੂੰ ਸਫਲ ਬਣਾਉਣਾ ਚਾਹੀਦਾ ਹੈ।

ਸੁਖਮੰਦਰ ਸਿੰਘ ਚੱਠਾ
ਐਮ ਡੀ ਫਤਿਹ ਗਰੁੱਪ

## ਜਿਨ੍ਹਾਂ 'ਤੇ ਸਾਨੂੰ ਮਾਣ ਹੈ

ਰਾਕੇਸ਼ ਸਹਾਰਾ, ਸਮਾਜ ਸੇਵੀ
ਸੁਰੇਸ਼ ਕਮਾਰ ਬਾਹੀਆ, ਸਾਬਕਾ ਪ੍ਰਧਾਨ ਨਗਰ ਕੌਂਸਲ
ਹੈਪੀ ਬਾਂਸਲ, ਸਮਾਜ ਸੇਵੀ
ਨਰੇਸ਼ ਕੁਮਾਰ, ਸੀ ਏ ਸਮਾਜ ਸੇਵੀ
ਦਰਸ਼ਨ ਬਾਂਸਲ, ਜ਼ਨਲ ਸਕੱਤਰ ਜ਼ਿਲ੍ਹਾ ਕਾਂਗਰਸ ਕਮੇਟੀ, ਬਠਿੰਡਾ
ਮੱਖਣ ਜ਼ਿੰਦਲ, ਸਮਾਜ ਸੇਵੀ
ਦੀਪਕ ਸਰਾਫ਼, ਸਮਾਜ ਸੇਵੀ
ਜਗਦੇਵ ਸਿੰਘ ਸਿੱਧੂ, ਐਡਵੋਕੇਟ ਸਾਬਕਾ ਲੈਕਚਰੰਰ ਪੰਜਾਬ ਪੁਲਸ ਕਾਲਜ
ਸੀਤਾ ਰਾਮ ਦੀਪਕ, ਪ੍ਰਧਾਨ ਜਨ ਕਲਿਆਣ ਸਭਾ
ਅਜੀਤ ਅੱਗਰਵਾਲ, ਸਮਾਜ ਸੇਵੀ
ਐਡਵੋਕੇਟ ਰਜਿੰਦਰ ਗੋਇਲ, ਸਮਾਜ ਸੇਵੀ
ਸੋਨਾਲੀ ਮਿੱਤਲ, ਸਾਬਕਾ ਐਮ ਸੀ, ਰਾਮਪੁਰਾਫੂਲ
ਤਰਸੇਮ ਸ਼ਰਮਾ, ਪ੍ਰਧਾਨ
ਉਮੇਸ਼ ਸਿੰਗਲਾ ਪ੍ਰਧਾਨ, ਪ੍ਰੌਸ ਕਲੱਬ, ਰਾਮਪੁਰਾ ਫੂਲ
ਹਰਪ੍ਰੀਤ ਸ਼ਰਮਾ, ਪੱਤਰਕਾਰ
ਇੰਦਰਜੀਤ ਸਿੰਘ ਬਰਾੜ, ਚੇਅਰਮੈਨ ਸਿਲਵਰ ਔਕਸ ਸਕੂਲ
ਇੰਜ. ਅਵਤਾਰ ਸਿੰਘ ਢਿੱਲੋਂ, ਸਮਾਜ ਸੇਵੀ
ਕੁਲਵੰਤ ਸਿੰਘ ਚੇਅਰਮੈਨ, ਮਾਤਾ ਸੁੰਦਰੀ ਗਰੁੱਪ ਦੱਡੋ
ਰਾਜੂ ਜੇਠੀ, ਯੂਥ ਪ੍ਰਧਾਨ ਕਿਊਸ਼ਿਲ ਰਾਈਟ ਕੌਂਸਲ
ਰਾਮ ਨਾਥ ਜ਼ਿੰਦਲ, ਸਮਾਜ ਸੇਵੀ
ਡਾ. ਅਜੈ ਕੁਮਾਰ ਗਰਗ, ਸਮਾਜ ਸੇਵੀ
ਮਹਿਰ ਚੰਦ ਬਾਹੀਆ, ਸਮਾਜ ਸੇਵੀ
ਭਾਰਤ ਭੂਸ਼ਣ ਗਰਗ, ਸਮਾਜ ਸੇਵੀ
ਸਿਧਾਰਥ, ਸਮਾਜ ਸੇਵੀ
ਪ੍ਰਧਾਨ ਰਾਕੇਸ਼ ਤਾਇਲ, ਪੁਨਰ ਜੋਤੀ ਹਸਪਤਾਲ
ਬਲਵਿੰਦਰ ਸਿੰਘ ਕੋਟੜਾ, ਪ੍ਰਧਾਨ
ਪ੍ਰੀਤਮ ਸਿੰਘ ਆਰਟਿਸਟ, ਖੂਨਦਾਨੀ
ਸੁਰਿੰਦਰ ਧੀਰ, ਸਮਾਜ ਸੇਵੀ
ਪਵਨ ਮਹਿਤਾ, ਖੂਨਦਾਨੀ
ਡਾ. ਗੁਰਮੇਲ ਸਿੰਘ, ਭਾਈ ਘਨੱਈਆ ਸੇਵਾ ਦਲ

## ਸੰਦੇਸ਼

ਬਲਕਾਰ ਸਿੰਘ ਸਿੱਧੂ
ਵਿਧਾਇਕ, ਰਾਮਪੁਰਾ ਫੂਲ

ਗੁਰੂ ਨਾਨਕ ਦੇਵ ਜੀ ਦੇ ਜਨਮ ਦਿਵਸ ਦੇ ਪਵਿੱਤਰ ਦਿਹਾੜੇ 'ਤੇ ਰਾਮਪੁਰਾ ਫੂਲ ਦਾ ਸਪਲੀਮੈਂਟ ਕੱਢਣ 'ਤੇ ਅਦਾਰਾ 'ਨਵਾਂ ਜ਼ਮਾਨਾ' ਦੇ ਪੱਤਰਕਾਰ ਦਰਸ਼ਨ ਜ਼ਿੰਦਲ ਅਤੇ ਸਮੂਹ ਇਲਾਕਾ ਨਿਵਾਸੀਆਂ ਨੂੰ ਲੱਖ-ਲੱਖ ਵਧਾਈ ਦਿੰਦਾ ਹਾਂ। ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਦਰਸਾਏ ਸੱਚ ਦੇ ਮਾਰਗ 'ਤੇ ਚੱਲਣ ਦੀ ਅਪੀਲ ਕਰਦਾ ਹਾਂ। ਸਾਡੀ ਧਰਤੀ ਨੂੰ ਵੀ ਇਸ ਗੱਲ ਦਾ ਮਾਣ ਹੈ ਕਿ ਇੱਥੇ ਭਗਵਾਨ, ਅਵਤਾਰਾਂ, ਰਿਸ਼ੀਆਂ, ਮੁਨੀਆਂ, ਪੀਰ ਪੈਗੰਬਰਾਂ, ਫਕੀਰਾਂ, ਯੋਧਿਆਂ ਨੇ ਜਨਮ ਲਿਆ ਹੈ।

ਜਸਕਰਨ ਬਾਂਸਲ (ਜੱਸੀ ਬਾਬਾ)
ਉੱਘੇ ਸਮਾਜ ਸੇਵੀ
ਰਾਮਪੁਰਾ ਫੂਲ

## ਧੰਨਵਾਦ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਰਾਮਪੁਰਾ ਫੂਲ ਤੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਚ ਜਿਨ੍ਹਾਂ ਸੱਜਣਾਂ ਮਿੱਤਰਾਂ ਨੇ ਮੈਨੂੰ ਆਪਣਾ ਵੱਡਮੁੱਲਾ ਸਹਿਯੋਗ ਦਿੱਤਾ ਮੈਂ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦੀ ਹਾਂ ਤੇ ਆਸ ਕਰਦਾ ਹਾਂ ਕਿ ਉਹ ਅੱਗੇਂ ਤੋਂ ਵੀ ਮੈਨੂੰ ਇਸੇ ਤਰ੍ਹਾਂ ਸਹਿਯੋਗ ਦਿੰਦੇ ਰਹਿਣਗੇ। ਵਿਸ਼ਵਾਸ ਦਿਵਾਉਂਦਾ ਹਾਂ ਕਿ ਮੈਂ ਆਪਣੇ ਵੱਲੋਂ ਹੋਰ ਵੀ ਵਧੀਆ ਸੇਵਾਵਾਂ ਦੇਣ ਲਈ ਯਤਨਸ਼ੀਲ ਰਹਾਂਗਾ।

**ਦਰਸ਼ਨ ਜਿੰਦਲ**
ਪੱਤਰਕਾਰ, ਰਾਮਪੁਰਾ ਫੂਲ, ਮੋਬਾ. 94172-27460,78140-22691
Email : dkjindal27460@gmail.com

ਪ੍ਰਕਾਸ਼ ਪੁਰਬ ਦੀਆਂ ਲੱਖ-ਲੱਖ ਵਧਾਈਆਂ

**Garg`s Timber Store**

ਇਮਾਰਤੀ ਲੱਕੜ ਦਾ ਟਿੰਬਰ ਸਟੋਰ
ਨੇੜੇ ਮੈਰੀਲੈਂਡ ਰੈਸਟੋਰੈਂਟ, ਬਰਨਾਲਾ ਰੋਡ ਰਾਮਪੁਰਾ ਫੂਲ

Bhart Bhushan Garg
District President, Bhartiya Janta party, Bhathinda (R)
Mob. : 92168-21326

ਅਧੁਨਿਕ ਸਹੂਲਤਾਂ ਨਾਲ ਉੱਪਲਬਧ ਇਲਾਕੇ ਦੀ ਸਿਰਮੌਰ ਵਿੰਦਿਆਕ ਸੰਸਥਾਂ

**ਡੀ.ਐਮ. ਗਰੁੱਪ ਆਫ ਇੰਸਟੀਚਿਊਸ਼ਨਜ਼**

ਕਰਾੜਵਾਲਾ (ਬਠਿੰਡਾ)

(ਸੀ.ਬੀ.ਐਸ.ਈ ਬੋਰਡ ਦਿੱਲੀ ਤੋਂ ਮਾਨਤਾ ਪ੍ਰਾਪਤ)

ਵਿੱਦਿਆ ਇਨਸਾਨ ਦਾ ਤੀਜਾ ਨੇਤਰ, ਅਪਣੇ ਬੱਚਿਆਂ ਨੂੰ ਚੰਗੀ ਅਤੇ ਮਿਆਰੀ ਸਿੱਖਿਆ ਦੇ ਕੇ ਸਮੇਂ ਦੇ ਹਾਣੀ ਬਣਾਓ

ਇੰਜ: ਅਵਤਾਰ ਸਿੰਘ ਢਿੱਲੋ
ਐਮ.ਡੀ, ਡੀ.ਐਮ.ਗਰੁੱਪ ਆਫ ਇਸਟੀਚਿਊਸ਼ਨਜ ਕਰਾੜਵਾਲਾ

ਇੰਜ: ਅਮਰੀਕ ਸਿੰਘ ਢਿੱਲੋ
ਇੰਚਾਰਜ ਬੀ.ਐੱਡ ਗਰੁੱਪ ਡੀ.ਐਮ.ਗਰੁੱਪ ਆਫ ਇਸਟੀਚਿਊਸ਼ਨਜ ਕਰਾੜਵਾਲਾ

PROGRESS | PLACE | PROSPERITY
Silver Oaks School
BHUCHO
Wishes you a very
Happy Gurpurab
May Sri Guru Nanak Dev ji Bless You & Your Family with Joy , Peace and Happiness

ਅਦਾਰਾ 'ਨਵਾਂ ਜ਼ਮਾਨਾ' ਵੱਲੋਂ ਗੁਰਪੁਰਬ ਦੇ ਸ਼ੁੱਭ ਦਿਹਾੜੇ 'ਤੇ ਰਾਮਪੁਰਾ ਫੂਲ ਇਲਾਕੇ ਦਾ ਸਪਲੀਮੈਂਟ ਕੱਢਣ 'ਤੇ ਸਮੂਹ ਇਲਾਕਾ ਨਿਵਾਸੀਆਂ ਅਤੇ ਪੱਤਰਕਾਰ ਦਰਸ਼ਨ ਜਿੰਦਲ ਨੂੰ ਲੱਖ-ਲੱਖ ਵਧਾਈਆਂ

ਡਾ: ਅਜੈ ਕੁਮਾਰ ਗਰਗ, ਚੇਅਰਮੈਨ
ਹਰਭਜਨ ਸਿੰਘ ਸਿੱਧੂ, ਪ੍ਰਧਾਨ
ਮਿਹਰ ਚੰਦ ਬਾਹੀਆ, ਰਿਟਾ. ਮੁੱਖ ਅਧਿਆਪਕ ਕੇਸ਼ੀਅਰ
ਕਾਮਰੇਡ ਸੁਰਜੀਤ ਸਿੰਘ, ਦਫ਼ਤਰ ਸਕੱਤਰ

**ਸਾਂਝੀਆਂ ਜਨਤਕ ਮੀਟਿੰਗਾਂ ਲਈ**

ਪ੍ਰਿੰਸੀਪਲ ਕਾਮਰੇਡ ਕਰਮ ਸਿੰਘ ਗਰੇਵਾਲ ਦੀ ਰਹਿਨੁਮਾਈ ਹੇਠ ਬਣਿਆ ਚਾਨਣ ਮੁਨਾਰਾ

ਸਵ. ਕਾਮਰੇਡ ਰੂਪ ਸਿੰਘ ਮਹਿਰਾਜ
ਸਾਬਕਾ ਪ੍ਰਧਾਨ

## ਮਾਸਟਰ ਬਾਬੂ ਸਿੰਘ ਯਾਦਗਾਰੀ ਭਵਨ, ਰਾਮਪੁਰਾ ਫੂਲ

ਇਸ ਭਵਨ ਵਿੱਚ ਇੱਕ ਲਾਇਬਰੇਰੀ ਹੈ, ਜਿਸ ਵਿੱਚ ਮਾਰਕਸਵਾਦ ਅਤੇ ਲੈਨਿਨਵਾਦ ਅਤੇ ਤਰਕਸ਼ੀਲ ਸਾਹਿਤ ਦੀਆਂ ਅਨਮੋਲ ਕਿਤਾਬਾਂ ਦਾ ਭੰਡਾਰ ਹੈ। ਇੱਥੇ ਸੀ ਪੀ ਆਈ ਦਾ ਦਫ਼ਤਰ ਹੈ। ਇੱਥੇ ਆਮ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਉਨ੍ਹਾਂ ਦਾ ਹੱਲ ਲੱਭਿਆ ਜਾਂਦਾ ਹੈ। ਇੱਥੇ ਜਨਤਕ ਮੀਟਿੰਗਾਂ ਲਈ ਏ ਸੀ ਹਾਲ ਹੈ।

ਸੰਘਰਸ਼ਾਂ ਦਾ ਮੋਹਰੀ ਸਵਰਗਵਾਸੀ ਪ੍ਰਿੰਸੀਪਲ ਕਾਮਰੇਡ ਕਰਮ ਸਿੰਘ ਗਰੇਵਾਲ

ਸਿਧਾਰਥ

ਗਾਹਕ ਦੀ ਤਸੱਲੀ ਹੀ ਸਾਡਾ ਮੁੱਖ ਉਦੇਸ਼ ਹੈ। ਸਿਲੰਡਰ ਲੈਣ ਤੋਂ ਪਹਿਲਾਂ ਸੀਲ ਚੈਕ ਕਰੋ ਸਿਲੰਡਰ ਦਾ ਵਜ਼ਨ ਚੈਕ ਕਰੋ। ਰਾਤ ਨੂੰ ਸੌਣ ਤੋਂ ਪਹਿਲਾਂ ਰੇਗੂਲੇਟਰ ਬੰਦ ਕਰੋ।

**ਅਜੀਤ ਇੰਡੇਨ ਗੈਸ ਸਰਵਿਸ**
ਨੇੜੇ ਸ਼ਹੀਦ ਸਮਾਰਕ ਕਾਲਜ ਰਾਮਪੁਰਾ ਫੂਲ
ਸੰਪਰਕ : 01651-233100, 233101

ALLOY STEEL CASTINGS
An INDIN ISO 9001:2008 & 14001:2004 certified co.
MANUFACTURING FROM LAST 41 YEARS
any shape any steel as per standred or to customer satisfaction exporting to

Deepak Saraf
MD
Navroj Garg Director  Karan Garg Director
MULTIMELT STEELS (P) LTD.
Rampura phul, punjab, india
multimelt@gmail.com

ਅਦਾਰਾ ਨਵਾਂ ਜ਼ਮਾਨਾ ਵੱਲੋਂ ਗੁਰਪੁਰਬ ਦੇ ਸ਼ੁੱਭ ਦਿਹਾੜੇ 'ਤੇ ਰਾਮਪੁਰਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਸਮੂਹ ਇਲਾਕਾ ਨਿਵਾਸੀਆਂ ਅਤੇ ਪੱਤਰਕਾਰ ਦਰਸ਼ਨ ਜਿੰਦਲ ਨੂੰ ਲੱਖ-ਲੱਖ ਵਧਾਈਆਂ

ਨਰੇਸ਼ ਗਰਗ, ਪ੍ਰਧਾਨ
ਧਰਮਿੰਦਰ ਕੁਮਾਰ, ਮੀਤ ਪ੍ਰਧਾਨ

ਵੱਲੋਂ
**ਹਲਵਾਈ ਯੂਨੀਅਨ**
ਰਾਮਪੁਰਾ ਫੂਲ

ਅਦਾਰਾ ਨਵਾਂ ਜ਼ਮਾਨਾ ਵੱਲੋਂ ਗੁਰਪੁਰਬ ਦੇ ਸ਼ੁੱਭ ਦਿਹਾੜੇ 'ਤੇ ਰਾਮਪੁਰਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਸਮੂਹ ਇਲਾਕਾ ਨਿਵਾਸੀਆਂ ਅਤੇ ਪੱਤਰਕਾਰ ਦਰਸ਼ਨ ਜਿੰਦਲ ਨੂੰ ਲੱਖ-ਲੱਖ ਵਧਾਈਆਂ

ਸਿਕੰਦਰ ਸਿੰਘ ਮਲੂਕਾ
ਸਾਬਕਾ ਕੈਬਨਿਟ ਮੰਤਰੀ

ਰਾਮ ਨਾਥ ਜ਼ਿੰਦਲ
ਸੀਨੀਅਰ ਅਕਾਲੀ ਆਗੂ

ਵੱਲੋਂ
**ਹੈਪੀ ਬਾਂਸਲ**
ਸਾਬਕਾ ਪ੍ਰਧਾਨ ਨਗਰ ਕੌਂਸਲ, ਰਾਮਪੁਰਾ ਫੂਲ

ਅਦਾਰਾ ਨਵਾਂ ਜ਼ਮਾਨਾ ਵੱਲੋਂ ਗੁਰਪੁਰਬ ਦੇ ਸ਼ੁੱਭ ਦਿਹਾੜੇ 'ਤੇ ਰਾਮਪੁਰਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਸਮੂਹ ਇਲਾਕਾ ਨਿਵਾਸੀਆਂ ਅਤੇ ਪੱਤਰਕਾਰ ਦਰਸ਼ਨ ਜਿੰਦਲ ਨੂੰ ਲੱਖ-ਲੱਖ ਵਧਾਈਆਂ

ਵੱਲੋਂ
**ਰਜੇਸ਼ ਗੋਇਲ**
ਸਮਾਜ ਸੇਵੀ
ਰਾਮਪੁਰਾ ਫੂਲ

ਅਦਾਰਾ ਨਵਾਂ ਜ਼ਮਾਨਾ ਵੱਲੋਂ ਗੁਰਪੁਰਬ ਦੇ ਸ਼ੁੱਭ ਦਿਹਾੜੇ 'ਤੇ ਰਾਮਪੁਰਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਸਮੂਹ ਇਲਾਕਾ ਨਿਵਾਸੀਆਂ ਅਤੇ ਪੱਤਰਕਾਰ ਦਰਸ਼ਨ ਜਿੰਦਲ ਨੂੰ ਲੱਖ-ਲੱਖ ਵਧਾਈਆਂ

ਡਾ: ਹਰਦੇਵ ਸ਼ਰਮਾ, ਸੂਬਾ ਕਮੇਟੀ ਮੈਂਬਰ
ਡਾ. ਜਗਤਾਰ ਸਿੰਘ ਫੂਲ, ਜ਼ਿਲ੍ਹਾ ਚੇਅਰਮੈਨ, ਬਠਿੰਡਾ
ਡਾ. ਚਮਕੌਰ ਸਿੰਘ, ਬਲਾਕ ਪ੍ਰਧਾਨ
ਡਾ. ਦੇਵ ਰਾਜ, ਜਨ. ਸਕੱਤਰ
ਡਾ. ਕੌਰ ਸਿੰਘ ਫੂਲ, ਕੈਸ਼ੀਅਰ
ਡਾ. ਮਲਕੀਤ ਸਿੰਘ, ਸੀਨੀ. ਮੀਤ ਪ੍ਰਧਾਨ
ਡਾ. ਰਵੇਲ ਸਿੰਘ, ਸਲਾਹਕਾਰ
ਡਾ. ਹਰਜਿੰਦਰ ਸਿੰਘ, ਸਲਾਹਕਾਰ
ਡਾ. ਹਰਵਿੰਦਰ ਸਿੰਘ, ਸਹਾਇਕ ਕੈਸ਼ੀਅਰ
ਡਾ. ਇਕਬਾਲ ਸਿੰਘ, ਪ੍ਰਚਾਰ ਸਕੱਤਰ

ਵੱਲੋਂ : ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ (ਰਜਿ:) ਬਲਾਕ ਰਾਮਪੁਰਾ ਫੂਲ

ਅਦਾਰਾ ਨਵਾਂ ਜ਼ਮਾਨਾ ਵੱਲੋਂ ਗੁਰਪੁਰਬ ਦੇ ਸ਼ੁੱਭ ਦਿਹਾੜੇ 'ਤੇ ਰਾਮਪੁਰਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਸਮੂਹ ਇਲਾਕਾ ਨਿਵਾਸੀਆਂ ਅਤੇ ਪੱਤਰਕਾਰ ਦਰਸ਼ਨ ਜਿੰਦਲ ਨੂੰ ਲੱਖ-ਲੱਖ ਵਧਾਈਆਂ

ਵੱਲੋਂ
ਟੀਨਾ ਬਾਠ
ਬਾਠ ਫਰੂਟ ਕੰਪਨੀ ਸਬਜ਼ੀ ਮੰਡੀ, ਰਾਮਪੁਰਾ ਫੂਲ

**FATEH GROUP OF INSTITUTIONS**
(Affiliated to Punjabi University, Patiala)
MAUR ROAD, RAMPURA PHUL, DISTT. BATHINDA (PUNJAB)
www.fatehgroup.in, E-mail- fatehcollege@fatehgroup.in




**Mata Sundri Group of Institutions**
**Dhade, Bathinda (PB)**

National Awards Winner College, Programme Officer & Volunteers

MATA SUNDRI INSTITUTIONS OF NURSING
(Affiliated to INC Delhi, PNRC Punjab Govt.)
COURSES
GNM (NURSING), ANM (NURSING)
MATA SUNDRI GIRLS SEN. SEC. SCHOOL
(Affiliated to PSEB, Mohali)
Classes 9th to 10th
10+1, 10+2 ( All Streams)
MATA SUNDRI GIRLS COLLEGE OF EDUCATION
(Affiliated to Punjabi University, Patiala)
B.Ed.
MATA SUNDRI GIRLS COLLEGE
(Affiliated to Punjabi University, Patiala)
Admission Open
Session (2022-23)
B.A.
BCA
B.Sc. (CSM)
B.Sc. (Fashion Tech.)
B.Com (Reg.)
B.Sc. (Non. Medical)
B.Sc. (Medical)
M.A. (Punjabi)
M.A. (Political Science)
M.A. (English)
M.Sc. (IT)
M.Sc (IT) (Lateral Entry)
M.Sc. (Fashion Designing)
PGDCA
MATA SUNDRI CONVENT SCHOOL
Affiliated to CBSE New Delhi, Affiliation No. 1631186
Pre-Nursery to 8th
M.84273-51000, 97794-85000, 87250-39998, 87250-39995

ਅਦਾਰਾ ਨਵਾਂ ਜ਼ਮਾਨਾ ਵੱਲੋਂ ਗੁਰਪੁਰਬ ਦੇ ਸ਼ੁੱਭ ਦਿਹਾੜੇ 'ਤੇ ਰਾਮਪੁਰਾਫੂਲ ਦਾ ਸਪਲੀਮੈਂਟ ਕੱਢਣ 'ਤੇ ਸਮੂਹ ਇਲਾਕਾ ਨਿਵਾਸੀਆਂ ਅਤੇ ਦਰਸ਼ਨ ਜਿੰਦਲ ਨੂੰ ਲੱਖ-ਲੱਖ ਵਧਾਈਆਂ

**ਰੋਇਲ ਗਰੀਨ ਸਿਟੀ, ਰਾਮਪੁਰਾ ਫੂਲ**

ਗੌਰਮਿੰਟ ਤੋਂ ਮਨਜ਼ੂਰ ਸ਼ੁਦਾ ਰਿਹਾਇਸ਼ੀ ਕਾਲੋਨੀ

ਖੁੱਲ੍ਹੀਆਂ-ਡੁੱਲ੍ਹੀਆਂ ਸੜਕਾਂ, ਗਰੀਨਰੀ ਨਾਲ ਭਰਪੂਰ, ਰਿਹਾਇਸ਼ੀ ਜ਼ਿੰਦਗੀ ਦੀ ਹਰ ਸਹੂਲਤ ਮੌਜੂਦ।

ਅਰਵਿੰਦ ਕੇਜਰੀਵਾਲ,
ਮੁੱਖ ਮੰਤਰੀ ਦਿੱਲੀ ਰਾਸ਼ਟਰੀ ਕਨਵੀਨਰ ਆਪ

ਭਗਵੰਤ ਮਾਨ, ਮੁੱਖ ਮੰਤਰੀ ਪੰਜਾਬ

ਅਦਾਰਾ ਨਵਾਂ ਜ਼ਮਾਨਾ ਵੱਲੋਂ ਗੁਰਪੁਰਬ ਦੇ ਸ਼ੁੱਭ ਦਿਹਾੜੇ 'ਤੇ ਰਾਮਪੁਰਾ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਸਮੂਹ ਇਲਾਕਾ ਨਿਵਾਸੀਆਂ ਅਤੇ ਪੱਤਰਕਾਰ ਦਰਸ਼ਨ ਜਿੰਦਲ ਨੂੰ ਲੱਖ-ਲੱਖ ਵਧਾਈਆਂ

ਵੱਲੋਂ : ਇੰਦਰਜੀਤ ਮਾਨ ਚੇਅਰਮੈਨ ਪੰਜਾਬ ਖਾਦੀ ਬੋਰਡ ਅਤੇ ਗ੍ਰਾਮੀਣ ਉਦਯੋਗ ਬੋਰਡ, ਰਾਮਪੁਰਾ ਫੂਲ